21-DEC-PAGE-1.qxd 12/20/2023 9:27 PM Page 1

ਵੀਰਵਾਰ, 21 ਦਸੰਬਰ, 2023
6 ਪੋਹ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 201

ਨਵਾਂ ਜ਼ਮਾਨਾ

DAILY NAWAN ZAMANA • THURSDAY, 21 DECEMBER, 2023 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : Pb/JL-123/2021-23, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

ਪ੍ਰਧਾਨ ਮੰਤਰੀ ਵੀ ਨਕਲਾਂ ਲਾਹੁੰਦੇ ਰਹੇ : ਬੈਨਰਜੀ

ਨਵੀਂ ਦਿੱਲੀ : ਤ੍ਰਿਣਮੂਲ ਕਾਂਗਰਸ ਦੇ ਸੰਸਦ ਮੈਂਬਰ ਕਲਿਆਣ ਬੈਨਰਜੀ ਨੇ ਬੁੱਧਵਾਰ ਕਿਹਾ ਕਿ ਨਕਲ ਲਾਹੁਣਾ ਅਪਰਾਧ ਨਹੀਂ ਹੈ, ਉਹ (ਭਾਜਪਾ) ਅਸਲ ਮਾਮਲੇ ਨੂੰ ਭਟਕਾਉਣ ਦੀ ਕੋਸ਼ਿਸ਼ ਕਰ ਰਹੇ ਹਨ।

ਉਨ੍ਹਾ ਕਿਹਾ-ਕੀ ਵਿਰੋਧੀ ਸੰਸਦ ਮੈਂਬਰਾਂ ਦੀ ਮੁਅੱਤਲੀ ਸਹੀ ਹੈ? ਮੈਂ ਸਪੱਸ਼ਟ ਕਰ ਦੇਵਾਂ ਕਿ ਉਪ ਰਾਸ਼ਟਰਪਤੀ ਅਤੇ ਕਿਸੇ ਹੋਰ ਦੇ ਅਕਸ ਨੂੰ ਸੱਟ ਮਾਰਨ ਦਾ ਬਿਲਕੁਲ ਕੋਈ ਇਰਾਦਾ ਨਹੀਂ ਸੀ, ਮੈਂ ਸੰਵਿਧਾਨਕ ਅਹੁਦਿਆਂ ਦਾ ਸਨਮਾਨ ਕਰਦਾ ਹਾਂ।

ਉਨ੍ਹਾਂ ਨਾਲ ਹੀ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਜ਼ਿਕਰ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ 2014 ਤੋਂ 2019 ਦੇ ਵਿਚਕਾਰ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾਵਾਂ ਦੀ ਨਕਲ ਉਤਾਰਦੇ ਰਹੇ ਹਨ। ਉਨ੍ਹਾ ਜਦੋਂ ਅਜਿਹਾ ਕੀਤਾ ਤਾਂ ਸਾਰਿਆਂ ਨੇ ਇਸ ਨੂੰ ਮਜ਼ਾਕ ਵਜੋਂ ਲਿਆ, ਨਾ ਕਿ ਗੰਭੀਰਤਾ ਨਾਲ। ਹੁਣ ਉਹ ਮੇਰੇ ਮਾਮਲੇ 'ਚ ਇਸ ਨੂੰ ਗੰਭੀਰਤਾ ਨਾਲ ਲੈ ਰਹੇ ਹਨ।

ਇਸੇ ਦੌਰਾਨ ਰਾਜ ਸਭਾ ਦੇ ਚੇਅਰਮੈਨ ਤੇ ਉਪ ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਹੈ ਕਿ ਕੋਈ ਉਨ੍ਹਾ ਦੀ ਕਿੰਨੀ ਵੀ ਬੇਇੱਜ਼ਤੀ ਕਰ ਲਵੇ, ਉਹ ਖੂਨ ਦਾ ਘੁੱਟ ਭਰ ਲੈਣਗੇ ਪਰ ਉਹ

ਇਹ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ ਕਿ ਕੋਈ ਉਪ ਰਾਸ਼ਟਰਪਤੀ ਦੇ ਅਹੁਦੇ ਦੀ ਮਰਿਆਦਾ ਦੀ ਉਲੰਘਣਾ ਕਰੇ। ਸੰਸਦ ਦੀ ਸੁਰੱਖਿਆ 'ਚ ਸੰਨ੍ਹ ਦੇ ਮੁੱਦੇ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਬਿਆਨ ਦੀ ਮੰਗ ਨੂੰ ਲੈ ਕੇ ਵਿਰੋਧੀ ਮੈਂਬਰਾਂ ਦੇ ਹੰਗਾਮੇ ਤੋਂ ਬਾਅਦ ਜਦੋਂ ਉਪਰਲੇ ਸਦਨ ਦੀ ਕਾਰਵਾਈ 11.45 ਵਜੇ ਮੁੜ ਸ਼ੁਰੂ ਹੋਈ ਤਾਂ ਕਾਂਗਰਸ ਦੇ ਦਿਗਵਿਜੇ ਸਿੰਘ ਨੇ ਮੁੜ ਵਿਰੋਧੀ ਧਿਰ ਦੀ ਮੰਗ ਨੂੰ ਦੁਹਰਾਇਆ। ਇਸ 'ਤੇ ਧਨਖੜ ਨੇ ਸੰਸਦ ਕੰਪਲੈਕਸ 'ਚ ਕੁਝ ਸੰਸਦ ਮੈਂਬਰਾਂ ਦੇ 'ਮਾੜੇ ਵਿਵਹਾਰ' ਦੀ ਘਟਨਾ ਵੱਲ ਇਸ਼ਾਰਾ ਕਰਦਿਆਂ ਕਿਹਾ ਕਿ ਦਿਗਵਿਜੈ ਸਿੰਘ ਨੂੰ ਇਸ ਗੱਲ ਦਾ ਅਹਿਸਾਸ ਵੀ ਨਹੀਂ ਹੈ ਕਿ ਉਨ੍ਹਾ ਨੂੰ ਕਿੰਨਾ ਦੁੱਖ ਹੋਇਆ ਹੈ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਧਨਖੜ ਨੂੰ ਫੋਨ ਕਰਕੇ ਉਨ੍ਹਾ ਦਾ ਮਜ਼ਾਕ ਉਡਾਉਣ 'ਤੇ ਡੂੰਘਾ ਦੁੱਖ ਪ੍ਰਗਟਾਇਆ। ਧਨਖੜ ਨੇ ਕਿਹਾ-ਮੈਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜੀ ਦਾ ਫੋਨ ਆਇਆ। ਉਨ੍ਹਾ ਨੇ ਕੁਝ ਮਾਣਯੋਗ ਸੰਸਦ ਮੈਂਬਰਾਂ ਵੱਲੋਂ ਪਵਿੱਤਰ ਸੰਸਦ ਕੰਪਲੈਕਸ 'ਚ ਕੀਤੇ ਗਏ ਡਰਾਮੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਹ ਖੁਦ ਵੀ ਕਰੀਬ ਵੀਹ ਸਾਲਾਂ ਤੋਂ ਇਸ ਤਰ੍ਹਾਂ ਦੇ ਅਪਮਾਨ ਦਾ ਸਾਹਮਣਾ ਕਰ ਰਹੇ ਹਨ ਅਤੇ ਇਹ ਹਾਲੇ ਵੀ ਜਾਰੀ ਹੈ।

ਰਾਸ਼ਟਰਪਤੀ ਦਰੋਪਦੀ ਮੁਰਮੂ ਨੇ ਕਿਹਾ ਕਿ ਉਹ ਉਪ ਰਾਸ਼ਟਰਪਤੀ ਦੇ ਅਪਮਾਨ ਤੋਂ ਬਹੁਤ ਦੁਖੀ ਹਨ। ਰਾਸ਼ਟਰਪਤੀ ਨੇ ਕਿਹਾ ਕਿ ਚੁਣੇ ਹੋਏ ਨੁਮਾਇੰਦੇ ਆਪਣੇ ਵਿਚਾਰ ਪ੍ਰਗਟ ਕਰਨ ਲਈ ਆਜ਼ਾਦ ਹਨ, ਪਰ ਉਨ੍ਹਾਂ ਦਾ ਪ੍ਰਗਟਾਵਾ ਮਰਿਆਦਾ ਦੇ ਦਾਇਰੇ 'ਚ ਹੋਣਾ ਚਾਹੀਦਾ ਹੈ।

ਉਧਰ, ਪੁਲਸ ਅਧਿਕਾਰੀ ਨੇ ਦੱਸਿਆ ਕਿ ਉਪ ਰਾਸ਼ਟਰਪਤੀ ਦੀ ਨਕਲ ਉਤਾਰਨ ਖਿਲਾਫ ਐਡਵੋਕੇਟ ਅਭਿਸ਼ੇਕ ਗੌਤਮ ਨੇ ਮੰਗਲਵਾਰ ਸ਼ਾਮ ਨੂੰ ਡਿਫੈਂਸ ਕਲੋਨੀ ਪੁਲਸ ਸਟੇਸ਼ਨ 'ਚ ਕਲਿਆਣ ਬੈਨਰਜੀ ਦੇ ਖਿਲਾਫ ਸ਼ਿਕਾਇਤ ਦਰਜ ਕਰਵਾਈ ਹੈ। ਉਨ੍ਹਾ ਉਸ ਨੂੰ ਅੱਗੇ ਆਪਣੇ ਸੀਨੀਅਰਾਂ ਕੋਲ ਭੇਜ ਦਿੱਤਾ ਹੈ।

ਰੰਕੀ ਰੈੱਡੀ ਤੇ ਸ਼ੈੱਟੀ ਨੂੰ ਧਿਆਨ ਚੰਦ ਖੇਲ ਰਤਨ

ਨਵੀਂ ਦਿੱਲੀ : ਸਟਾਰ ਬੈਡਮਿੰਟਨ ਪੁਰਸ਼ ਡਬਲਜ਼ ਜੋੜੀ ਰੰਕੀ ਰੈੱਡੀ ਸਾਤਵਿਕ ਸਾਈ ਰਾਜ ਅਤੇ ਚਿਰਾਗ ਚੰਦਰਸ਼ੇਖਰ ਸ਼ੈੱਟੀ ਨੂੰ ਮੇਜਰ ਧਿਆਨ ਚੰਦ ਖੇਲ ਰਤਨ ਪੁਰਸਕਾਰ ਲਈ ਚੁਣਿਆ ਗਿਆ ਹੈ। ਕ੍ਰਿਕਟਰ ਮੁਹੰਮਦ ਸ਼ਮੀ ਅਤੇ ਪੈਰਾ ਤੀਰਅੰਦਾਜ਼ ਸ਼ੀਤਲ ਦੇਵੀ ਸਮੇਤ 26 ਖਿਡਾਰੀਆਂ ਨੂੰ ਅਰਜੁਨ ਪੁਰਸਕਾਰ ਦਿੱਤਾ ਜਾਵੇਗਾ। ਇਹ ਪੁਰਸਕਾਰ ਰਾਸ਼ਟਰਪਤੀ ਦਰੋਪਦੀ ਮੁਰਮੂ ਵੱਲੋਂ 9 ਜਨਵਰੀ ਨੂੰ ਰਾਸ਼ਟਰਪਤੀ ਭਵਨ 'ਚ ਪ੍ਰਦਾਨ ਕੀਤੇ ਜਾਣਗੇ।



ਸ਼ਮੀ ਤੇ ਸ਼ੀਤਲ ਦੇਵੀ ਤੋਂ ਇਲਾਵਾ ਜਿਨ੍ਹਾਂ ਹੋਰ ਖਿਡਾਰੀਆਂ ਨੂੰ ਅਰਜੁਨ ਪੁਰਸਕਾਰ ਦਿੱਤੇ ਜਾਣਗੇ, ਉਨ੍ਹਾਂ 'ਚ ਸ਼ਾਮਲ ਹਨ : ਕ੍ਰਿਸ਼ਨਾ ਬਹਾਦੁਰ ਪਾਠਕ ਤੇ ਪੁਖਰਮਬਮ ਸੁਸ਼ੀਲਾ ਚਾਨੂ (ਹਾਕੀ), ਓਜਸ ਪ੍ਰਵੀਨ ਦਿਓਤਲੇ ਤੇ ਅਦਿਤੀ ਗੋਪੀਚੰਦ ਸਵਾਮੀ (ਤੀਰਅੰਦਾਜ਼ੀ), ਸ੍ਰੀਸ਼ੰਕਰ ਤੇ ਪਾਰੁਲ ਚੌਧਰੀ (ਐਥਲੈਟਿਕਸ), ਮੁਹੰਮਦ ਹੁਸਾਮੂਦੀਨ (ਮੁੱਕੇਬਾਜ਼ੀ), ਆਰ ਵੈਸ਼ਾਲੀ (ਸ਼ਤਰੰਜ), ਅਨੁਸ਼ ਅਗਰਵਾਲਾ (ਘੋੜਸਵਾਰੀ), ਦਿਵਿਆਕ੍ਰਿਤੀ (ਘੋੜਸਵਾਰੀ ਡਰੈਸੈੱਜ), ਦੀਕਸ਼ਾ ਡਾਗਰ (ਗੋਲਫ), ਪਵਨ ਕੁਮਾਰ, ਰਿਤੂ ਨੇਗੀ (ਕਬੱਡੀ), ਨਸਰੀਨ (ਖੋ-ਖੋ), ਪਿੰਕੀ (ਲਾਅਨ ਬਾਊਲਜ਼), ਐਸ਼ਵਰਿਆ ਪ੍ਰਤਾਪ ਸਿੰਘ ਤੋਮਰ, ਇਸ਼ਾ ਸਿੰਘ (ਨਿਸ਼ਾਨੇਬਾਜ਼ੀ), ਹਰਿੰਦਰ ਪਾਲ ਸਿੰਘ ਸੰਧੂ (ਸਕੁਐਸ਼), ਅਯਹਿਕਾ ਮੁਖਰਜੀ (ਟੇਬਲ ਟੈਨਿਸ), ਸੁਨੀਲ ਕੁਮਾਰ ਤੇ ਅੰਤਿਮ ਪੰਘਾਲ (ਕੁਸ਼ਤੀ), ਨੌਰੇਮ ਰੋਸੀਬੀਨਾ ਦੇਵੀ (ਵੁਸ਼ੂ), ਇਲੂਰੀ ਅਜੈ ਕੁਮਾਰ ਰੈੱਡੀ (ਬਲਾਈਂਡ ਕ੍ਰਿਕਟ) ਤੇ ਪ੍ਰਾਚੀ ਯਾਦਵ (ਪੈਰਾ ਕੈਨੋਇੰਗ)।

ਕੋਚਾਂ 'ਚੋਂ ਗਣੇਸ਼ ਪ੍ਰਭਾਕਰ (ਮੱਲਖੰਬ), ਮਹਾਂਵੀਰ ਪ੍ਰਸਾਦ ਸੈਣੀ (ਪੈਰਾ ਐਥਲੈਟਿਕਸ), ਲਲਿਤ ਕੁਮਾਰ (ਕੁਸ਼ਤੀ), ਆਰ ਬੀ ਰਮੇਸ਼ (ਸ਼ਤਰੰਜ) ਅਤੇ ਸ਼ਿਵੇਂਦਰ ਸਿੰਘ (ਹਾਕੀ) ਨੂੰ ਦਰੋਣਾਚਾਰੀਆ ਪੁਰਸਕਾਰ ਲਈ ਚੁਣਿਆ ਗਿਆ ਹੈ। ਕਵਿਤਾ ਸੇਲਵਰਾਜ (ਕੱਬੱਡੀ), ਮੰਜੂਸਾ ਕੰਵਰ (ਬੈਡਮਿੰਟਨ) ਤੇ ਵਿਨੀਤ ਕੁਮਾਰ ਸ਼ਰਮਾ (ਹਾਕੀ) ਨੂੰ ਧਿਆਨ ਚੰਦ ਲਾਈਫ ਟਾਈਮ ਐਵਾਰਡ ਲਈ ਚੁਣਿਆ ਗਿਆ ਹੈ।

'ਮਨ ਦੀ ਚਿੱਪ' ਨੂੰ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ

ਨਵੀਂ ਦਿੱਲੀ : ਸਵਰਨਜੀਤ ਸਵੀ ਦੀ ਪੁਸਤਕ 'ਮਨ ਦੀ ਚਿੱਪ' ਨੂੰ ਸਾਲ 2023 ਦਾ ਭਾਰਤੀ ਸਾਹਿਤ ਅਕਾਦਮੀ ਪੁਰਸਕਾਰ ਦੇਣ ਦਾ ਐਲਾਨ ਕੀਤਾ ਗਿਆ ਹੈ। ਅੰਗਰੇਜ਼ੀ ਅਤੇ ਫਾਈਨ ਆਰਟਸ 'ਚ ਪੋਸਟ ਗ੍ਰੈਜੂਏਟ ਸਵੀ ਕਵੀ, ਚਿੱਤਰਕਾਰ, ਮੂਰਤੀਕਾਰ, ਫੋਟੋਗ੍ਰਾਫਰ ਅਤੇ ਪ੍ਰਕਾਸ਼ਕ ਹਨ। ਉਨ੍ਹਾ ਦੀਆਂ 16 ਕਾਵਿ-ਪੁਸਤਕਾਂ ਪ੍ਰਕਾਸ਼ਤ ਹੋ ਚੁੱਕੀਆਂ ਹਨ।

ਟਰੰਪ ਚੋਣ ਲੜਨ ਦੇ ਅਯੋਗ ਕਰਾਰ

ਡੇਨਵਰ : ਅਮਰੀਕਾ ਦੇ ਕੋਲੋਰਾਡੋ ਸੂਬੇ ਦੀ ਸੁਪਰੀਮ ਕੋਰਟ ਨੇ ਸਾਬਕਾ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਅਮਰੀਕੀ ਸੰਵਿਧਾਨ ਦੀ ਬਗਾਵਤ ਧਾਰਾ ਤਹਿਤ ਵ੍ਹਾਈਟ ਹਾਊਸ ਲਈ ਅਯੋਗ ਕਰਾਰ ਦਿੱਤਾ ਹੈ। ਦੇਸ਼ ਦੇ ਇਤਿਹਾਸ 'ਚ ਇਹ ਪਹਿਲੀ ਵਾਰ ਹੈ ਕਿ ਰਾਸ਼ਟਰਪਤੀ ਅਹੁਦੇ ਦੇ ਉਮੀਦਵਾਰ ਨੂੰ ਅਯੋਗ ਠਹਿਰਾਉਣ ਲਈ 14ਵੀਂ ਸੋਧ ਦੀ ਧਾਰਾ 3 ਦੀ ਵਰਤੋਂ ਕੀਤੀ ਗਈ ਹੈ। ਕੋਲੋਰਾਡੋ ਦੀ ਸੁਪਰੀਮ ਕੋਰਟ ਨੇ ਇਸ ਮਾਮਲੇ 'ਤੇ 4-3 ਨਾਲ ਫੈਸਲਾ ਦਿੰਦੇ ਹੋਏ ਟਰੰਪ ਨੂੰ ਚੋਣ ਲੜਨ ਤੋਂ ਅਯੋਗ ਕਰਾਰ ਦਿੱਤਾ ਹੈ।

ਗੱਡੀ ਚੜ੍ਹਨ ਦੀ ਕੋਸ਼ਿਸ਼ 'ਚ ਦੋਵੇਂ ਲੱਤਾਂ ਗੁਆ ਬੈਠਾ

ਲਖਨਊ : ਮਾਂ ਦੀ ਮੌਤ ਤੋਂ ਬਾਅਦ ਡਿਪਰੈਸ਼ਨ ਦਾ ਇਲਾਜ ਕਰਵਾ ਰਹੇ 35 ਸਾਲਾ ਵਿਅਕਤੀ ਨੇ ਇਥੋਂ ਦੇ ਚਾਰਬਾਗ ਰੇਲਵੇ ਸਟੇਸ਼ਨ 'ਤੇ ਮੰਗਲਵਾਰ ਹਾਵੜਾ ਜਾ ਰਹੀ ਪੰਜਾਬ ਮੇਲ 'ਤੇ ਚੜ੍ਹਨ ਦੀ ਕੋਸ਼ਿਸ਼ ਦੌਰਾਨ ਦੋਵੇਂ ਲੱਤਾਂ ਗੁਆ ਲਈਆਂ।

ਸ਼ਹਿਰ ਦੇ ਆਲਮਬਾਗ ਇਲਾਕੇ ਦੇ ਗੋਵਿੰਦ ਨਗਰ ਦਾ ਬਲਪ੍ਰੀਤ ਸਿੰਘ ਪੰਜ ਸਾਲ ਪਹਿਲਾਂ ਮਾਂ ਲਵਲੀਨ ਕੌਰ ਦੀ ਮੌਤ ਹੋਣ ਤੋਂ ਬਾਅਦ ਨੂਰ ਮੰਜ਼ਿਲ ਮਨੋਵਿਗਿਆਨਕ ਕੇਂਦਰ 'ਚ ਡਿਪਰੈਸ਼ਨ ਦਾ ਇਲਾਜ ਕਰਵਾ ਰਿਹਾ ਸੀ। ਹਾਲ ਹੀ 'ਚ ਉਸ ਦੀ ਮਾਨਸਿਕ ਸਿਹਤ 'ਚ ਸੁਧਾਰ ਦੇ ਸੰਕੇਤ ਮਿਲੇ ਸਨ। ਉਸ ਦੀ ਪਤਨੀ ਜਸਮੀਤ ਕੌਰ ਨੇ ਕਿਹਾ-ਸਵੇਰੇ ਮੈਂ ਉਸ ਨੂੰ ਨੇੜਿਉਂ ਖਾਣ ਲਈ ਕੁਝ ਲਿਆਉਣ ਲਈ ਕਿਹਾ ਸੀ, ਪਰ ਕੁਝ ਘੰਟਿਆਂ ਬਾਅਦ ਜੀ ਆਰ ਪੀ ਨੇ ਮੈਨੂੰ ਹਾਦਸੇ ਬਾਰੇ ਸੂਚਤ ਕੀਤਾ। ਮੈਨੂੰ ਨਹੀਂ ਪਤਾ ਕਿ ਉਹ ਰੇਲਵੇ ਸਟੇਸ਼ਨ 'ਤੇ ਕਿਵੇਂ ਪੁੱਜ ਗਿਆ। ਬਲਪ੍ਰੀਤ ਬੇਰੁਜ਼ਗਾਰ ਹੈ ਅਤੇ ਪਰਵਾਰ ਦੀ ਕਮਾਈ ਦਾ ਮੁੱਖ ਸਰੋਤ ਕਿਰਾਏਦਾਰਾਂ ਤੋਂ ਪ੍ਰਾਪਤ ਹੁੰਦਾ ਕਿਰਾਇਆ ਹੈ।

ਗੈਂਗਸਟਰ ਅਮਰੀ ਮਾਰਿਆ ਗਿਆ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ) : ਇਥੇ ਧਾਰੜ ਵਾਲੀ ਨਹਿਰ ਦੀ ਪਟੜੀ ਉੱਪਰ ਪੁਲਸ ਮੁਕਾਬਲੇ ਦੌਰਾਨ 22 ਸਾਲਾ ਗੈਂਗਸਟਰ ਅੰਮ੍ਰਿਤਪਾਲ ਸਿੰਘ ਉਰਫ ਅਮਰੀ ਉਰਫ ਲਹਿੰਬੜੀ ਮਾਰਿਆ ਗਿਆ। ਪੁਲਸ ਉਸ ਨੂੰ ਬੁੱਧਵਾਰ ਸਵੇਰੇ ਦੋ ਕਿਲੋ ਹੈਰੋਇਨ ਤੇ ਹਥਿਆਰ ਬਰਾਮਦ ਕਰਨ ਲਈ ਲੈ ਕੇ ਗਈ ਸੀ। ਉਸ ਨੇ ਉਥੇ ਲੁਕਾਏ ਪਿਸਤੌਲ ਨਾਲ ਪੁਲਸ 'ਤੇ ਗੋਲੀ ਚਲਾ ਦਿੱਤੀ। ਪੁਲਸ ਵੱਲੋਂ ਆਪਣੇ ਬਚਾਅ ਲਈ ਕੀਤੀ ਗਈ ਫਾਇਰਿੰਗ ਦੌਰਾਨ ਅਮਰੀ ਮਾਰਿਆ ਗਿਆ।

ਐੱਸ ਐੱਸ ਪੀ ਦੇਹਾਤੀ ਸਤਿੰਦਰ ਸਿੰਘ ਨੇ ਦੱਸਿਆ ਕਿ ਅਮਰੀ ਨੇ ਬੀਤੀ 16 ਜੁਲਾਈ ਨੂੰ ਗੁਰਪ੍ਰੀਤ ਨਿਵਾਸੀ ਗਦਲੀ 'ਤੇ ਹਮਲਾ ਕੀਤਾ ਸੀ। 19 ਅਗਸਤ ਨੂੰ ਰਾਮ ਸ਼ਰਨ ਦੇ ਕਤਲ ਕੇਸ ਵਿੱਚ ਵੀ ਸ਼ਾਮਲ ਸੀ। ਜੰਡਿਆਲਾ ਦੇ ਮੁਹੱਲਾ ਸ਼ੇਖਪੁਰਾ ਦੇ ਰਵੀ ਨਿਖੱਟੂ ਦੀ ਸੈਲੂਨ ਵਿੱਚ ਗੋਲੀ ਮਾਰ ਕੇ ਹੱਤਿਆ ਕੀਤੀ ਸੀ। 29 ਅਕਤੂਬਰ ਨੂੰ ਜੰਡਿਆਲਾ ਗੁਰੂ ਦੇ ਮੁਹੱਲਾ ਸ਼ੇਖਪੁਰਾ ਵਿੱਚ ਹਮਲਾਵਰਾਂ ਨੇ ਅੰਮ੍ਰਿਤਪਾਲ ਸਿੰਘ ਉਰਫ ਸਾਜਨ ਪ੍ਰਧਾਨ ਅਤੇ ਕੁਲਵੰਤ ਸਿੰਘ ਜੇ ਈ ਸੇਵਾ-ਮੁਕਤ ਦਾ ਕਤਲ ਕਰ ਦਿੱਤਾ ਸੀ। ਉਸ ਨੇ ਦੱਸਿਆ ਕਿ ਅੰਮ੍ਰਿਤਪਾਲ ਸਿੰਘ ਇਨ੍ਹਾਂ ਸਾਰੇ ਮਾਮਲਿਆਂ ਵਿੱਚ ਸ਼ਾਮਲ ਸੀ ਅਤੇ ਉਸ ਨੇ ਇਹ ਸਾਰੇ ਅਪਰਾਧ ਗੈਂਗਸਟਰ ਹੈਪੀ ਜੱਟ ਦੇ ਕਹਿਣ 'ਤੇ ਕੀਤੇ ਸਨ।

ਐੱਸ ਐੱਸ ਪੀ ਨੇ ਦੱਸਿਆ ਕਿ ਮੁਕਾਬਲੇ ਦੌਰਾਨ ਇਕ ਪੁਲਸ ਮੁਲਾਜ਼ਮ ਨੂੰ ਵੀ ਗੋਲੀ ਲੱਗੀ, ਜਦੋਂਕਿ ਇਕ ਗੋਲੀ ਦੂਜੇ ਮੁਲਾਜ਼ਮ ਦੀ ਪੱਗ ਨੂੰ ਛੂਹ ਕੇ ਨਿਕਲ ਗਈ।

ਇਸ ਮੌਕੇ ਐੱਸ ਪੀ ਜੁਗਰਾਜ ਸਿੰਘ, ਐੱਸ ਪੀ ਗੁਰਪ੍ਰਤਾਪ ਸਿੰਘ ਸਹੋਤਾ, ਡੀ ਐੱਸ ਪੀ ਸੁੱਚਾ ਸਿੰਘ, ਡੀ ਐੱਸ ਪੀ ਕੁਲਦੀਪ ਸਿੰਘ, ਐੱਸ ਐੱਚ ਓ ਮੁਖਤਿਆਰ ਸਿੰਘ, ਐੱਸ ਐੱਚ ਓ ਹਰਪਾਲ ਸਿੰਘ ਅਤੇ ਵੱਡੀ ਗਿਣਤੀ ਵਿੱਚ ਪੁਲਸ ਮੌਦੂਦ ਸੀ।

ਕੋਰੋਨਾ ਦੇ 614 ਨਵੇਂ ਮਾਮਲੇ, 3 ਮੌਤਾਂ

ਨਵੀਂ ਦਿੱਲੀ : ਮੰਗਲਵਾਰ ਭਾਰਤ ਵਿਚ 21 ਮਈ ਤੋਂ ਬਾਅਦ ਕੋਰੋਨਾ ਦੇ ਸਭ ਤੋਂ ਵੱਧ 614 ਮਾਮਲੇ ਦਰਜ ਕੀਤੇ ਗਏ, ਜਿਸ ਕਾਰਨ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ ਵਧ ਕੇ 2,311 ਹੋ ਗਈ। ਕੇਂਦਰੀ ਸਿਹਤ ਮੰਤਰਾਲੇ ਵੱਲੋਂ ਬੁੱਧਵਾਰ ਸਵੇਰੇ ਜਾਰੀ ਅੰਕੜਿਆਂ ਅਨੁਸਾਰ ਕੇਰਲ 'ਚ 24 ਘੰਟਿਆਂ 'ਚ ਤਿੰਨ ਮਰੀਜ਼ਾਂ ਦੀ ਮੌਤ ਨਾਲ ਮਰਨ ਵਾਲਿਆਂ ਦੀ ਗਿਣਤੀ ਵਧ ਕੇ 5,33,321 ਹੋ ਗਈ ਹੈ, ਜਦੋਂ ਕਿ ਦੇਸ਼ 'ਚ ਕੋਵਿਡ-19 ਦੇ ਕੁੱਲ ਕੇਸਾਂ ਦੀ ਗਿਣਤੀ 4.50 ਕਰੋੜ (4,50,05,978) ਨੂੰ ਪਾਰ ਕਰ ਗਈ।

ਲੋਕ ਸਭਾ ਦੇ ਦੋ ਹੋਰ ਮੈਂਬਰ ਮੁਅੱਤਲ

ਨਵੀਂ ਦਿੱਲੀ : ਸੰਸਦ ਦੀ ਸੁਰੱਖਿਆ ਵਿਚ ਕੁਤਾਹੀ 'ਤੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਬਿਆਨ ਮੰਗਣ 'ਤੇ ਬੁੱਧਵਾਰ ਲੋਕ ਸਭਾ ਦੇ ਦੋ ਹੋਰ ਸਾਂਸਦਾਂ ਨੂੰ ਗਲਤ ਵਿਹਾਰ ਦੇ ਦੋਸ਼ ਵਿਚ ਮੁਅੱਤਲ ਕਰ ਦਿੱਤਾ ਗਿਆ, ਜਿਸ ਨਾਲ ਮੁਅੱਤਲ ਹੋਣ ਵਾਲੇ ਆਪੋਜ਼ੀਸ਼ਨ ਮੈਂਬਰਾਂ ਦੀ ਗਿਣਤੀ ਵਧ ਕੇ 143 ਹੋ ਗਈ। ਲੋਕ ਸਭਾ ਵਿਚ ਤਖਤੀਆਂ ਦਿਖਾਉਣ 'ਤੇ ਕੇਰਲਾ ਮਣੀ ਕਾਂਗਰਸ ਦੇ ਥਾਮਸ ਚਾਜ਼ੀਕਾਦਨ ਤੇ ਮਾਰਕਸੀ ਪਾਰਟੀ ਦੇ ਏ ਐੱਮ ਆਰਿਫ ਨੂੰ ਮੁਅੱਤਲ ਕੀਤਾ ਗਿਆ।

ਸਬੂਤਾਂ ਤੋਂ ਨਹੀਂ ਲੱਗਦਾ ਨਵਲੱਖਾ ਨੇ ਦਹਿਸ਼ਤਗਰਦੀ ਦੇ ਕਾਰੇ ਦੀ ਸਾਜ਼ਿਸ਼ ਰਚੀ ਹੋਵੇ : ਬੰਬੇ ਹਾਈ ਕੋਰਟ

ਮੁੰਬਈ : ਬੰਬੇ ਹਾਈ ਕੋਰਟ ਨੇ ਐਲਗਾਰ ਪ੍ਰੀਸ਼ਦ-ਮਾਓਵਾਦੀ ਲਿੰਕ ਮਾਮਲੇ 'ਚ ਮਨੁੱਖੀ ਅਧਿਕਾਰਾਂ ਦੇ ਕਾਰਕੁਨ ਗੌਤਮ ਨਵਲੱਖਾ ਦੀ ਜ਼ਮਾਨਤ ਮਨਜ਼ੂਰ ਕਰਦਿਆਂ ਨੋਟ ਕੀਤਾ ਕਿ ਕੋਰਟ 'ਚ ਅਜਿਹਾ ਕੋਈ ਮਟੀਰੀਅਲ ਨਹੀਂ ਪੇਸ਼ ਕੀਤਾ ਗਿਆ, ਜਿਸ ਤੋਂ ਮੁਢਲੀ ਡਿੱਠੇ ਲੱਗੇ ਕਿ ਉਸ ਨੇ ਦਹਿਸ਼ਤਗਰਦੀ ਦਾ ਕਾਰਾ ਕਰਨ ਦੀ ਕੋਈ ਸਾਜ਼ਿਸ਼ ਕੀਤੀ ਹੋਵੇ।

ਜਸਟਿਸ ਏ ਐੱਸ ਗਡਕਰੀ ਤੇ ਜਸਟਿਸ ਐੱਸ ਜੀ ਡੀਗੇ ਨੇ ਨਵਲੱਖਾ ਦੀ ਮੰਗਲਵਾਰ ਜ਼ਮਾਨਤ ਮਨਜ਼ੂਰ ਕੀਤੀ ਸੀ ਤੇ ਫੈਸਲੇ ਦੀ ਕਾਪੀ ਬੁੱਧਵਾਰ ਉਪਲੱਬਧ ਹੋਈ। ਹਾਈ ਕੋਰਟ ਨੇ ਕਿਹਾ—ਰਿਕਾਰਡ 'ਤੇ ਲਿਆਂਦੇ ਗਏ ਮਟੀਰੀਅਲ ਤੋਂ ਸਾਨੂੰ ਜਾਪਦਾ ਹੈ ਕਿ ਨਵਲੱਖਾ ਨੂੰ ਕਿਸੇ ਦਹਿਸ਼ਤਗਰਦ ਕਾਰੇ ਨਾਲ ਸਿੱਧੇ ਜਾਂ ਅਸਿੱਧੇ ਤੌਰ 'ਤੇ ਨੱਥੀ ਕ

21-DEC-PAGE-1.qxd 12/20/2023 9:28 PM Page 2

ਮਾਝੇ/ਮਾਲਵੇ 'ਚ ਹੋਣ ਵਾਲੀਆਂ ਕਿਸਾਨ-ਮਜ਼ਦੂਰ ਰੈਲੀਆਂ ਕੱਢਣਗੀਆਂ ਸਰਕਾਰਾਂ ਦੇ ਭਰਮ-ਭੁਲੇਖੇ : ਸਭਰਾ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਦੀ ਪੰਦਰਵਾੜਾ ਮੀਟਿੰਗ ਅਮਰਜੀਤ ਸਿੰਘ ਸੈਕਟਰੀ, ਬਲਕਾਰ ਸਿੰਘ ਦੋਧੀ, ਮੁਖਤਿਆਰ ਸਿੰਘ ਦੀ ਅਗਵਾਈ ਹੇਠ ਹੋਈ। ਆਪਣੇ ਹੱਕਾਂ ਲਈ ਕਿਸਾਨ ਅਤੇ ਮਜ਼ਦੂਰ 2 ਜਨਵਰੀ ਨੂੰ ਜੰਡਿਆਲਾ ਗੁਰੂ ਦੀ ਦਾਣਾ ਮੰਡੀ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਇਕੱਤਰ ਹੋਣਗੇ। ਇਹ ਜਾਣਕਾਰੀ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ, ਨਛੱਤਰ ਸਿੰਘ ਫੌਜੀ, ਜੁਗਰਾਜ ਸਿੰਘ ਰਾਜਸਥਾਨੀ ਨੇ ਪੱਤਰਕਾਰ ਭਾਈਚਾਰੇ ਨੂੰ ਲਿਖਤੀ ਪ੍ਰੈੱਸ ਨੋਟ ਜਾਰੀ ਕਰਦਿਆਂ ਸਾਂਝੀ ਕੀਤੀ ਕਿਸਾਨ ਆਗੂਆਂ ਨੇ ਕਿਹਾ ਕਿ ਕਿਸਾਨ ਸੰਯੁਕਤ ਮੋਰਚਾ (ਗੈਰ-ਰਾਜਨੀਤਕ) ਅਤੇ ਉੱਤਰੀ ਭਾਰਤ ਦੀਆਂ 18 ਜਥੇਬੰਦੀਆਂ ਦੇ ਤਾਲਮੇਲ ਨਾਲ 2 ਜਨਵਰੀ ਨੂੰ ਮਾਝੇ ਦੇ ਇਲਾਕੇ ਵਿਚ ਜੰਡਿਆਲਾ ਗੁਰੂ ਦੀ ਦਾਣਾ ਮੰਡੀ ਵਿੱਚ ਅਤੇ 6 ਜਨਵਰੀ ਨੂੰ ਮਾਲਵੇ ਦੇ ਬਰਨਾਲਾ ਜ਼ਿਲ੍ਹੇ ਵਿੱਚ ਵੱਡੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਰੈਲੀ ਦੇ ਰੂਪ ਵਿੱਚ ਸ਼ਮੂਲੀਅਤ ਕਰਨਗੇ ਜਿਸ ਦੀਆਂ ਤਿਆਰੀਆਂ ਕਨਵੈਨਸ਼ਨਾਂ ਕਰਕੇ ਕੀਤੀਆਂ ਜਾ ਰਹੀਆਂ ਹਨ ਅਤੇ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ। ਕਿਸਾਨ ਆਗੂਆਂ ਨੇ ਕਿਹਾ ਕਿ ਦਿੱਲੀ ਦੇ ਬਾਰਡਰਾਂ 'ਤੇ ਲੱਗੇ ਮੋਰਚੇ ਨੂੰ ਖਤਮ ਕਰਨ ਲਈ ਕੇਂਦਰ ਸਰਕਾਰ ਅਤੇ ਕਿਸਾਨਾਂ ਵਿਚਕਾਰ ਹੋਏ ਸਮਝੌਤੇ ਤੋਂ ਮੋਦੀ ਸਰਕਾਰ ਸਾਫ ਭੱਜ ਚੁੱਕੀ ਹੈ। ਇਸ ਲਈ ਕੇਂਦਰ ਸਰਕਾਰ ਤੋਂ ਮੰਨੀਆਂ ਹੋਈਆਂ ਮੰਗਾਂ ਲਾਗੂ ਕਰਵਾਉਣ ਲਈ ਜਿਵੇਂ ਡਾ. ਸਵਾਮੀਨਾਥਨ ਕਮਿਸ਼ਨ ਰਿਪੋਰਟ ਅਨੁਸਾਰ ਫਸਲਾਂ ਦੇ ਭਾਅ, ਸਾਰੀਆਂ ਫਸਲਾਂ ਤੇ ਸਰਕਾਰੀ ਖਰੀਦ ਦਾ ਕਾਨੂੰਨ ਬਣਾਉਣ, ਦਿੱਲੀ ਅੰਦੋਲਨ ਦੌਰਾਨ ਕਿਸਾਨਾਂ ਮਜ਼ਦੂਰਾਂ ਤੇ ਹੋਏ ਪਰਚੇ ਰੱਦ ਕਰਵਾਉਣ, ਦਿੱਲੀ ਅੰਦੋਲਨ ਦੌਰਾਨ ਸ਼ਹੀਦ ਹੋਏ ਕਿਸਾਨਾਂ/ਮਜ਼ਦੂਰਾਂ ਦੇ ਮੁਆਵਜ਼ੇ ਅਤੇ ਪਰਿਵਾਰ ਦੇ ਇਕ ਜੀਅ ਨੂੰ ਸਰਕਾਰੀ ਨੌਕਰੀ, ਲਖੀਮਪੁਰ ਖੀਰੀ ਮਾਮਲੇ ਤੇ ਇਨਸਾਫ, ਕਿਸਾਨਾਂ/ਮਜ਼ਦੂਰਾਂ ਦਾ ਸਮੁੱਚਾ ਕਰਜ਼ਾ ਮਾਫ, ਸੂਬਿਆਂ ਦੇ ਬਣਦੇ ਹੱਕ ਸੂਬਿਆਂ ਨੂੰ ਦੇਣ, ਬਿਜਲੀ ਸੋਧ ਬਿੱਲ 2020 ਦੀ ਤਜਵੀਜ਼ ਰੱਦ ਕਰਕੇ ਪ੍ਰੀਪੇਡ ਮੀਟਰ ਲਗਾਉਣੇ ਬੰਦ ਕੀਤੇ ਜਾਣ ਦੇ ਮਸਲੇ ਹੱਲ ਕਰਵਾਉਣ ਲਈ ਵੱਡੇ ਸੰਘਰਸ਼ ਦੀ ਤਿਆਰੀ ਕੀਤੀ ਜਾ ਰਹੀ ਹੈ। ਕਿਸਾਨ ਆਗੂਆਂ ਨੇ ਕਿਹਾ ਕਿ ਕੇਂਦਰ ਸਰਕਾਰ ਅਤੇ ਸੂਬੇ ਦੀਆਂ ਸਰਕਾਰਾਂ ਬਾਕੀ ਸੈਂਟਰਾਂ ਵਾਂਗ ਖੇਤੀ ਸੈਕਟਰ ਤੇ ਕਾਰਪੋਰੇਟ ਘਰਾਣਿਆਂ ਦਾ ਕਬਜ਼ਾ ਕਰਾਉਣਾ ਚਾਹੁੰਦੀਆਂ ਹਨ ਜੋ ਦੇਸ਼ ਦੇ ਕਿਸੇ ਵਰਗ ਨੂੰ ਮਨਜ਼ੂਰ ਨਹੀਂ। ਇਸ ਹੋਣ ਵਾਲੇ ਇਕੱਠ ਵਿੱਚ ਪੰਜਾਬ ਦੇ ਲੋਕਾਂ ਤੋਂ ਮਤਾ ਪਾਸ ਕਰਵਾ ਕੇ ਦਿੱਲੀ ਵੱਲ ਕੂਚ ਕੀਤਾ ਜਾ ਸਕਦਾ ਜਿਸ ਦੀ ਜ਼ਿੰਮੇਵਾਰੀ ਸਰਕਾਰਾਂ ਦੀ ਹੋਵੇਗੀ। ਅੱਜ ਦੇ ਇਕੱਠ ਵਿੱਚ ਬਲਵੰਤ ਸਿੰਘ, ਗੁਰਦਿਆਲ ਸਿੰਘ, ਲੱਖਾ ਸਿੰਘ, ਪ੍ਰਕਾਸ਼ ਸਿੰਘ, ਲਖਵਿੰਦਰ ਸਿੰਘ, ਬਖਸ਼ੀਸ਼ ਸਿੰਘ, ਸਰਦੂਲ ਸਿੰਘ, ਫਤਿਹ ਸਿੰਘ ਸੁਖਵਿੰਦਰ ਸਿੰਘ, ਕੁਲਦੀਪ ਸਿੰਘ, ਰਸ਼ਪਾਲ ਸਿੰਘ, ਬੀਬੀ ਜਗੀਰ ਕੌਰ, ਜਸਬੀਰ ਕੌਰ, ਰੁਪਿੰਦਰ ਕੌਰ, ਬਲਵਿੰਦਰ ਕੌਰ, ਨਰਿੰਦਰ ਕੌਰ, ਅਵਤਾਰ ਸਿੰਘ, ਜਸਬੀਰ ਸਿੰਘ, ਪ੍ਰਤਾਪ ਸਿੰਘ, ਬਲਵੀਰ ਸਿੰਘ, ਪਿਆਰਾ ਸਿੰਘ, ਗੁਰਚਰਨ ਸਿੰਘ, ਹਰਪਾਲ ਸ਼ੰਗਾਰਾ ਸਿੰਘ, ਬਲਵਿੰਦਰ ਸਿੰਘ, ਮੇਜਰ ਸਿੰਘ, ਪ੍ਰਗਟ ਸਿੰਘ, ਜਸਵਿੰਦਰ ਸਿੰਘ, ਜਸਬੀਰ ਸਿੰਘ, ਗੁਰਦਿਆਲ ਸਿੰਘ, ਦਰਸ਼ਨ ਸਿੰਘ ਅਤੇ ਅਜੀਤ ਸਿੰਘ ਆਦਿ ਹਾਜ਼ਰ ਸਨ।

ਝਬਾਲ ਵਿਖੇ ਸਕੂਲ 'ਚ ਸਾਕਾ ਚਮਕੌਰ ਤੇ ਸਾਕਾ ਸਰਹੰਦ ਨੂੰ ਕੀਤਾ ਸਿਜਦਾ

ਝਬਾਲ (ਹਰਜਿੰਦਰ ਸਿੰਘ ਸੋਨੀ)—ਚੀਫ ਖਾਲਸਾ ਦੀਵਾਨ ਦੀ ਛਤਰ ਛਾਇਆ ਹੇਠ ਚੱਲ ਰਹੀ ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੰਕੈਂਡਰੀ ਪਬਲਿਕ ਸਕੂਲ ਝਬਾਲ ਵਿਖੇ ਤਰਲੋਚਨ ਸਿੰਘ, ਹਰਮਨਜੀਤ ਸਿੰਘ ਅਤੇ ਬੀਬੀ ਕਿਰਨਜੀਤ ਕੌਰ ਮੈਂਬਰ ਧਰਮ ਪ੍ਰਚਾਰ ਕਮੇਟੀ (ਚੀਫ ਖਾਲਸਾ ਦੀਵਾਨ) ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਕਾ ਚਮਕੌਰ ਅਤੇ ਸਾਕਾ ਸਰਹੰਦ ਮਨਾਇਆ ਗਿਆ ਜਿਸ ਵਿੱਚ ਮੈਡਮ ਸੁਖਜੀਤ ਕੌਰ (ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਜੀ. ਟੀ. ਰੋਡ) ਨੇ ਵਿਦਿਆਰਥੀਆਂ ਨੂੰ ਸਾਹਿਬਜ਼ਾਦਿਆਂ ਦੇ ਵਾਰਸ ਬਣਨ ਅਤੇ ਸਿੱਖੀ ਸਰੂਪ ਸੰਭਾਲਣ 'ਤੇ ਜ਼ੋਰ ਦਿੱਤਾ ਅਤੇ ਮੈਡਮ ਮਨਦੀਪ ਕੌਰ (ਸ੍ਰੀ ਗੁਰੂ ਹਰਿਕ੍ਰਿਸ਼ਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਸੁਲਤਾਨਵਿੰਡ ਲਿੰਕ ਰੋਡ) ਨੇ ਬੱਚਿਆਂ ਨੂੰ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈਂਦਿਆਂ ਹੋਇਆਂ ਅੰਮ੍ਰਿਤਪਾਨ ਕਰਨ ਦੇ ਲਈ ਪ੍ਰੇਰਿਤ ਕੀਤਾ। ਇਸ ਸਮੇਂ ਸਕੂਲ ਦੀ ਸਮੂਹ ਮੈਨੇਜਮੈਂਟ ਅਤੇ ਪ੍ਰਿੰਸੀਪਲ ਅਨੁਰੀਤ ਬਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਸਾਨੂੰ ਆਪਣੇ ਮਹਾਨ ਇਤਿਹਾਸ ਤੋਂ ਜਾਣੂ ਹੋ ਕੇ ਆਪਣੇ ਸਿੱਖੀ ਸਰੂਪ ਨੂੰ ਸੰਭਾਲਣਾ ਚਾਹੀਦਾ ਹੈ ਅਤੇ ਉਨ੍ਹਾਂ ਨੇ ਧਰਮ ਪ੍ਰਚਾਰ ਕਮੇਟੀ ਦੇ ਅਜਿਹੇ ਉਪਰਾਲਿਆਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਸਮੇਂ-ਸਮੇਂ ਤੇ ਅਜਿਹੇ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ ਤਾਂ ਜੋ ਪਤਿਤ ਹੋ ਰਹੀ ਨੌਜਵਾਨ ਪੀੜ੍ਹੀ ਨੂੰ ਸਹੀ ਸੇਧ ਮਿਲ ਸਕੇ ਅਤੇ ਉਹ ਆਪਣੇ ਇਤਿਹਾਸ ਤੋਂ ਜਾਣੂ ਹੋ ਸਕਣ।

ਵੰਦੇ ਭਾਰਤ ਐੱਕਸਪ੍ਰੈੱਸ ਨੂੰ ਜਲੰਧਰ 'ਚ ਸਟਾਪੇਜ ਦਿਵਾਉਣ ਲਈ ਰਿੰਕੂ ਨੇ ਰੇਲ ਮੰਤਰੀ ਨਾਲ ਕੀਤੀ ਮੁਲਾਕਾਤ

ਜਲੰਧਰ, (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)-ਸੰਸਦ ਮੈਂਬਰ ਸੁਸ਼ੀਲ ਕੁਮਾਰ ਰਿੰਕੂ ਨੇ ਕੇਂਦਰੀ ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੂੰ ਮਿਲ ਕੇ 30 ਦਸੰਬਰ ਤੋਂ ਸ਼ੁਰੂ ਹੋਣ ਵਾਲੀ ਨਵੀਂ ਦਿੱਲੀ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਟਰੇਨ ਨੂੰ ਜਲੰਧਰ ਵਿੱਚ ਸਟਾਪੇਜ ਦੇਣ ਦੀ ਮੰਗ ਕੀਤੀ ਹੈ। ਉਨ੍ਹਾਂ ਕਿਹਾ ਕਿ ਜਲੰਧਰ ਸੂਬੇ ਦਾ ਪ੍ਰਮੁੱਖ ਉਦਯੋਗਿਕ ਸ਼ਹਿਰ ਹੋਣ ਦੇ ਨਾਲ-ਨਾਲ ਐਨ.ਆਰ.ਆਈ ਹੱਬ ਵੀ ਹੈ। ਜਲੰਧਰ ਵਿਖੇ ਇਸ ਰੇਲਗੱਡੀ ਦੇ ਰੁਕਣ ਨਾਲ ਉੱਦਮੀਆਂ, ਕਾਰੋਬਾਰੀਆਂ ਅਤੇ ਐਨ.ਆਰ.ਆਈ ਨੂੰ ਬਹੁਤ ਫਾਇਦਾ ਹੋਵੇਗਾ ਜਿਨ੍ਹਾਂ ਨੂੰ ਜਲੰਧਰ ਅਤੇ ਨਵੀਂ ਦਿੱਲੀ ਵਿਚਕਾਰ ਇਸ ਹਾਈ ਸਪੀਡ ਟਰੇਨ ਵਿੱਚ ਸਫਰ ਕਰਨ ਦਾ ਮੌਕਾ ਮਿਲੇਗਾ। ਰਿੰਕੂ ਨੇ ਕਿਹਾ ਕਿ ਜੇਕਰ ਵੰਦੇ ਭਾਰਤ ਲੁਧਿਆਣਾ ਅਤੇ ਅੰਬਾਲਾ ਦੇ ਸਟੇਸਨਾਂ 'ਤੇ ਸਟਾਪੇਜ ਹੈ ਤਾਂ ਜਲੰਧਰ 'ਤੇ ਵੀ ਸਟਾਪੇਜ ਜਰੂਰ ਹੋਣਾ ਚਾਹੀਦਾ ਹੈ। ਇਸ ਨਾਲ ਨਾ ਸਿਰਫ ਰੇਲਵੇ ਨੂੰ ਫਾਇਦਾ ਹੋਵੇਗਾ ਸਗੋਂ ਲੋਕਾਂ ਦਾ ਕੀਮਤੀ ਸਮਾਂ ਵੀ ਬਚੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਨਵੀਂ ਦਿੱਲੀ ਤੋਂ ਕਟੜਾ ਤੱਕ ਚੱਲਣ ਵਾਲੀ ਵੰਦੇ ਭਾਰਤ ਐਕਸਪ੍ਰੈਸ ਨੂੰ ਵੀ ਜਲੰਧਰ ਵਿੱਚ ਸਟਾਪੇਜ ਨਹੀਂ ਦਿੱਤਾ ਗਿਆ ਜਿਸ ਕਾਰਨ ਇੱਥੋਂ ਦੇ ਲੋਕ ਨਿਰਾਸ਼ ਹਨ। ਇਸ ਲਈ ਹੁਣ ਜਲੰਧਰ ਨੂੰ ਨਵੀਂ ਦਿੱਲੀ-ਅੰਮ੍ਰਿਤਸਰ ਵੰਦੇ ਭਾਰਤ ਐਕਸਪ੍ਰੈਸ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਨਵੀਂ ਦਿੱਲੀ ਅਤੇ ਅੰਮ੍ਰਿਤਸਰ ਦੀ ਦੂਰੀ 450 ਕਿਲੋਮੀਟਰ ਹੈ। ਵੰਦੇ ਭਾਰਤ ਐਕਸਪ੍ਰੈਸ ਸਿਰਫ 5 ਘੰਟਿਆਂ ਵਿੱਚ ਇਹ ਦੂਰੀ ਤੈਅ ਕਰੇਗੀ। ਰੇਲਵੇ ਨੇ ਇਸ ਦਾ ਸਮਾਂ ਤੈਅ ਕਰ ਦਿੱਤਾ ਹੈ ਅਤੇ ਸ਼ਡਿਊਲ ਵੀ ਜਾਰੀ ਕਰ ਦਿੱਤਾ ਗਿਆ ਹੈ। ਇਸ ਟਰੇਨ ਦਾ ਅੰਮ੍ਰਿਤਸਰ ਤੋਂ ਰਵਾਨਗੀ ਦਾ ਸਮਾਂ ਸਵੇਰੇ 7.55 ਵਜੇ ਹੋਵੇਗਾ ਅਤੇ ਦੁਪਿਹਰ 1.05 ਵਜੇ ਦਿੱਲੀ ਪਹੁੰਚੇਗੀ। ਸੰਸਦ ਮੈਂਬਰ ਸੁਸ਼ੀਲ ਰਿੰਕੂ ਨੇ ਉਮੀਦ ਪ੍ਰਗਟਾਈ ਹੈ ਕਿ ਰੇਲਵੇ ਉਨ੍ਹਾਂ ਦੀ ਮੰਗ 'ਤੇ ਹਾਂ-ਪੱਖੀ ਰੁਖ ਅਖਤਿਆਰ ਕਰੇਗਾ ਅਤੇ ਜਲੰਧਰ ਨੂੰ ਇਸ ਟਰੇਨ ਦੇ ਸਟਾਪੇਜ 'ਚ ਸ਼ਾਮਲ ਕੀਤਾ ਜਾਵੇਗਾ।

ਬੀੜੀਆਂ ਤੇ ਸਿਗਰਟਾਂ ਵੇਚਣ ਵਾਲਿਆਂ ਦੇ ਕੱਟੇ ਗਏ ਚਲਾਨ

ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਫਿਡਪਟੀ ਡਾਇਰੈਕਟਰ ਕੰਮ ਸਿਵਲ ਸਰਜਨ ਗੁਰਦਾਸਪੁਰ ਡਾ. ਹਰਭਜਨ ਰਾਮ ਮਾਂਡੀ ਦੀਆਂ ਹਦਾਇਤਾਂ ਤੇ ਜ਼ਿਲ੍ਹਾ ਸਿਹਤ ਅਫ਼ਸਰ ਡਾ. ਸਵਿਤਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫ਼ਸਰ ਕਾਹਨੂੰਵਾਨ ਡਾ. ਨੀਲਮ ਦੀ ਰਹਿਨੁਮਾਈ ਹੇਠ ਕਾਹਨੂੰਵਾਨ ਸ਼ਹਿਰ ਅੰਦਰ ਦਲੀਪ ਰਾਜ ਹੈਲਥ ਇੰਸਪੈਕਟਰ ਤੇ ਮਹਿੰਦਰਪਾਲ ਹੈਲਥ ਇੰਸਪੈਕਟਰ ਨੇ ਆਪਣੀ ਸਿਹਤ ਵਿਭਾਗ ਦੀ ਟੀਮ ਨਾਲ ਤੰਬਾਕੂਨੋਸ਼ੀ ਸਬੰਧੀ ਖੁੱਲ੍ਹੀਆਂ ਤੇ ਬਿਨਾਂ ਲੇਵਲ ਸਿਗਰਟਾਂ ਵੇਚਣ ਵਾਲੀਆਂ ਦੁਕਾਨਾਂ ਅਤੇ ਬਾਜ਼ਾਰ ਵਿੱਚ ਅਤੇ ਪਬਲਿਕ ਪਲੇਸ ਤੇ ਸਿਗਰਟਨੋਸ਼ੀ ਕਰਨ ਵਾਲੇ ਵਿਅਕਤੀਆਂ ਦੇ ਚਲਾਨ ਕੱਟੇ ਗਏ। ਇਨ੍ਹਾਂ ਕੱਟੇ ਗਏ ਚਲਾਨਾਂ ਦਾ ਮੌਕੇ 'ਤੇ ਹੀ ਜੁਰਮਾਨਾ ਵਸੂਲਿਆ ਗਿਆ। ਇਸ ਸਮੇਂ ਲੋਕਾਂ ਨੂੰ ਸਿਗਰਟਨੋਸ਼ੀ ਅਤੇ ਤੰਬਾਕੂ ਦਾ ਸੇਵਨ ਕਰਨ ਨਾਲ ਸਿਹਤ 'ਤੇ ਹੋਣ ਵਾਲੇ ਬੁਰੇ ਪ੍ਰਭਾਵ ਜਿਵੇਂ ਖਾਂਸੀ, ਟੀ. ਬੀ., ਦਿਲ ਦੀਆਂ ਬਿਮਾਰੀਆਂ, ਫੇਫੜਿਆਂ ਦੀ ਬਿਮਾਰੀ, ਕੈਂਸਰ ਆਦਿ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। ਲੋਕਾਂ ਨੂੰ ਜ਼ੋਰਦਾਰ ਢੰਗ ਨਾਲ ਸਮਝਾਇਆ ਕਿ ਤੰਬਾਕੂਨੋਸ਼ੀ ਦਾ ਸੇਵਨ ਨਹੀਂ ਕਰਨਾ ਚਾਹੀਦਾ। ਇਸ ਸਮੇਂ ਭੁਪਿੰਦਰ ਸਿੰਘ ਕਮ ਬੀ. ਈ. ਈ. ਮਨਪ੍ਰੀਤ ਸਿੰਘ , ਜੋਗਾ ਸਿੰਘ ਸਿਹਤ ਕਰਮਚਾਰੀ ਹਾਜ਼ਰ ਸਨ।

ਵੱਡੇ ਸਾਹਿਬਜ਼ਾਦਿਆਂ ਦੀ ਯਾਦ 'ਚ ਬੁੱਢਾ ਦਲ ਨਿਹੰਗ ਸਿੰਘਾਂ ਵੱਲੋਂ ਵਿਸ਼ੇਸ਼ ਗੁਰਮਤਿ ਸਮਾਗਮ ਆਰੰਭ

ਚਮਕੌਰ ਸਾਹਿਬ/ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਪੰਜਵਾਂ ਤਖ਼ਤ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਜਥੇਦਾਰ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ 96 ਕਰੋੜੀ ਨੇ ਕਿਹਾ ਕਿ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ 21-22-23 ਨੂੰ ਚਮਕੌਰ ਸਾਹਿਬ ਵਿਖੇ ਪੂਰਨ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਹੈ। ਸਭ ਸੰਗਤਾਂ ਨੂੰ ਇਨ੍ਹਾਂ ਮਹਾਨ ਸ਼ਹੀਦਾਂ ਨੂੰ ਸ਼ਰਧਾ ਸਤਿਕਾਰ ਭੇਟ ਕਰਨ ਲਈ ਚਮਕੌਰ ਸਾਹਿਬ ਹਾਜ਼ਰੀ ਭਰਨੀ ਚਾਹੀਦੀ ਹੈ। ਉਨ੍ਹਾਂ ਨਾਲ ਹੀ ਕਿਹਾ ਕਿ ਸਮੁੱਚੇ ਸਿਆਸੀ ਦਲਾਂ ਨੂੰ ਇਸ ਇਤਿਹਾਸ ਦੇ ਪ੍ਰਸੰਗ ਨੂੰ ਸਮਝਦਿਆਂ ਰਾਜਸੀ ਕਾਨਫ਼ਰੰਸਾਂ ਦੀ ਬਜਾਏ ਕੇਵਲ ਗੁਰਮਤਿ ਸਮਾਗਮ ਹੀ ਕੀਤੇ ਜਾਣ। ਅੱਜ ਏਥੋਂ ਰਣਜੀਤਗੜ੍ਹ ਸਾਹਿਬ ਤੋਂ ਬੁੱਢਾ ਦਲ ਦੇ ਸਕੱਤਰ ਦਿਲਜੀਤ ਸਿੰਘ ਬੇਦੀ ਵੱਲੋਂ ਜਾਰੀ ਇੱਕ ਲਿਖਤੀ ਪ੍ਰੈੱਸ ਬਿਆਨ ਵਿੱਚ ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਕਿਹਾ ਕਿ ਇਸ ਮਹੀਨੇ ਦਸਮ ਪਾਤਸ਼ਾਹ ਦਾ ਅਨੰਦਪੁਰ ਤੋਂ ਚਲਣਾ, ਪਰਿਵਾਰ ਦਾ ਵਿਛੜ ਜਾਣਾ, ਚਮਕੌਰ ਦੇ ਜੰਗ ਵਿੱਚ ਵੱਡੇ ਸਾਹਿਬਜ਼ਾਦਿਆਂ ਤੇ ਪਿਆਰੇ ਸਿੰਘਾਂ ਦਾ ਸ਼ਹੀਦ ਹੋ ਜਾਣਾ, ਛੋਟੇ ਸਾਹਿਬਜ਼ਾਦਿਆਂ ਨੂੰ ਫਤਿਹਗੜ੍ਹ ਸਾਹਿਬ ਵਿਖੇ ਨੀਹਾਂ ਵਿੱਚ ਚਿਣ ਕੇ ਸ਼ਹੀਦ ਕਰ ਦੇਣਾ, ਦਾ ਇਤਿਹਾਸ ਲਾਸਾਨੀ ਤੇ ਨਿਵੇਕਲਾ ਤੇ ਕੌਮ ਲਈ ਮਹੱਤਤਾ ਵਾਲਾ ਹੈ। ਨਵੀਂ ਆਉਣ ਵਾਲੀ ਨੌਜਵਾਨ ਪਨੀਰੀ ਨੂੰ ਇਨ੍ਹਾਂ ਸ਼ਹੀਦਾਂ ਦੇ ਇਤਿਹਾਸ ਬਾਰੇ ਜਾਣੂੰ ਕਰਾਉਣਾ ਲਾਜ਼ਮੀ ਹੈ। ਆਧੁਨਿਕ ਬਿਜਲਈ ਸਾਧਨਾਂ ਜੰਤਰਾਂ ਨਾਲ ਬੱਚੇ ਜੁੜ ਕੇ ਅਜਿਹੇ ਮਾਣਮੱਤੇ ਇਤਿਹਾਸ ਤੋਂ ਵਿਰਵੇ ਹੋ ਗਏ ਹਨ। ਸਭ ਨੂੰ ਰਲਮਿਲ ਹੰਭਲਾ ਮਾਰ ਕੇ ਇਸ ਮਹੀਨੇ ਸਰਦ ਰੁੱਤ ਵਿਚ ਵਾਪਰੇ ਇਤਿਹਾਸਕ ਦੁਖਾਂਤ ਬਾਰੇ ਹਰ ਘਰ ਵਿੱਚ ਗੁਰਮਤਿ ਵਿਚਾਰ ਹੋਣੀ ਚਾਹੀਦੀ ਹੈ ਉਨ੍ਹਾਂ ਕਿਹਾ ਕਿ ਸਾਡੇ ਬੱਚਿਆਂ ਨੂੰ ਘੋੜਸਵਾਰੀ, ਨੇਜ਼ਾਬਾਜ਼ੀ, ਤੀਰਕਮਾਨ, ਸ਼ਸਤਰ ਅਤੇ ਸ਼ਾਸਤਰ ਵਿੱਦਿਆ ਲੈਣੀ ਚਾਹੀਦੀ ਹੈ ਅਤੇ ਚੋਲਾ ਤੇ ਦੁਮਾਲਾ ਧਾਰਨ ਕਰਨਾ ਚਾਹੀਦਾ ਹੈ। ਨਿਹੰਗ ਮੁਖੀ ਬਾਬਾ ਬਲਬੀਰ ਸਿੰਘ ਨੇ ਕਿਹਾ ਕਿ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਵਲੋਂ 21 ਤੋਂ 23 ਦਸੰਬਰ ਨੂੰ ਗੁਰਦੁਆਰਾ ਰਣਜੀਤ ਗੜ੍ਹ ਪਾਤਸ਼ਾਹੀ ਦਸਵੀਂ ਛਾਉਣੀ ਨਿਹੰਗ ਸਿੰਘਾਂ ਚਮਕੌਰ ਸਾਹਿਬ ਵਿਖੇ ਆਰੰਭ ਸ੍ਰੀ ਅਖੰਡ ਪਾਠਾਂ ਦੇ ਭੋਗ ਉਪਰੰਤ ਵਿਸ਼ੇਸ਼ ਗੁਰਮਤਿ ਸਮਾਗਮ ਕੀਤੇ ਜਾ ਰਹੇ ਹਨ ਲੰਗਰ ਵੀ ਅਤੁੱਟ ਵਰਤਨਗੇ। 23 ਦਸੰਬਰ ਨੂੰ ਨਿਹੰਗ ਸਿੰਘਾਂ ਵਲੋਂ ਮਹੱਲਾ ਕੱਢਿਆ ਜਾਵੇਗਾ। ਉਨ੍ਹਾਂ ਹੋਰ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਲਾ-ਮਿਸਾਲ ਹਨ ਤੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਵਰਗੀ ਮਿਸਾਲ ਦੁਨੀਆ 'ਚ ਕਿਧਰੇ ਹੋਰ ਨਹੀਂ ਮਿਲਦੀ। ਇਸ ਲਈ ਇਨ੍ਹਾਂ ਸ਼ਹੀਦੀ ਦਿਹਾੜਿਆਂ ਦੀ ਇਤਿਹਾਸਕ ਮਹੱਤਤਾ, ਪ੍ਰਸੰਗਕਤਾ ਨੂੰ ਸਮਝਦਿਆਂ ਇ

21-Dec-PAGE-3.qxd 12/20/2023 10:28 PM Page 1

Punjab Land of Unlimited Opportunities

GOVT. OF PUNJAB

ਗੰਨਾ ਕਿਸਾਨਾਂ ਦਾ ਵਧਾਇਆ ਮਾਣ

ਸਮੁੱਚੇ ਦੇਸ਼ ਅੰਦਰ
ਗੰਨੇ ਦਾ ਸਭ ਤੋਂ
ਵੱਧ ਭਾਅ

ਪੰਜਾਬ ਵਿੱਚ ਕਿਸਾਨਾਂ ਨੂੰ
ਗੰਨੇ ਲਈ ਮਿਲਣਗੇ

₹ 391 ਪ੍ਰਤੀ ਕੁਇੰਟਲ

ਭਗਵੰਤ ਸਿੰਘ ਮਾਨ
ਮੁੱਖ ਮੰਤਰੀ, ਪੰਜਾਬ

ਨੇਕ ਨੀਅਤ, ਇਮਾਨਦਾਰ ਸਰਕਾਰ

ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ

21-Dec-PAGE-4-23.qxd 12/20/2023 10:16 PM Page 1

ਨਵਾਂ ਜ਼ਮਾਨਾ
ਵੀਰਵਾਰ, 21 ਦਸੰਬਰ 2023

ਧਨਖੜ ਦਾ ਮੁੱਦਾ

ਤ੍ਰਿਣਮੂਲ ਕਾਂਗਰਸ ਦੇ ਸਾਂਸਦ ਕਲਿਆਣ ਬੈਨਰਜੀ ਵੱਲੋਂ ਸੰਸਦ ਦੇ ਬਾਹਰ ਉਪ ਰਾਸ਼ਟਰਪਤੀ ਜਗਦੀਪ ਧਨਖੜ ਦੀ ਨਕਲ ਉਤਾਰਨ ਨੂੰ ਭਾਜਪਾ ਨੇ ਕੌਮੀ ਮੁੱਦਾ ਬਣਾ ਲਿਆ ਹੈ। ਪ੍ਰਧਾਨ ਮੰਤਰੀ ਤੋਂ ਲੈ ਕੇ ਹਰ ਨਿੱਕਾ-ਵੱਡਾ ਭਾਜਪਾਈ ਬਿਆਨ ਦੇ ਰਿਹਾ ਹੈ, ਪਰ ਉਹ ਇਸ ਬਾਰੇ ਨਹੀਂ ਬੋਲ ਰਹੇ ਕਿ ਲਗਭਗ ਡੇਢ ਸੌ ਸਾਂਸਦਾਂ ਨੂੰ ਮੁਅੱਤਲ ਕਰਨਾ ਕਿੰਨਾ ਕੁ ਜਾਇਜ਼ ਹੈ। ਆਖਰ ਭਾਜਪਾ ਅਸਲ ਮੁੱਦੇ ਤੋਂ ਧਿਆਨ ਭਟਕਾਉਣ ਲਈ ਧਨਖੜ ਦਾ ਮੁੱਦਾ ਚੁੱਕ ਰਹੀ ਹੈ। ਮੰਗਲਵਾਰ ਜਦੋਂ ਬੈਨਰਜੀ ਨੇ ਧਨਖੜ ਦੀ ਨਕਲ ਉਤਾਰੀ ਤਾਂ ਉਸ ਦਾ ਰਾਹੁਲ ਗਾਂਧੀ ਨੇ ਵੀਡੀਓ ਬਣਾ ਲਿਆ, ਪਰ ਸ਼ੇਅਰ ਨਹੀਂ ਕੀਤਾ। ਹੋਰਨਾਂ ਆਪੋਜ਼ੀਸ਼ਨ ਸਾਂਸਦਾਂ ਤੇ ਪੱਤਰਕਾਰਾਂ ਨੇ ਸ਼ੇਅਰ ਕਰ ਦਿੱਤਾ। ਧਨਖੜ ਨੂੰ ਗੁੱਸਾ ਆਇਆ ਤੇ ਉਨ੍ਹਾ ਇਸ ਨੂੰ ਕਿਸਾਨ ਤੇ ਜਾਟ ਦੀ ਇੱਜ਼ਤ ਨਾਲ ਜੋੜ ਦਿੱਤਾ। ਧਨਖੜ ਤੋਂ ਆਪੋਜ਼ੀਸ਼ਨ ਸਾਂਸਦ ਕਈ ਦਿਨਾਂ ਤੋਂ ਮੰਗ ਕਰ ਰਹੇ ਸਨ ਕਿ ਸੰਸਦ ਦੀ ਸੁਰੱਖਿਆ ਵਿਚ ਸੰਨ੍ਹ ਦੇ ਮਾਮਲੇ 'ਤੇ ਉਹ ਬਹਿਸ ਕਿਉਂ ਨਹੀਂ ਹੋਣ ਦਿੰਦੇ। ਇਸ ਦਾ ਧਨਖੜ ਨੇ ਕਦੇ ਜਵਾਬ ਨਹੀਂ ਦਿੱਤਾ। ਧਨਖੜ ਦੇ ਜਾਟਾਂ ਬਾਰੇ ਬਿਆਨ ਤੋਂ ਬਾਅਦ ਜਾਟ ਐਸੋਸੀਏਸ਼ਨ ਨੇ ਵੀ ਬਿਆਨ ਦਾਗ ਦਿੱਤਾ ਕਿ ਉਹ ਜਾਟਾਂ ਦੀ ਬੇਇੱਜ਼ਤੀ ਬਰਦਾਸ਼ਤ ਨਹੀਂ ਕਰੇਗੀ। ਇਹ ਐਸੋਸੀਏਸ਼ਨ ਉਦੋਂ ਖਾਮੋਸ਼ ਰਹੀ ਸੀ, ਜਦੋਂ ਦੇਸ਼ ਵਿਚ ਤਿੰਨ ਕਾਲੇ ਖੇਤੀ ਕਾਨੂੰਨਾਂ ਖਿਲਾਫ ਕਿਸਾਨ ਅੰਦੋਲਨ ਸਿਖਰ 'ਤੇ ਸੀ। ਦਰਅਸਲ ਕਿਸਾਨ ਅੰਦੋਲਨ ਤੇ ਮਹਿਲਾ ਭਲਵਾਨਾਂ ਦੇ ਅੰਦੋਲਨ ਕਾਰਨ ਜਾਟ ਵੋਟਰ ਭਾਜਪਾ ਤੋਂ ਬਹੁਤ ਦੂਰ ਜਾ ਚੁੱਕਾ ਹੈ। ਰਾਜਸਥਾਨ ਵਿਚ ਹਾਲੀਆ ਅਸੰਬਲੀ ਚੋਣਾਂ ਵਿਚ ਜਾਟ ਬਹੁਗਿਣਤੀ ਵਾਲੇ ਹਲਕਿਆਂ ਵਿਚ ਜਾਂ ਤਾਂ ਕਾਂਗਰਸੀ ਉਮੀਦਵਾਰ ਜਿੱਤੇ ਜਾਂ ਆਰ ਐੱਲ ਡੀ ਦੇ ਉਮੀਦਵਾਰ। ਆਰ ਐੱਲ ਡੀ ਪੱਛਮੀ ਯੂ ਪੀ ਦੀ ਪਾਰਟੀ ਹੈ ਤੇ ਉਸ ਦਾ ਆਧਾਰ ਜਾਟਾਂ ਤੇ ਮੁਸਲਮਾਨਾਂ ਵਿਚ ਹੈ। ਹਰਿਆਣਾ ਵਿਚ ਤਮਾਮ ਜਾਟ ਆਗੂ ਮਹਿਲਾ ਭਲਵਾਨਾਂ ਦੇ ਮੁੱਦੇ 'ਤੇ ਅਜੇ ਵੀ ਨਾਰਾਜ਼ ਹਨ ਤੇ ਉਹ ਚੋਣਾਂ ਦੀ ਉਡੀਕ ਕਰ ਰਹੇ ਹਨ। ਹਰਿਆਣਾ ਵਿਚ ਜਾਟ ਲੀਡਰਸ਼ਿਪ ਕਾਂਗਰਸ ਜਾਂ ਓਮ ਪ੍ਰਕਾਸ਼ ਚੌਟਾਲਾ ਦੀ ਪਾਰਟੀ ਇਨੈਲੋ ਕੋਲ ਹੈ। ਇਸ ਤੋਂ ਪ੍ਰੇਸ਼ਾਨ ਭਾਜਪਾ ਧਨਖੜ ਦੇ ਮੁੱਦੇ ਨੂੰ ਕੌਮੀ ਮੁੱਦਾ ਬਣਾ ਰਹੀ ਹੈ। ਉਹ ਇਹ ਨਹੀਂ ਦੱਸ ਰਹੀ ਕਿ ਸੰਸਦ ਦੀ ਸੁਰੱਖਿਆ ਦੀ ਉਲੰਘਣਾ ਕਿਉਂ ਹੋਣ ਦਿੱਤੀ? ਪ੍ਰਧਾਨ ਮੰਤਰੀ ਤੇ ਗ੍ਰਹਿ ਮੰਤਰੀ ਇਸ ਬਾਰੇ ਸੰਸਦ ਦੇ ਬਾਹਰ ਬਿਆਨ ਦੇ ਰਹੇ ਹਨ, ਪਰ ਸੰਸਦ ਵਿਚ ਨਹੀਂ। ਭਾਜਪਾ ਸਾਂਸਦ ਪ੍ਰਤਾਪ ਸਿਨਹਾ, ਜਿਸ ਨੇ ਦੋ ਨੌਜਵਾਨਾਂ ਨੂੰ ਸੰਸਦ ਦੀ ਵਿਜ਼ਟਰ ਗੈਲਰੀ ਤੱਕ ਪੁੱਜਣ ਦਾ ਪਾਸ ਦਿੱਤਾ ਸੀ, ਦੇ ਖਿਲਾਫ ਕਾਰਵਾਈ ਕਿਉਂ ਨਹੀਂ ਕੀਤੀ ਜਾ ਰਹੀ?

ਪਾਠਕ-ਸੱਥ

ਫਾਸਟ ਫੂਡ ਤੋਂ ਬਚੋ

ਅਜੋਕੇ ਭੱਜ-ਦੌੜ ਦੇ ਜ਼ਮਾਨੇ ਵਿੱਚ ਹਰ ਕਿਸੇ ਨੂੰ ਸਦਾ ਹੀ ਕੰਮ ਦੀ ਕਾਹਲ ਲੱਗੀ ਰਹਿੰਦੀ ਹੈ। ਕਦੇ-ਕਦੇ ਤਾਂ ਇੰਝ ਪ੍ਰਤੀਤ ਹੁੰਦਾ ਹੈ ਕਿ ਅਜੋਕੇ ਮਨੁੱਖ ਨੂੰ ਆਪਣੀ ਜ਼ਿੰਦਗੀ ਨਾਲੋਂ ਵੀ ਜ਼ਿਆਦਾ ਪੈਸਾ ਹੀ ਪਿਆਰਾ ਹੋ ਗਿਆ ਹੈ। ਘਰ ਦੀ ਸਧਾਰਨ ਰੋਟੀ ਖਾਣ ਦੀ ਬਜਾਏ ਅੱਜਕੱਲ ਲੋਕ ਜ਼ਿਆਦਾਤਰ ਫਾਸਟ ਫੂਡ ਖਾਣ ਨੂੰ ਹੀ ਤਰਜੀਹ ਦਿੰਦੇ ਹਨ। ਇਸ ਫਾਸਟ ਫੂਡ ਦੀ ਜਿਆਦਾ ਵਰਤੋਂ ਕਰਨ ਕਰਕੇ ਹੀ ਮਨੁੱਖ ਨੂੰ ਅਨੇਕਾਂ ਬਿਮਾਰੀਆਂ ਨੇ ਆਪਣੀ ਜਕੜ ਵਿੱਚ ਲਿਆ ਹੋਇਆ ਹੈ। ਜਿਸ ਪਾਸੇ ਨਜ਼ਰ ਮਾਰੋ, ਚਾਰੇ ਪਾਸੇ ਹੀ ਫਾਸਟ ਫੂਡ ਹੀ ਨਜ਼ਰ ਆਉਂਦਾ ਹੈ। ਨਸ਼ੇ ਦੀ ਤਰ੍ਹਾਂ ਕਈ ਲੋਕ ਤਾਂ ਨਿੱਤ ਦਿਨ ਹੀ ਫਾਸਟ ਫੂਡ ਖਾਧੇ ਬਿਨਾਂ ਰਹਿ ਹੀ ਨਹੀਂ ਸਕਦੇ। ਵਧੀਆ ਤੇ ਰੋਗ ਰਹਿਤ ਜ਼ਿੰਦਗੀ ਜਿਊਣ ਲਈ ਮਨੁੱਖ ਨੂੰ ਫਾਸਟ ਫੂਡ ਤੋਂ ਤੁਰੰਤ ਕਿਨਾਰਾ ਕਰ ਲੈਣਾ ਚਾਹੀਦਾ ਹੈ।

-ਅੰਗਰੇਜ ਸਿੰਘ ਵਿੱਕੀ, 98888-70822

ਰਸਾਇਣਕ ਖਾਦਾਂ ਦੀ ਵਰਤੋਂ ਘਟਾਓ

ਪਿਛਲੇ ਦਿਨੀਂ ਪੜ੍ਹੀ ਰਿਪੋਰਟ ਤੋਂ ਪਤਾ ਲੱਗਿਆ ਕਿ ਪੰਜਾਬ ਸੂਬਾ ਰਸਾਇਣਿਕ ਖਾਦਾਂ ਦੀ ਬਹੁਤ ਜ਼ਿਆਦਾ ਵਰਤੋਂ ਕਰ ਰਿਹਾ ਹੈ। ਆਮ ਹੀ ਵੇਖਣ ਵਿੱਚ ਆਉਂਦਾ ਹੈ ਕਿ ਪੰਜਾਬ ਦੇ ਬਹੁਤੇ ਕਿਸਾਨ ਵੇਖੋ-ਵੇਖੀ ਤੇ ਜ਼ਿਆਦਾ ਝਾੜ ਲੈਣ ਦੀ ਆਸ ਵਿੱਚ ਇਹਨਾਂ ਰਸਾਇਣਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਅੰਨ੍ਹੇਵਾਹ ਵਰਤੋਂ ਕਰਦੇ ਹਨ, ਜਿਸ ਦੇ ਫਲਸਰੂਪ ਮਨੁੱਖ ਨੂੰ ਅਨੇਕਾਂ ਹੀ ਗੰਭੀਰ ਬਿਮਾਰੀਆਂ ਨੇ ਘੇਰਾ ਪਾਇਆ ਹੋਇਆ ਹੈ। ਫਿਰ ਇਹਨਾਂ ਬਿਮਾਰੀਆਂ ਤੋਂ ਛੁਟਕਾਰਾ ਪਾਉਣ ਲਈ ਹਸਪਤਾਲਾਂ ਵਿੱਚ ਇਲਾਜ ਉਪਰ ਹੀ ਬਹੁਤ ਜ਼ਿਆਦਾ ਪੈਸਾ ਬਰਬਾਦ ਹੋ ਜਾਂਦਾ ਹੈ। ਮਨੁੱਖਤਾ ਦੇ ਭਲੇ ਲਈ ਸਾਰੇ ਕਿਸਾਨ ਵੀਰਾਂ ਨੂੰ ਰਸਾਇਣਿਕ ਖਾਦਾਂ ਅਤੇ ਕੀਟਨਾਸ਼ਕਾਂ ਦੀ ਵਰਤੋਂ ਬਹੁਤ ਹੀ ਸੰਜਮ/ਸੰਕੋਚ ਨਾਲ ਕਰਨੀ ਚਾਹੀਦੀ ਹੈ, ਤਾਂ ਜੋ ਮਨੁੱਖ ਰੋਗ ਰਹਿਤ ਹੋ ਸਕੇ। ਹੌਲੀ-ਹੌਲੀ ਜੈਵਿਕ ਖੇਤੀ ਵੱਲ ਮੋੜਾ ਕੱਟਣਾ ਚਾਹੀਦਾ ਹੈ, ਜੋ ਕਿ ਅਜੋਕੇ ਸਮੇਂ ਦੀ ਮੁੱਖ ਲੋੜ ਹੈ।

-ਜਸਵੰਤ ਕੌਰ ਮਣੀ,ਰਿਸਰਚ ਸਕਾਲਰ ਪੰਜਾਬੀ ਯੂਨੀਵਰਸਿਟੀ ਪਟਿਆਲਾ

ਸਾਵਧਾਨੀ ਨਾਲ ਵਰਤੋਂ ਕਰੋ ਹੀਟਰ, ਬਲੋਅਰ ਦੀ

ਸਰਦੀਆ ਦਾ ਸੀਜ਼ਨ ਪੂਰੇ ਜ਼ੋਰਾਂ 'ਤੇ ਹੈ। ਤਾਪਮਾਨ ਵਿਚ ਬਹੁਤ ਗਿਰਾਵਟ ਹੈ। ਅਸੀਂ ਆਪਣੇ ਸਰੀਰ ਨੂੰ ਗਰਮ ਰੱਖਣ ਲਈ ਹੀਟਰ, ਬਲੋਅਰ ਦੀ ਵਰਤੋਂ ਕਰਦੇ ਹਾਂ। ਅਕਸਰ ਸਰਦੀਆਂ ਵਿੱਚ ਹਰ ਘਰ ਵਿਚ ਬਰਤਨ, ਕੱਪੜੇ ਜਾਂ ਹੋਰ ਕੰਮ ਕਰਨ ਲਈ ਗਰਮ ਪਾਣੀ ਦੀ ਵਰਤੋਂ ਕੀਤੀ ਜਾਂਦੀ ਹੈ। ਧੁੰਦ ਪੈਣ ਕਾਰਨ ਬਾਹਰ ਦਾ ਤਾਪਮਾਨ ਕਈ ਵਾਰ ਜ਼ੀਰੋ ਡਿਗਰੀ ਤੱਕ ਚਲਾ ਜਾਂਦਾ ਹੈ, ਜਿਸ ਕਾਰਨ ਘਰ ਦੇ ਤਾਪਮਾਨ ਨੂੰ ਠੀਕ ਰੱਖਣ ਲਈ ਹੀਟਰਾਂ ਦੀ ਵਰਤੋਂ ਆਮ ਕੀਤੀ ਜਾਂਦੀ ਹੈ। ਆਮ ਤੌਰ 'ਤੇ ਲੋਕ ਸਾਰੀ ਰਾਤ ਕਮਰੇ ਵਿੱਚ ਹੀਟਰ ਲਗਾ ਕੇ ਸੌਂ ਜਾਂਦੇ ਹਨ, ਜਿਸ ਕਾਰਨ ਕਮਰੇ ਵਿੱਚ ਆਕਸੀਜਨ ਦੀ ਮਾਤਰਾ ਘਟ ਜਾਂਦੀ ਹੈ।

ਕੁਝ ਦਿਨ ਪਹਿਲਾਂ ਹੀ ਅਖਬਾਰ ਵਿੱਚ ਖਬਰ ਪੜ੍ਹਨ ਨੂੰ ਮਿਲੀ ਕਿ 23 ਸਾਲਾ ਨੌਜਵਾਨ ਬਾਥਰੂਮ ਵਿੱਚ ਨਹਾ ਰਿਹਾ ਸੀ ਤੇ ਗੈਸ ਸਿਲੰਡਰ ਵਿੱਚੋਂ ਗੈਸ ਰਿਸਣ ਕਾਰਨ ਉਸ ਦੀ ਮੌਤ ਹੋ ਗਈ। ਦੇਖਣ ਵਿੱਚ ਵੀ ਆਉਂਦਾ ਹੈ ਕਿ ਅੱਜਕੱਲ੍ਹ ਦੀ ਨੌਜਵਾਨ ਪੀੜੀ ਨੇ ਸਰੀਰ ਨੂੰ ਸੋਹਲ ਬਣਾ ਲਿਆ ਹੈ। ਕਈ ਘੰਟੇ ਹੀਟਰ ਅਗੇ ਬੈਠੇ ਰਹਿੰਦੇ ਹਨ। ਸਰੀਰ ਨੂੰ ਗਰਮ ਕਰ ਕੇ ਜਿਸ ਤਰ੍ਹਾਂ ਬਾਹਰ ਨਿਕਲਦੇ ਹਨ, ਤਾਂ ਸਾਡੇ ਸਰੀਰ ਨੂੰ ਹਵਾ ਲੱਗ ਜਾਂਦੀ ਹੈ, ਕਿਉਂਕਿ ਬਾਹਰ ਦਾ ਤਾਪਮਾਨ ਘੱਟ ਹੁੰਦਾ ਹੈ। ਹੀਟਰ ਦੀ ਜ਼ਿਆਦਾ ਵਰਤੋਂ ਕਰਨ ਨਾਲ ਚਮੜੀ ਖੁਸ਼ਕ ਹੋ ਜਾਂਦੀ ਹੈ ਅਤੇ ਅੱਖਾਂ ਦੀ ਨਮੀ ਨੂੰ ਖਤਰਾ ਹੋ ਜਾਂਦਾ ਹੈ, ਜਿਸ ਨਾਲ ਡਰਾਈ ਆਈਸ ਦੀ ਸਮੱਸਿਆ ਦਾ ਸ਼ਿਕਾਰ ਹੋਣਾ ਪੈਂਦਾ ਹੈ। ਵੈਸੇ ਤਾਂ ਹੀਟਰਾਂ, ਬਲੋਅਰ ਤੋਂ ਗੁਰੇਜ਼ ਹੀ ਕਰਨਾ ਚਾਹੀਦਾ ਹੈ, ਕਿਉਂਕਿ ਇਨ੍ਹਾਂ ਦੇ ਫਾਇਦੇ ਘੱਟ ਤੇ ਨੁਕਸਾਨ ਜ਼ਿਆਦਾ ਹੁੰਦੇ ਹਨ। ਬਾਥਰੂਮ ਵਿਚ ਕਦੇ ਵੀ ਗੈਸ ਗੀਜਰ ਨਹੀਂ ਲਗਾਉਣਾ ਚਾਹੀਦਾ। ਹੋ ਸਕੇ ਤਾਂ ਤਾਜ਼ੇ ਪਾਣੀ ਨਾਲ ਹੀ ਘਰ ਦਾ ਕੰਮ-ਕਾਜ ਕਰਨਾ ਚਾਹੀਦਾ ਹੈ। ਨਹਾਉਣ ਲਈ ਵੀ ਤਾਜੇ ਪਾਣੀ ਦੀ ਵਰਤੋਂ ਕਰਨੀ ਚਾਹੀਦੀ ਹੈ।

-ਸੰਜੀਵ ਸਿੰਘ ਸੈਣੀ, ਮੋਹਾਲੀ,78889-66168

ਖੇਤੀ ਚੁਣੌਤੀਆਂ, ਆਰਥਿਕਤਾ ਅਤੇ ਕਿਸਾਨ ਅੰਦੋਲਨ

ਗੁਰਮੀਤ ਸਿੰਘ ਪਲਾਹੀ

ਖੇਤੀ ਖੇਤਰ ਵੱਲ ਕਦੇ ਵੀ ਸਰਕਾਰਾਂ ਵੱਲੋਂ ਸੰਜੀਦਾ ਧਿਆਨ ਨਹੀਂ ਦਿੱਤਾ ਗਿਆ, ਸਗੋਂ ਅੰਤਰਰਾਸ਼ਟਰੀ ਪ੍ਰਭਾਵ 'ਚ ਕਿਸਾਨ ਅਤੇ ਖੇਤੀ ਮਾਰੂ ਨੀਤੀਆਂ ਘੜੀਆਂ ਗਈਆਂ। ਜੇਕਰ ਖੇਤੀ ਖੇਤਰ 'ਚ ਪੈਦਾ ਹੋ ਰਹੀਆਂ ਅਨਿਸ਼ਚਿਤਾਵਾਂ ਦੂਰ ਕਰਨ ਲਈ ਢੰਗ ਵਰਤੇ ਗਏ ਹੁੰਦੇ, ਸਾਂਝੀ ਖੇਤੀ ਦਾ ਸੰਕਲਪ ਦੇਸ਼ 'ਚ ਲਿਆਂਦਾ ਗਿਆ ਹੁੰਦਾ ਤਾਂ ਫਿਰ ਖੇਤੀ ਖੇਤਰ ਦੇਸ਼ ਦੀ ਜੀ ਡੀ ਪੀ ਦਾ ਮੁੱਖ ਅਧਾਰ ਬਣਿਆ ਹੁੰਦਾ। ਦੇਸ਼ ਦਾ ਕਿਸਾਨ ਵੀ ਸੌਖਾ ਹੁੰਦਾ ਅਤੇ ਦੇਸ਼ ਦੇ ਲੋਕਾਂ ਦੀ ਕਾਰਪੋਰੇਟ ਖੇਤਰ ਦੇ ਧੰਨ-ਕੁਬੇਰਾਂ ਉਤੇ ਨਿਰਭਰਤਾ ਘੱਟ ਹੁੰਦੀ।

ਖੇਤੀ ਖੇਤਰ ਵਿੱਚ ਮੰਦੀ ਦਾ ਸਿੱਧਾ ਅਸਰ ਕਿਸਾਨਾਂ ਉਤੇ ਪੈਂਦਾ ਹੈ। ਜੇਕਰ ਖੇਤੀ ਖੇਤਰ ਦੀ ਵਿਕਾਸ ਦਰ 'ਚ ਮੰਦੀ ਆਏਗੀ ਤਾਂ ਕਿਸਾਨਾਂ ਦੀ ਆਮਦਨ 'ਚ ਕਮੀ ਆਏਗੀ, ਜਿਸ ਨਾਲ ਉਹਨਾ ਦੀ ਆਰਥਿਕ ਕਮਜ਼ੋਰੀ ਵਧਦੀ ਹੈ।

ਕਿਸਾਨਾਂ ਨੂੰ ਖਾਦ, ਖੇਤੀ ਸੰਦ ਖਰੀਦਣ ਸਮੇਤ ਖੇਤੀ 'ਤੇ ਹੁੰਦੇ ਹੋਰ ਖ਼ਰਚਿਆਂ 'ਤੇ ਨਿਰਭਰ ਹੋਣਾ ਪੈਂਦਾ ਹੈ। ਇਸ ਤੋਂ ਵੀ ਉਤੇ ਕਿਸਾਨਾਂ ਦੀ ਮੰਦੀ ਹਾਲਤ ਉਸ ਵੇਲੇ ਜ਼ਿਆਦਾ ਹੁੰਦੀ ਹੈ ਜਦੋਂ ਉਸ ਨੂੰ ਮੌਸਮ ਦੀ ਮਾਰ ਪੈਂਦੀ ਹੈ, ਫ਼ਸਲਾਂ ਦੀਆਂ ਕੀਮਤਾਂ ਉਤੇ-ਥੱਲੇ ਹੋ ਜਾਂਦੀਆਂ ਹਨ, ਸਿੱਟੇ ਵਜੋਂ ਕਰਜ਼ੇ ਦਾ ਚੱਕਰ ਹੋਰ ਡੂੰਘਾ ਹੁੰਦਾ ਜਾਂਦਾ ਹੈ।

ਕੇਂਦਰੀ ਵਿੱਤ ਵਜ਼ਾਰਤ ਤੋਂ ਲੋਕ ਸਭਾ ਸੈਸ਼ਨ 'ਚ ਜਦੋਂ ਕਿਸਾਨਾਂ ਦੇ ਕਰਜ਼ੇ ਦਾ ਜਵਾਬ ਕਿਸੇ ਮੈਂਬਰ ਨੇ ਮੰਗਿਆ ਤਾਂ ਜਵਾਬ ਵਿੱਚ ਨਵਾਰਡ ਵੱਲੋਂ ਉਪਲੱਬਧ ਅੰਕੜੇ ਪੇਸ਼ ਕੀਤੇ ਗਏ, ਜਿਸ ਅਨੁਸਾਰ ਦੇਸ਼ ਦੀਆਂ ਸਾਰੀਆਂ ਤਰ੍ਹਾਂ ਦੀਆਂ ਬੈਂਕਾਂ ਦਾ ਲੱਗਭੱਗ 16 ਕਰੋੜ ਕਿਸਾਨਾਂ ਸਿਰ ਇੱਕੀ ਲੱਖ ਕਰੋੜ ਦਾ ਕਰਜ਼ਾ ਹੈ ਅਤੇ ਇਹਨਾ 16 ਕਰੋੜ ਕਿਸਾਨਾਂ ਉਤੇ ਇਸ ਕਰਜ਼ੇ ਨੂੰ ਜੇਕਰ ਵੰਡ ਦੇਈਏ ਤਾਂ ਪ੍ਰਤੀ ਕਿਸਾਨ ਕਰਜ਼ਾ 1.35 ਲੱਖ ਰੁਪਏ ਹੋ ਜਾਂਦਾ ਹੈ।

ਸੂਬਿਆਂ ਦੇ ਕਿਸਾਨਾਂ ਵਿੱਚੋਂ ਸਭ ਤੋਂ ਵੱਧ ਕਰਜ਼ਾਈ ਰਾਜਸਥਾਨ ਦੇ ਕਿਸਾਨ ਹਨ। ਉੱਥੋਂ ਦੇ 99.97 ਲੱਖ ਕਿਸਾਨਾਂ ਨੇ ਕਰਜ਼ਾ ਲਿਆ ਹੋਇਆ ਹੈ ਅਤੇ ਕਰਜ਼ੇ ਦੀ ਰਕਮ 1.47 ਲੱਖ ਕਰੋੜ ਤੋਂ ਵੀ ਵੱਧ ਹੈ। ਉੱਤਰ ਪ੍ਰਦੇਸ਼ ਦੇ ਕਿਸਾਨ ਵੀ ਘੱਟ ਨਹੀਂ। ਉਥੋਂ ਦੇ 1.51 ਕਰੋੜ ਕਿਸਾਨ ਬੈਂਕਾਂ ਤੋਂ 1.71 ਲੱਖ ਕਰੋੜ ਕਰਜ਼ਾ ਚੁੱਕੀ ਬੈਠੇ ਹਨ। ਗੁਜਰਾਤ ਦੇ 47.51 ਲੱਖ ਕਿਸਾਨਾਂ ਨੇ ਇੱਕ ਲੱਖ ਕਰੋੜ ਤੋਂ ਵੱਧ ਦਾ ਕਰਜ਼ਾ ਲਿਆ ਹੋਇਆ ਹੈ। ਪੰਜਾਬ, ਹਰਿਆਣਾ ਦੇ ਸੂਬੇ ਭਾਵੇਂ ਛੋਟੇ ਹਨ, ਪਰ ਇੱਥੋਂ ਦੇ 99 ਪ੍ਰਤੀਸ਼ਤ ਛੋਟੀ-ਵੱਡੀ ਖੇਤੀ ਕਰਨ ਵਾਲੇ ਕਿਸਾਨ ਕਰਜ਼ੇ ਦਾ ਸੰਤਾਪ ਭੋਗ ਰਹੇ ਹਨ।

ਕਿਸਾਨਾਂ ਦੀ ਖੇਤੀ ਖੇਤਰ ਅਤੇ ਦੇਸ਼ ਦੀ ਆਰਥਿਕਤਾ ਮਜ਼ਬੂਤ ਕਰਨ 'ਚ ਵੱਡੀ ਭੂਮਿਕਾ ਹੈ, ਕਿਉਂਕਿ ਖੇਤੀ ਖੇਤਰ ਹੀ ਦੇਸ਼ ਦੀ ਵੱਡੀ ਆਬਾਦੀ ਦੀਆਂ ਖੁਰਾਕੀ ਜ਼ਰੂਰਤਾਂ ਪੂਰੀਆਂ ਕਰ ਸਕਦਾ ਹੈ ਅਤੇ ਉਹ ਦੇਸ਼ 'ਚ ਰੁਜ਼ਗਾਰ ਪੈਦਾ ਕਰਨ ਵਾਲਾ ਇੱਕ ਮਹੱਤਵਪੂਰਨ ਸਰੋਤ ਹੈ।

ਵਿਕਾਸ ਦਰ ਜਦੋਂ ਕਮਜ਼ੋਰ ਹੁੰਦੀ ਹੈ ਤਾਂ ਖੇਤੀ ਅਧਾਰਤ ਹੋਰ ਕੰਮਾਂ-ਕਾਰਾਂ 'ਤੇ ਵੀ ਇਸ ਦਾ ਅਸਰ ਪੈਂਦਾ ਹੈ। ਕਿਸਾਨ ਬੇਰੁਜ਼ਗਾਰ ਹੁੰਦੇ ਹਨ ਜਾਂ ਖੇਤੀ ਮਜ਼ਦੂਰਾਂ ਨੂੰ ਘੱਟ ਕੰਮ ਮਿਲਦਾ ਹੈ। ਖੇਤੀ ਨਾਲ ਅਧਾਰਤ ਵਪਾਰ ਚੌਪਟ ਹੁੰਦਾ ਹੈ।

2004-05 ਵਿੱਚ ਖੇਤੀ, ਪਸ਼ੂ ਪਾਲਣ ਆਦਿ ਦਾ ਕੁਲ ਮਿਲਾ ਕੇ ਜੀ ਡੀ ਪੀ ਵਿੱਚ ਯੋਗਦਾਨ 21 ਫ਼ੀਸਦੀ ਸੀ। ਪਿਛਲੇ 18 ਸਾਲਾਂ ਵਿੱਚ ਘਟ ਕੇ ਇਹ 16 ਫੀਸਦੀ ਤੱਕ ਸਿਮਟ ਗਿਆ ਹੈ, ਪਰ ਖੇਤਾਂ ਵਿੱਚ ਕੰਮ ਕਰਾ ਰਹੇ ਕਾਮਿਆਂ ਦੀ ਸੰਖਿਆ ਨਹੀਂ ਘਟੀ। ਖੇਤੀ, ਦੇਸ਼ ਵਿੱਚ 55 ਫੀਸਦੀ ਕਾਮਿਆਂ ਨੂੰ ਕੰਮ ਦਿੰਦੀ ਹੈ। ਇਸ ਖੇਤਰ 'ਚ ਲੱਗਭੱਗ ਕੁੱਲ 26 ਕਰੋੜ ਲੋਕ ਕੰਮ ਕਰਦੇ ਹਨ, ਜਿਸ ਦਾ ਅਰਥ ਹੈ ਕਿ ਇਸ ਖੇਤਰ 'ਚ ਲੱਗਭੱਗ 55 ਤੋਂ 57 ਫੀਸਦੀ ਆਬਾਦੀ ਖੇਤੀ 'ਤੇ ਅਧਾਰਤ ਹੈ, ਪਰ ਇਸ ਸਰਕਾਰ ਦੀਆਂ ਨੀਤੀਆਂ ਕਾਰਨ ਖੇਤੀ ਸੰਕਟ ਵਿੱਚ ਹੈ। ਕਿਸਾਨਾਂ ਦੇ ਹਾਲਾਤ ਨਿੱਤ ਵਿਗੜ ਰਹੇ ਹਨ। ਉਹਨਾ ਦੀ ਆਰਥਿਕ ਹਾਲਾਤ ਨਿੱਘਰ ਰਹੇ ਹਨ।

ਮੌਜੂਦਾ ਦੌਰ 'ਚ ਖੇਤੀ ਵੱਡੇ ਸੰਕਟ ਦਾ ਸ਼ਿਕਾਰ ਹੈ। ਕਿਸਾਨਾਂ ਦੀਆਂ ਫ਼ਸਲਾਂ ਦਾ ਭੰਡਾਰਨ ਢਾਂਚਾ ਕਮਜ਼ੋਰ ਹੈ। ਫ਼ਸਲਾਂ ਮੰਡੀਆਂ 'ਚ ਲਿਜਾਣ ਦੇ ਸਾਧਨ ਘੱਟ ਹਨ। ਕਿਸਾਨਾਂ ਦੀਆਂ ਫ਼ਸਲਾਂ ਦੇ ਸਥਾਨਕ ਵਪਾਰੀ, ਵਿਚੋਲੇ, ਆੜ੍ਹਤੀਏ ਪੂਰੀ ਤਰ੍ਹਾਂ ਸ਼ੋਸ਼ਣ ਕਰਦੇ ਹਨ। ਇਸ ਨਾਲ ਕਿਸਾਨਾਂ ਦਾ ਵੱਡਾ ਨੁਕਸਾਨ ਹੁੰਦਾ ਹੈ।

ਕਿਸਾਨ ਦੀ ਫ਼ਸਲ ਦਾ ਉਸ ਨੂੰ ਮੁੱਲ ਕਿਉਂ ਨਾ ਮਿਲੇ? ਉਸ ਦੀ ਜਿਸਮਾਨੀ ਮਿਹਨਤ ਉਹਦੇ ਪੱਲੇ ਕਿਉਂ ਨਾ ਪਵੇ? ਸਰਕਾਰਾਂ ਵੱਲੋਂ ਫ਼ਸਲਾਂ ਖਰੀਦਣ ਜਾਂ ਭੰਡਾਰਨ ਪ੍ਰਬੰਧ ਨਾ ਕਰਨਾ ਕਿਸਾਨਾਂ ਨਾਲ ਸਿੱਧਾ ਧੱਕਾ ਹੈ।

ਦੇਸ਼ 'ਚ ਖੇਤੀ ਖੇਤਰ ਨੂੰ ਕਦੇ ਵੀ ਸਰਕਾਰਾਂ ਵੱਲੋਂ ਸੰਜੀਦਾ ਧਿਆਨ ਨਹੀਂ ਦਿੱਤਾ ਗਿਆ, ਸਗੋਂ ਅੰਤਰਰਾਸ਼ਟਰੀ ਪ੍ਰਭਾਵ 'ਚ ਕਿਸਾਨ ਅਤੇ ਖੇਤੀ ਮਾਰੂ ਨੀਤੀਆਂ ਘੜੀਆਂ ਗਈਆਂ। ਜੇਕਰ ਖੇਤੀ ਖੇਤਰ 'ਚ ਪੈਦਾ ਹੋ ਰਹੀਆਂ ਅਨਿਸ਼ਚਤਾਵਾਂ ਦੂਰ ਕਰਨ ਲਈ ਢੰਗ ਵਰਤੇ ਗਏ ਹੁੰਦੇ। ਸਾਂਝੀ ਖੇਤੀ ਦਾ ਸੰਕਲਪ ਦੇਸ਼ 'ਚ ਲਿਆਂਦਾ ਗਿਆ ਹੁੰਦਾ ਤਾਂ ਫਿਰ ਖੇਤੀ ਖੇਤਰ ਦੇਸ਼ ਦੀ ਜੀ ਡੀ ਪੀ ਦਾ ਮੁੱਖ ਅਧਾਰ ਬਣਿਆ ਹੁੰਦਾ। ਦੇਸ਼ ਦਾ ਕਿਸਾਨ ਵੀ ਸੌਖਾ ਹੁੰਦਾ ਅਤੇ ਦੇਸ਼ ਦੇ ਲੋਕਾਂ ਦੀ ਕਾਰਪੋਰੇਟ ਖੇਤਰ ਦੇ ਧੰਨ-ਕੁਬੇਰਾਂ ਉਤੇ ਨਿਰਭਰਤਾ ਘੱਟ ਹੁੰਦੀ।

ਦੇਸ਼ ਦੇ ਖੇ

21-DEC-PAGE-5.qxd 12/20/2023 9:35 PM Page 1

ਠੇਕਾ ਮੁਲਾਜ਼ਮਾਂ ਨਾਲ 19ਵੀਂ ਵਾਰ ਮੀਟਿੰਗ ਕਰਨ ਤੋਂ ਭੱਜੇ ਮੁੱਖ ਮੰਤਰੀ : ਮੋਰਚਾ ਆਗੂ

ਜਲਾਲਾਬਾਦ, (ਜੀਤ ਕੁਮਾਰ) ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ ਦੇ ਸੂਬਾਈ ਆਗੂਆਂ ਵਰਿੰਦਰ ਸਿੰਘ ਮੋਮੀ, ਜਗਗੁਰੂ ਸਿੰਘ ਲਹਿਰਾ, ਗੁਰਵਿੰਦਰ ਸਿੰਘ ਪੰਨੂੰ, ਬਲਿਹਾਰ ਸਿੰਘ ਕਟਾਰੀਆ, ਜਸਵੀਰ ਸਿੰਘ ਜੱਸੀ, ਸਿਮਰਨਜੀਤ ਸਿੰਘ ਨੀਲੋਂ, ਜਸਪ੍ਰੀਤ ਸਿੰਘ ਗਗਨ, ਜਗਸੀਰ ਸਿੰਘ ਭੰਗੂ, ਭੁਪਿੰਦਰ ਸਿੰਘ ਕੁਤਬੇਵਾਲ ਨੇ ਕਿਹਾ ਕਿ ਸਰਕਾਰੀ ਵਿਭਾਗਾਂ ਦੇ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ 'ਚ ਸ਼ਾਮਲ ਕਰਕੇ ਪੱਕਾ ਕਰਨ ਦੀ ਮੰਗ ਲਈ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਵੱਲੋਂ 9 ਦਸੰਬਰ ਨੂੰ ਲਾਡੋਵਾਲ ਦੇ ਨਜ਼ਦੀਕ ਅਮ੍ਰਿਤਸਰ-ਦਿੱਲੀ ਨੈਸ਼ਨਲ ਹਾਈਵੇ ਨੂੰ ਜਾਮ ਕੀਤਾ ਗਿਆ ਸੀ।

ਇਸ ਦੌਰਾਨ ਲੁਧਿਆਣਾ ਦੇ ਪ੍ਰਸ਼ਾਸਨ ਏ.ਡੀ.ਸੀ-ਏ.ਐੱਸ. ਬੈਂਸ, ਡੀ.ਸੀ.ਪੀ.ਜਸਕਰਨ ਸਿੰਘ ਤੇਜਾ, ਐੱਸ.ਡੀ.ਐੱਮ ਹਰਜਿੰਦਰ ਸਿੰਘ ਤੇ ਡੀ.ਐੱਸ.ਪੀ ਮੈਡਮ ਰੁਪਿੰਦਰ ਕੌਰ ਸਰਾਂ ਵੱਲੋਂ ਮੋਰਚੇ ਨੂੰ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਨਾਲ 20 ਦਸੰਬਰ ਨੂੰ 01 ਵਜੇ ਮੁੱਖ ਮੰਤਰੀ ਦਫ਼ਤਰ ਵੱਲੋਂ ਮੀਟਿੰਗ ਕਰਾਉਣ ਦਾ ਲਿਖਤੀ ਪੱਤਰ ਜਾਰੀ ਕਰਕੇ ਨੈਸ਼ਨਲ ਹਾਈਵੇ ਜਾਮ ਖੁਲ੍ਹਵਾਇਆ ਸੀ, ਪਰ ਅੱਜ ਜਦੋਂ ਮੋਰਚੇ ਦੀ ਸੂਬਾ ਕਮੇਟੀ ਦੇ ਆਗੂ ਮੀਟਿੰਗ ਕਰਨ ਲਈ ਮੁੱਖ ਦਫ਼ਤਰ ਚੰਡੀਗੜ੍ਹ ਪਹੁੰਚੇ ਤਾਂ ਪਿਛਲੇ ਵਰਤਾਰੇ ਦੀ ਤਰ੍ਹਾਂ ਹੀ ਇਕ ਵਾਰ ਫ਼ਿਰ ਮੁੱਖ ਮੰਤਰੀ ਪੰਜਾਬ 19ਵੀਂ ਵਾਰ ਜਰੂਰੀ ਰੁਝੇਵਿਆਂ ਦਾ ਹਵਾਲਾ ਦੇ ਕੇ ਮੋਰਚੇ ਨਾਲ ਠੇਕਾ ਮੁਲਾਜ਼ਮਾਂ ਨਾਲ ਧੋਖਾ ਕਰ ਰਹੀ ਹੈ ਅਤੇ ਵੱਖ-ਵੱਖ ਸਰਕਾਰੀ ਵਿਭਾਗਾਂ ਜਿਵੇਂ ਕਿ ਜਲ ਸਪਲਾਈ ਅਤੇ ਸੈਨੀਟੇਸ਼ਨ, ਪਾਵਰਕਾਮ ਸਮੇਤ ਸਮੂਹ ਸਰਕਾਰੀ ਥਰਮਲ ਪਲਾਂਟਾਂ-ਹਾਈਡਲ ਪ੍ਰਾਜੈਕਟਾਂ, ਵੇਰਕਾ ਮਿਲਕ , ਸੀਵਰੇਜ ਬੋਰਡ, ਲੋਕ ਨਿਰਮਾਣ ਵਿਭਾਗ (ਬਿਜਲੀ ਵਿੰਗ) ਤੇ ਸਿਹਤ ਵਿਭਾਗ ਵਿੱਚ ਆਊਟਸੋਰਸ ਅਤੇ ਇਨਲਿਸਟਮੈਂਟ ਆਦਿ ਕੈਟਾਗਿਰੀਆਂ ਰਾਹੀਂ ਪਿਛਲੇ 15-20 ਸਾਲਾਂ ਤੋਂ ਲਗਾਤਾਰ ਸੇਵਾਵਾਂ ਦੇ ਰਹੇ ਠੇਕਾ ਮੁਲਾਜ਼ਮਾਂ ਨੂੰ ਵਿਭਾਗਾਂ ਵਿੱਚ ਪੱਕਾ ਨਾ ਕਰਕੇ ਧ੍ਰੋਹ ਕਰ ਰਹੀ ਹੈ।

ਪੰਜਾਬ ਸਰਕਾਰ ਵੱਲੋਂ ਆਪਣੇ ਪੌਣੇ ਦੋ ਸਾਲਾਂ ਦੇ ਕਾਰਜਕਾਲ ਵਿੱਚ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਸੰਬੰਧੀ ਅਜੇ ਤੱਕ ਕੋਈ ਵੀ ਨੀਤੀ ਨਹੀਂ ਬਣਾਈ, ਜਿਸ ਤੋਂ ਸਾਫ਼ ਜ਼ਾਹਿਰ ਹੁੰਦਾ ਹੈ ਕਿ ਆਪ ਸਰਕਾਰ ਵੀ ਪਿਛਲੀਆਂ ਸਰਕਾਰਾਂ ਦੀ ਤਰਾਂ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਲਈ ਸੁਹਿਰਦ ਨਹੀਂ ਹੈ। ਮੋਰਚੇ ਦੇ ਸੂਬਾਈ ਆਗੂਆਂ ਨੇ ਅਗਲੇ ਸੰਘਰਸ਼ ਦਾ ਐਲਾਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਵੱਲੋਂ 19ਵੀਂ ਵਾਰ ਮੀਟਿੰਗ ਕਰਨ ਤੋਂ ਭੱਜ ਜਾਣ ਦੇ ਵਿਰੋਧ ਵਜੋਂ 30 ਦਸੰਬਰ ਨੂੰ ਸਮੁੱਚੇ ਪੰਜਾਬ ਵਿੱਚ ਮੁੱਖ ਮੰਤਰੀ ਪੰਜਾਬ ਸਰਕਾਰ ਦੇ ਪੁਤਲੇ ਫੂਕੇ ਜਾਣਗੇ।

ਜਮਹੂਰੀ ਅਧਿਕਾਰ ਸਭਾ ਦੇ ਸੈਮੀਨਾਰ 'ਚ ਹੋਈ ਮਨੁੱਖੀ ਅਧਿਕਾਰਾਂ 'ਤੇ ਚਰਚਾ

ਸਿਰਸਾ (ਸੁਰਿੰਦਰ ਪਾਲ ਸਿੰਘ) ਬਾਬਾ ਸੋਹਣ ਸਿੰਘ ਭਕਨਾਂ ਹਾਲ ਰਾਣੀਆਂ ਵਿਖੇ ਜਮਹੂਰੀ ਅਧਿਕਾਰ ਸਭਾ ਵੱਲੋਂ ਸਾਮਰਾਜਵਾਦੀ ਯੁੱਧ ਅਤੇ ਮਨੁੱਖੀ ਅਧਿਕਾਰਾਂ ਦਾ ਕਤਲ ਵਿਸ਼ੇ 'ਤੇ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਸਮਾਗਮ ਵਿਚ ਫ਼ਲਸਤੀਨੀ ਲੋਕਾਂ, ਸਾਹਿਤਕਾਰ ਅਤੇ ਕਵੀ ਅਹਿਮਦ ਸਲੀਮ ਨੂੰ ਮੌਨ ਸ਼ਰਧਾਂਜਲੀ ਦੇ ਕੇ ਕੀਤੀ ਗਈ।ਪ੍ਰੋਗਰਾਮ ਦਾ ਅਗਾਜ਼ ਕੁਲਦੀਪ ਸਿਰਸਾ ਦੇ ਕ੍ਰਾਂਤੀਕਾਰੀ ਗੀਤ ਨਾਲ ਹੋਇਆ। ਇਸਤੋਂ ਬਾਅਦ ਨੌਜਵਾਨ ਭਾਰਤ ਸਭਾ ਦੇ ਪ੍ਰਧਾਨ ਛਿੰਦਰਪਾਲ ਅਤੇ ਜਮਹੂਰੀ ਅਧਿਕਾਰ ਸਭਾ ਹਰਿਆਣਾ ਦੇ ਪ੍ਰਧਾਨ ਡਾਕਟਰ ਛਿੰਦਰਪਾਲ ਨੇ ਇਜ਼ਰਾਈਲ ਦੇ ਇਤਿਹਾਸ ਅਤੇ ਫਲਸਤੀਨ ਦੇ ਬੇਕਸੂਰ ਲੋਕਾਂ ਦੇ ਕਤਲੇਆਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਡਾ. ਸੁਖਦੇਵ ਦੱਸਿਆ ਕਿ ਸਾਮਰਾਜੀ ਸ਼ਕਤੀਆਂ ਆਪਣੇ ਹੀ ਲੋਕਾਂ ਉੱਤੇ ਜੰਗਾਂ ਥੋਪ ਰਹੀਆਂ ਹਨ, ਜਿਸਦੀਆਂ ਸੀਰੀਆ ਅਤੇ ਫਲਸਤੀਨ ਤਾਜ਼ੀਆਂ ਮਿਸਾਲਾਂ ਹਨ। ਸਭਾ ਦੇ ਮੰਚ ਸੰਚਾਲਕ ਜਮਹੂਰੀ ਅਧਿਕਾਰ ਸਭਾ ਹਰਿਆਣਾ ਦੇ ਜਨਰਲ ਸਕੱਤਰ ਦਵਿੰਦਰ ਰਾਣੀਆਂ ਨੇ ਕਿਹਾ ਕਿ ਸਮਾਗਮ ਵਿਚ ਵਿਚਾਰ ਚਰਚਾ ਕਰਨ ਵਾਲਿਆ ਵਿੱਚ ਛਿੰਦਰਪਾਲ, ਗੁਲਜ਼ਾਰ ਹੁੰਦਲ,ਕਿਸਾਨ ਆਗੂ ਹਰਦੇਵ ਸਿੰਘ ਸੰਧੂ ਅਤੇ ਨੌਜਵਾਨ ਕਸ਼ਮੀਰ ਸਿੰਘ ਸ਼ਾਮਲ ਸਨ। ਸੈਮੀਨਾਰ ਦੇ ਅੰਤ ਵਿੱਚ ਮਨੁੱਖੀ ਅਧਿਕਾਰ ਕਾਰਕੁੰਨ ਮਾਸਟਰ ਭਗਵਾਨ ਦਾਸ ਨੇ ਹਾਜ਼ਰ ਸਰੋਤਿਆਂ ਦਾ ਧੰਨਵਾਦ ਕੀਤਾ।

ਹਰਿਆਣਾ ਕਮੇਟੀ ਚੋਣਾਂ ਲਈ ਖਰੜਾ ਵੋਟਰ ਸੂਚੀ ਪ੍ਰਕਾਸ਼ਤ

ਸਿਰਸਾ (ਸੁਰਿੰਦਰ ਪਾਲ ਸਿੰਘ) ਡਿਪਟੀ ਕਮਿਸ਼ਨਰ ਪਾਰਥ ਗੁਪਤਾ ਨੇ ਦੱਸਿਆ ਕਿ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਲਈ ਖਰੜਾ ਵੋਟਰ ਸੂਚੀ ਪਿਛਲੇ ਦਿਨੀਂ ਪ੍ਰਕਾਸ਼ਿਤ ਕਰ ਦਿੱਤੀ ਗਈ ਹੈ।ਉਨ੍ਹਾਂ ਕਿਹਾ ਕਿ ਡਰਾਫਟ ਵੋਟਰ ਸੂਚੀ ਦੀ ਇੱਕ ਕਾਪੀ ਸਬੰਧਤ ਡਿਪਟੀ ਕਮਿਸ਼ਨਰ ਸਿਰਸਾ ਦੀ ਵੈੱਬਸਾਈਟ ਤੇ ਵੀ ਉਪਲਬਧ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਸਿੱਖ ਜੋ ਲੋੜੀਂਦੀ ਯੋਗਤਾ ਪੂਰੀ ਕਰਦਾ ਹੈ ਅਤੇ ਜਿਸਨੇ ਹਾਲੇ ਤੱਕ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਵੋਟਰ ਸੂਚੀ ਵਿੱਚ ਆਪਣਾ ਨਾਂਅ ਦਰਜ ਨਹੀਂ ਕਰਾਇਆ, ਉਹ 3 ਜਨਵਰੀ ਤੱਕ ਰਿਟਰਨਿੰਗ ਅਫ਼ਸਰ ਰਿਟਰਨਿੰਗ ਅਫ਼ਸਰ, ਤਹਿਸੀਲਦਾਰ,ਪਟਵਾਰੀ ਕੋਲ ਜਾ ਕੇ ਆਪਣਾ ਨਾਂਅ ਦਰਜ ਕਰਾ ਸਕਦਾ ਹੈ।ਡੀ ਸੀ ਸਿਰਸਾ ਦਾ ਕਹਿਣਾ ਹੈ ਕਿ ਵੋਟਰ ਸੂਚੀ ਤੇ ਇਤਰਾਜ਼ ਉਕਤ ਸਮੇਂ ਦੌਰਾਨ ਹੀ ਦਰਜ ਕੀਤੇ ਜਾ ਸਕਦੇ ਹਨ ਅਤੇ ਨਾਂਅ ਰਜਿਸਟ੍ਰੇਸ਼ਨ ਲਈ ਅਰਜ਼ੀ ਫਾਰਮ ਰਿਟਰਨਿੰਗ ਅਫ਼ਸਰ, ਤਹਿਸੀਲਦਾਰ, ਪਟਵਾਰੀ ਤੋ ਥਿਨ੍ਹਾਂ ਦਫ਼ਤਰ ਦੀ ਵੈੱਬਸਾਈਟ ਤੋਂ ਵੀ ਡਾਊਨਲੋਡ ਕੀਤਾ ਜਾ ਸਕਦਾ ਹੈ।

ਸਰਕਾਰੀ ਕਣਕ 'ਤੇ ਪਾਇਆ ਜਾ ਰਿਹੈ ਪਾਣੀ

ਪੱਤਰਕਾਰਾਂ ਨੇ ਕੈਮਰਿਆਂ 'ਚ ਕਣਕ 'ਤੇ ਪਾਣੀ ਪਾਉਣ ਦਾ ਦ੍ਰਿਸ਼ ਕੀਤਾ ਕੈਦ

ਗੁਰੂਹਰਸਹਾਏ : ਸਰਕਾਰੀ ਕਣਕ ਨਾਲ ਛੇੜਛਾੜ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨੂੰ ਪੱਤਰਕਾਰਾਂ ਨੇ ਆਪਣੇ ਕੈਮਰਿਆਂ ਵਿਚ ਕੈਦ ਕਰ ਲਿਆ ਹੈ। ਪਿੰਡ ਸਵਰੂਪ ਸਿੰਘ ਵਾਲਾ ਵਿੱਚ ਬਣੇ ਸ਼ਿਵਾ ਗੋਦਾਮ ਵਿੱਚ ਫੂਡ ਸਪਲਾਈ, ਪਨਗ੍ਰੇਨ ਅਤੇ ਪਨਸਪ ਵਿਭਾਗ ਵੱਲੋਂ ਸੰਭਾਲ ਲਈ ਕਣਕ ਰੱਖੀ ਗਈ ਹੈ। ਦੱਸਿਆ ਜਾਂਦਾ ਹੈ ਕਿ ਇਸ ਗੋਦਾਮ ਵਿੱਚ ਅਕਸਰ ਹੀ ਅਨਾਜ ਦੀ ਹੇਰਾਫੇਰੀ ਕੀਤੀ ਜਾਂਦੀ ਰਹੀ ਹੈ ਤੇ ਇਹ ਹੇਰਾਫੇਰੀ ਕਣਕ ਦਾ ਭਾਰ ਵਧਾਉਣ ਤੋਂ ਬਾਅਦ ਕੀਤੀ ਜਾਂਦੀ ਹੈ। ਇਸ ਵਾਰ ਕੁਝ ਪੱਤਰਕਾਰਾਂ ਨੂੰ ਕਣਕ ਦਾ ਵਜ਼ਨ ਪਾਣੀ ਪਾ ਕੇ ਵਧਾਇਆ ਜਾ ਰਿਹਾ ਹੈ, ਦੀ ਸੂਚਨਾ ਮਿਲੀ ਤਾਂ ਪੱਤਰਕਾਰ ਸ਼ਿਵਾ ਗੋਦਾਮ ਸਵਰੂਪ ਸਿੰਘ ਵਾਲਾ ਵਿਖੇ ਪੁੱਜੇ। ਜਦੋਂ ਪੱਤਰਕਾਰ ਗੋਦਾਮ ਪੁੱਜੇ ਤਾਂ ਦੇਖਿਆ ਕਿ ਗੋਦਾਮ ਦੇ ਅੰਦਰ ਪਾਣੀ ਦੀ ਮੋਟਰ ਨਾਲ ਫਿੱਟ ਕੀਤੀ ਲੰਬੀ ਪਾਈਪ ਨਾਲ ਕਣਕ ਦੀਆਂ ਬੋਰੀਆਂ 'ਤੇ ਪਾਣੀ ਪਾਇਆ ਜਾ ਰਿਹਾ ਸੀ, ਜਿਸ ਨੂੰ ਪੱਤਰਕਾਰਾਂ ਨੇ ਆਪਣੇ ਕੈਮਰੇ 'ਚ ਕੈਦ ਕਰ ਲਿਆ।

ਡਿਊਟੀ 'ਤੇ ਮੌਜੂਦ ਕਰਮਚਾਰੀ ਗੁੱਸੇ 'ਚ ਆ ਗਏ ਅਤੇ ਆਪਣੇ ਭੇਤ ਦਾ ਪਰਦਾਫਾਸ਼ ਹੁੰਦੇ ਦੇਖ ਉਨ੍ਹਾਂ ਪੱਤਰਕਾਰਾਂ ਦੇ ਕੈਮਰੇ ਖੋਹਣ ਦੀ ਕੋਸ਼ਿਸ਼ ਕੀਤੀ ਅਤੇ ਪੱਤਰਕਾਰਾਂ ਨਾਲ ਬਦਤਮੀਜ਼ੀ ਕਰਨੀ ਸ਼ੁਰੂ ਕਰ ਦਿੱਤੀ। ਇਸ ਮਾਮਲੇ ਸਬੰਧੀ ਲੋਕਾਂ ਨੇ ਨਾਂਅਅ ਨਾ ਛਾਪਣ ਦੀ ਸ਼ਰਤ ਨਾਲ ਦੱਸਿਆ ਕਿ ਕਣਕ ਦੀਆਂ ਬੋਰੀਆਂ 'ਤੇ ਪਾਣੀ ਪਾ ਕੇ ਕਣਕ ਦਾ ਭਾਰ ਵਧਾਇਆ ਜਾਂਦਾ ਹੈ ਅਤੇ ਉਸ ਤੋਂ ਬਾਅਦ ਵਧੀ ਹੋਈ ਕਣਕ ਵੇਚ ਦਿੱਤੀ ਜਾਂਦੀ ਹੈ। ਲੋਕਾਂ ਨੇ ਦੱਸਿਆ ਕਿ ਪਾਣੀ ਪਾਉਣ ਨਾਲ ਕਣਕ ਦੀ ਗੁਣਵੱਤਾ ਪੂਰੀ ਤਰ੍ਹਾਂ ਖਰਾਬ ਹੋ ਜਾਂਦੀ ਹੈ, ਜੋ ਖਾਣ ਦੇ ਲਾਇਕ ਨਹੀਂ ਰਹਿੰਦੀ ਅਤੇ ਉਕਤ ਮੁਲਾਜ਼ਮਾਂ ਵੱਲੋਂ ਇਸ ਕਣਕ ਨੂੰ ਡਿਪੂਆਂ ਅਤੇ ਹੋਰ ਰਾਜਾਂ ਨੂੰ ਵਿਸ਼ੇਸ਼ ਸਪੈਸ਼ਲ ਰਾਹੀਂ ਭੇਜਿਆ ਜਾਂਦਾ ਹੈ, ਜੋ ਲੋਕਾਂ ਵਿੱਚ ਵੰਡੀ ਜਾਂਦੀ ਹੈ।

ਸਮਾਜ ਸੇਵੀ ਅਤੇ ਲੋਕਾਂ ਨੇ ਮੁੱਖ ਮੰਤਰੀ ਪੰਜਾਬ ਅਤੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਅਜਿਹਾ ਘਪਲਾ ਕਰਨ ਵਾਲਿਆਂ ਖਿਲਾਫ ਤੁਰੰਤ ਕਾਰਵਾਈ ਕੀਤੀ ਜਾਵੇ।

ਇਸ ਸਬੰਧੀ ਜਦੋਂ ਫੂਡ ਸਪਲਾਈ ਅਫਸਰ ਸਮਰਜੀਤ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਉਣ ਤੋਂ ਬਾਅਦ ਉਨ੍ਹਾਂ ਇੰਸਪੈਕਟਰਾਂ ਦੀ ਟੀਮ ਬਣਾ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ। ਸਮਰਜੀਤ ਸਿੰਘ ਨੇ ਕਿਹਾ ਕਿ ਜੇਕਰ ਕਿਸੇ ਕਿਸਮ ਦੀ ਧੋਖਾਧੜੀ ਦਾ ਮਾਮਲਾ ਸਾਹਮਣੇ ਆਇਆ ਤਾਂ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਕਾਤਰਾਂ

ਦੇਵ ਮਾਨ ਨੇ ਕੀਤਾ ਮੁੱਖ ਮੰਤਰੀ ਦੀ ਸੁਪਤਨੀ ਦਾ ਸਨਮਾਨ

ਨਾਭਾ (ਵਰਿੰਦਰ ਵਰਮਾ, ਤੇਜਾ ਸਿੰਘ) ਮਹਾਰਾਜਾ ਹੀਰਾ ਸਿੰਘ ਜੀ ਦਾ 180ਵਾਂ ਜਨਮ ਦਿਹਾੜਾ ਕਿਲਾ ਨਾਭਾ ਵਿਖੇ ਹਲਕਾ ਵਿਧਾਨ ਸਭਾ ਨਾਭਾ ਤੋ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਦੀ ਅਗਵਾਈ ਵਿੱਚ ਮਨਾਇਆ ਗਿਆ ਅਤੇ ਧਾਰਮਿਕ ਸਮਾਗਮ ਕਰਾਇਆ ਗਿਆ। ਸਮਾਗਮ ਵਿੱਚ ਭਗਵੰਤ ਸਿੰਘ ਮਾਨ ਦੇ ਧਰਮ ਪਤਨੀ ਡਾ ਗੁਰਪ੍ਰੀਤ ਕੌਰ ਮਾਨ ਨਿੱਜੀ ਕਾਰਨਾਂ ਕਰਕੇ ਪੁਹੰਚ ਨਹੀਂ ਸਕੇ ਸੀ।ਦੇਵ ਮਾਨ ਵੱਲੋਂ ਡਾ ਗੁਰਪ੍ਰੀਤ ਕੌਰ ਮਾਨ ਨੂੰ ਮਹਾਰਾਜਾ ਹੀਰਾ ਸਿੰਘ ਦਾ ਯਾਦਗਾਰੀ ਚਿੰਨ੍ਹ ਦੇ ਕੇ ਵਿਸੇਸ਼ ਸਨਮਾਨ ਕੀਤਾ ਗਿਆ।ਸਨਮਾਨਤ ਹੋਣ ਉਪਰੰਤ ਡਾਕਟਰ ਗੁਰਪ੍ਰੀਤ ਕੌਰ ਨੇ ਕਿਹਾ ਕਿ ਹਲਕਾ ਵਿਧਾਇਕ ਦੇਵ ਮਾਨ ਵੱਲੋਂ ਧਰਮੀ ਮਹਾਰਾਜਾ ਹੀਰਾ ਸਿੰਘ ਜੀ ਦਾ ਜਨਮ ਦਿਹਾੜਾ ਮਨਾਉਣਾ ਬਹੁਤ ਵਧੀਆ ਉਪਰਾਲਾ ਹੈ।

ਵਿਦਿਆਰਥੀਆਂ ਨੂੰ ਦਸਤਾਰ ਮੁਕਾਬਲਿਆਂ 'ਚ ਹਿੱਸਾ ਲੈਣ ਕਾਰਨ ਸਨਮਾਨਤ ਕੀਤਾ

ਧਰਮਕੋਟ (ਗੁਰਦੀਪ ਸਿੰਘ ਭੁੱਲਰ) ਯੂ.ਕੇ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੂੰ ਪਿਛਲੇ ਦਿਨੀਂ ਗੁਰਦੁਆਰਾ ਗੁਰੂ ਤੇਗ ਬਹਾਦਰ ਸਾਹਿਬ ਵਿਖੇ ਹੋਏ ਦਸਤਾਰ ਮੁਕਾਬਲਿਆਂ ਵਿੱਚ ਹਿੱਸਾ ਲੈਣ ਵਾਲੇ ਵਿਦਿਆਰਥੀਆਂ ਨੂੰ ਸਕੂਲ ਦੇ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਰਾਣਾ ਬਾਸੀ, ਕੁਲਵੰਤ ਸਿੰਘ ਚੀਮਾ, ਬਲਿਹਾਰ ਸਿੰਘ, ਬਲਕਾਰ ਸਿੰਘ ਤੇ ਸਕੂਲ ਦੇ ਪ੍ਰਿੰਸੀਪਲ ਮੈਡਮ ਕੋਮਲ ਅਗਰਵਾਲ ਵੱਲੋਂ ਬੱਚਿਆਂ ਨੂੰ ਦਸਤਾਰਾਂ ਦੇ ਕੇ ਸਨਮਾਨਤ ਕੀਤਾ ਗਿਆ।ਉਨ੍ਹਾਂ ਨੇ ਬੱਚਿਆਂ ਨੂੰ ਇੱਕ ਸਿੱਖ ਦੇ ਲਈ ਦਸਤਾਰ ਦੇ ਮਹੱਤਵ ਬਾਰੇ ਵਿਸ਼ੇਸ਼ ਜਾਣਕਾਰੀ ਦਿੱਤੀ ਅਤੇ ਬੱਚਿਆਂ ਨੂੰ ਗੁਰਬਾਣੀ ਵਿੱਚ ਹਿੱਸਾ ਲੈਣ ਦੇ ਲਈ ਵੱਧ ਤੋਂ ਵੱਧ ਪ੍ਰੇਰਿਆ ਅਤੇ ਕਿਹਾ ਕਿ ਸਾਨੂੰ ਗੁਰੂ ਸਾਹਿਬਾਨਾਂ ਦੇ ਸਿਧਾਂਤਾਂ ਉੱਪਰ ਚੱਲਣਾ ਚਾਹੀਦਾ ਹੈ ਅਤੇ ਗੁਰੂ ਦੇ ਹੁਕਮ ਅਨੁਸਾਰ ਹੀ ਭਾਣੇ ਨੂੰ ਮੰਨਣਾ ਚਾਹੀਦਾ ਹੈ। ਇਸ ਮੌਕੇ ਸਕੂਲ ਦੇ ਸਟਾਫ਼ ਮੈਂਬਰ ਤੇ ਵਿਦਿਆਰਥੀ ਸ਼ਾਮਲ ਸਨ।

ਨਸ਼ੇ ਵਾਲੇ ਕੈਪਸੂਲ ਵੇਚਣ ਵਾਲੇ ਕੈਮਿਸਟ ਦਾ ਲਾਇਸੰਸ ਰੱਦ

ਬਠਿੰਡਾ (ਪਰਵਿੰਦਰ ਜੀਤ ਸਿੰਘ) ਪੰਜਾਬ ਸਰਕਾਰ ਤੇ ਡੀ.ਸੀ ਬਠਿੰਡਾ ਵੱਲੋਂ ਚਲਾਈ ਨਸ਼ਾ ਵਿਰੋਧੀ ਮਹਿੰਮ ਤਹਿਤ ਬਠਿੰਡਾ ਜ਼ਿਲ੍ਹੇ ਦੇ ਪਿੰਡ ਦਾਨ ਸਿੰਘ ਵਾਲਾ ਵਿਖੇ ਬੀ ਡੀ ਐਸ ਮੈਡੀਕਲ ਸਟੋਰ ਦਾ ਲਾਈਸੈਂਸ ਕੈਂਸਲ ਕਰ ਦਿੱਤਾ ਗਿਆ। ਜਾਣਕਾਰੀ ਮੁਤਾਬਕ 9.6.2023 ਨੂੰ ਪਹਿਲੀ ਵਾਰ ਮੈਡੀਕਲ ਸਟੋਰ ਚੈੱਕ ਕੀਤਾ ਤਾਂ ਦੁਕਾਨ ਵਿੱਚ ਪ੍ਰੀਗਬਾਲਨ ਦੇ ਕੈਪਸੂਲ ਬਰਾਮਦ ਹੋਏ ਤੇ ਦੁਕਾਨ ਨੂੰ ਸੀਲ ਕਰ ਦਿੱਤਾ ਗਿਆ ਤੇ ਨਾਲ ਹੀ ਨੋਟਿਸ ਦਿੱਤਾ ਕਿ ਅੱਗੇ ਤੋਂ ਜਿਹਾ ਕੰਮ ਨਾ ਕਰੇ ਤੇ ਦੂਜੀ ਵਾਰ ਫਿਰ ਇਤਲਾਹ 7.7.2023 ਮਿਲੀ ਕਿ ਦੁਬਾਰਾ ਫਿਰ ਕੈਪਸੂਲ ਵੇਚ ਰਿਹਾ ਹੈ। ਮੈਡੀਕਲ ਸਟੋਰ ਾ ਦੁਬਾਰਾ ਫਿਰ ਸੀਲ ਕਰ ਦਿੱਤਾ। ਵਾਰ-ਵਾਰ ਹਦਾਇਤ ਕਰਨ 'ਤੇ ਮੈਡੀਕਲ ਸਟੋਰ ਵਾਲਾ ਬਾਜ਼ ਨਹੀਂ ਆਇਆ ਤਾਂ ਸਰਕਾਰ ਨੇ 21.11.2023 ਨੂੰ ਲਾਈਸੈਂਸ ਅਥਰਟੀ ਵੱਲੋ ਡਰੱਗ ਇੰਸਪੈਕਟਰ ਪ੍ਰੀਆ ਕਾਤ ਸਿੰਗਲਾ ਤੇ ਨਰੇਸ਼ ਕੁਮਾਰ ਅਤੇ ਜੈਡ ਐਲ ਏ ਅਮਨ ਵਰਮਾ ਨੇ ਬੀ ਡੀ ਐਸ ਮੈਡੀਕਲ ਸਟੋਰ ਦਾਨ ਸਿੰਘ ਵਾਲਾ ਦਾ ਲਾਇਸੈਂਸ ਰੱਦ ਕਰ ਦਿੱਤਾ ਤੇ ਉਨ੍ਹਾਂ ਕੈਮਿਸਟਾਂ ਨੂੰ ਅਪੀਲ ਕੀਤੀ ਕਿ ਨਸ਼ਾ ਨਾ ਵੇਚਣ ਤੇ ਜੇ ਕੋਈ ਵੇਚਦਾ ਫੜਿਆ ਗਿਆ ਤਾਂ ਉਨ੍ਹਾਂ 'ਤੇ ਬਣਦੀ ਕਾਰਵਾਈ ਕੀਤੀ ਜਾਵੇਗੀ।

ਰੇਲ ਗੱਡੀ 'ਚ ਛੁੱਟਿਆ ਵਿਦੇਸ਼ੀ ਔਰਤ ਦਾ ਸਾਮਾਨ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਜਰਮਨ ਨਿਵਾਸੀ ਔਰਤ 2 ਦਿਨ ਪਹਿਲਾਂ ਚੰਡੀਗੜ੍ਹ ਤੋਂ ਅੰਮ੍ਰਿਤਸਰ ਜਾ ਰਹੀ ਸੀ।ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਜਦੋਂ ਯਾਤਰੀ ਟਰੇਨ ਤੋਂ ਉਤਰੇ ਤਾਂ ਉਨ੍ਹਾਂ ਦਾ ਸਮਾਨ ਟਰੇਨ 'ਚ ਹੀ ਰਹਿ ਗਿਆ ਸੀ, ਜਿਸ ਤੋਂ ਬਾਅਦ ਉਹ

page-6-21-(DEC)-2023-G-(BV).qxd 12/20/2023 10:17 PM Page 1

ਮਾਤਾ ਗੁਜਰੀ ਖਾਲਸਾ ਕਾਲਜ ਵੱਲੋਂ ਵਿਦਿਅਕ ਟੂਰ

ਕਰਤਾਰਪੁਰ (ਹਰਮੇਸ਼ ਦੱਤ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚਲਾਏ ਜਾ ਰਹੇ ਮਾਤਾ ਗੁਜਰੀ ਖ਼ਾਲਸਾ ਕਾਲਜ ਕਰਤਾਰਪੁਰ ਵੱਲੋਂ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਦੀ ਯੋਗ ਅਗਵਾਈ ਹੇਠ ਅਤੇ ਕਾਮਰਸ ਵਿਭਾਗ ਦੇ ਮੁੱਖੀ ਡਾ. ਸੁਚੇਤਾ ਰਾਣੀ ਦੀ ਦੇਖ-ਰੇਖ ਹੇਠ ਪ੍ਰੋ. ਰਾਜਬੀਰ ਸਿੰਘ, ਪ੍ਰੋ. ਜਗਦੀਪ ਕੌਰ ਅਤੇ ਪ੍ਰੋ. ਪਵਨਪ੍ਰੀਤ ਕੌਰ ਵੱਲੋਂ ਕਾਮਰਸ ਵਿਭਾਗ ਦੇ ਵਿਦਿਆਰਥੀਆਂ ਦਾ ਵਿਦਿਅਕ ਟੂਰ 'ਜੰਗ-ਏ-ਆਜ਼ਾਦੀ' ਕਰਤਾਰਪੁਰ ਵਿਖੇ ਲਿਜਾਇਆ ਗਿਆ। ਇਸ ਟੂਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਜੰਗ-ਏ-ਆਜ਼ਾਦੀ ਦੇ ਮਹੱਤਵ ਬਾਰੇ ਜਾਣਕਾਰੀ ਦੇਣਾ ਰਿਹਾ। ਆਜ਼ਾਦੀ ਘੁਲਾਟੀਆਂ ਦੀ ਯਾਦ ਵਿਚ ਬਣੀ ਇਸ ਯਾਦਗਾਰ ਨੇ ਵਿਦਿਆਰਥੀਆਂ ਦੇ ਦਿਲਾਂ ਵਿਚ ਪੰਜਾਬ ਅਤੇ ਪੰਜਾਬੀਆਂ ਦੇ ਯੋਗਦਾਨ ਨੂੰ ਮੁੜ ਸੁਰਜੀਤ ਕੀਤਾ।

ਇਸ ਮੌਕੇ ਕਾਲਜ ਪ੍ਰਿੰਸੀਪਲ ਡਾ. ਹਰਮਨਦੀਪ ਸਿੰਘ ਗਿੱਲ ਨੇ ਕਿਹਾ ਕਿ ਇਹੋ ਜਿਹੇ ਵਿਦਿਅਕ ਟੂਰ ਜਿੱਥੇ ਵਿਦਿਆਰਥੀਆਂ ਦੇ ਗਿਆਨ ਵਿਚ ਵਾਧਾ ਕਰਦੇ ਹਨ ਉਥੇ ਉਹਨਾਂ ਨੂੰ ਆਪਣੇ ਗੌਰਵਮਈ ਇਤਿਹਾਸ ਅਤੇ ਵਿਰਸੇ ਨਾਲ ਜੋੜਨ ਵਿਚ ਅਹਿਮ ਭੂਮਿਕਾ ਅਦਾ ਕਰਦੇ ਹਨ।

ਸਕੂਲ ਆਫ ਐਮੀਨੈਂਸ ਜੰਡਿਆਲਾ ਗੁਰੂ 'ਚ ਸ਼ਾਨਦਾਰ ਸਟੇਡੀਅਮ ਬਣਾਇਆ ਜਾਵੇਗਾ: ਈ ਟੀ ਓ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-'ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿਚ ਸਿਹਤ ਅਤੇ ਸਿੱਖਿਆ ਦੇ ਖੇਤਰ ਵਿਚ ਦੇਸ਼ ਦਾ ਮੋਹਰੀ ਸੂਬਾ ਬਣਾਇਆ ਜਾਵੇਗਾ। ਸਾਡੇ ਸਕੂਲਾਂ ਤੇ ਹਸਪਤਾਲਾਂ ਦਾ ਹੋ ਰਿਹਾ ਕਾਇਆ ਕਲਪ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਇਹ ਦਿਨ ਹੁਣ ਬਹੁਤੇ ਦੂਰ ਨਹੀਂ ਹਨ।

ਉਕਤ ਸ਼ਬਦਾਂ ਦਾ ਪ੍ਰਗਟਾਵਾ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਸਕੂਲ ਆਫ ਐਮੀਨੈਂਸ ਜੰਡਿਆਲਾ ਗੁਰੂ ਵਿਖੇ ਸਾਲਾਨਾ ਸਮਾਗਮ ਨੂੰ ਸੰਬੋਧਨ ਕਰਦੇ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਜੰਡਿਆਲਾ ਗੁਰੂ ਦਾ ਸਕੂਲ ਆਫ ਐਮੀਨੈਸ ਬਣਨਾ ਇਸ ਇਲਾਕੇ ਲਈ ਵਰਦਾਨ ਹੈ। ਉਨ੍ਹਾਂ ਕਿਹਾ ਕਿ ਸਕੂਲ ਆਫ ਐਮੀਨੈਂਸ ਬਣਨ ਨਾਲ ਹੁਣ ਇਥੇ ਐੱਨਸੀਸੀ ਵਿੰਗ, ਸਕੂਲ ਬੈਂਡ ਤਿਆਰ ਹੋਇਆ, ਖੇਡਾਂ ਵਿਚ ਨਵੀਆਂ ਪਿਰਤਾਂ ਪੈ ਰਹੀਆਂ, ਪੜ੍ਹਾਈ ਦੇ ਨਵੇਂ ਸਾਧਨ ਆਏ ਹਨ ਅਤੇ ਹੁਣ ਛੇਤੀ ਹੀ ਇੱਥੇ ਸ਼ਾਨਦਾਰ ਖੇਡ ਸਟੇਡੀਅਮ ਬਣਾਇਆ ਜਾਵੇਗਾ।

ਉਨਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 20 ਮਹੀਨਿਆਂ ਵਿਚ ਸਕੂਲਾਂ ਦੀ ਹਾਲਤ ਬਦਲ ਦਿੱਤੀ ਹੈ ਅਤੇ ਇਹ ਇਕੱਲੇ ਜੰਡਿਆਲੇ ਗੁਰੂ ਦਾ ਸਕੂਲ ਨਹੀਂ, ਬਲਕਿ ਰਾਜ ਦੇ ਸਾਰੇ ਸਕੂਲਾਂ ਦੀ ਦਿਸ਼ਾ ਬਦਲ ਰਹੀ ਹੈ।

24 ਨੂੰ ਦਿਲ ਦੇ ਰੋਗਾਂ ਸਬੰਧੀ ਕਰਵਾਇਆ ਜਾ ਰਿਹਾ ਮੁਫ਼ਤ ਸੈਮੀਨਾਰ: ਡਾ. ਪ੍ਰਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)- ਅੰਮ੍ਰਿਤਸਰ ਦੇ ਮਜੀਠਾ ਰੋਡ ਸਥਿਤ ਮਾਧਵ ਬਾਗ਼ ਆਯੁਰਵੈਦਿਕ ਕਲੀਨਿਕ ਵੱਲੋਂ ਆਯੁਰਵੈਦਿਕ ਪ੍ਰਣਾਲੀ ਤਹਿਤ ਕਈ ਸਿੱਖਿਆਦਾਇਕ ਪ੍ਰੋਗਰਾਮ ਚਲਾਏ ਜਾ ਰਹੇ ਹਨ। ਇਸੇ ਲੜੀ ਤਹਿਤ 24 ਦਸੰਬਰ ਦਿਨ ਐਤਵਾਰ ਨੂੰ ਹੋਟਲ ਕੁਮਾਰ ਇੰਟਰਨੈਸ਼ਨਲ ਐਲਬਰਟ ਰੋਡ ਵਿਖੇ ਦਿਲ ਦੇ ਰੋਗਾਂ ਸਬੰਧੀ ਇਕ ਸੈਮੀਨਾਰ ਕਰਵਾਇਆ ਜਾ ਰਿਹਾ ਹੈ ਜਿਸ ਵਿੱਚ ਵਿਸ਼ੇਸ਼ ਤੌਰ ਤੇ ਪਹੁੰਚ ਰਹੇ ਮਾਧਵ ਬਾਗ਼ ਆਯੁਰਵੈਦਿਕ ਕਲੀਨਿਕ ਦੇ ਐਮਡੀ ਸੁਪ੍ਰਸਿੱਧ ਡਾ. ਰੋਹਿਤ ਸਾਨੇ ਵੱਲੋਂ ਹਾਜਿਰ ਲੋਕਾਂ ਨੂੰ ਆਪਣਾ ਕੀਮਤੀ ਸਮਾਂ ਦੇ ਕੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਕਲੀਨਿਕ ਦੇ ਸੰਚਾਲਕ ਡਾ.ਪ੍ਰਿਆ ਨੇ ਦੱਸਿਆ ਕਿ ਦੇਸ਼ ਵਿੱਚ ਦਿਲ ਦੀਆਂ ਬਿਮਾਰੀਆਂ ਵਿੱਚ ਵਾਧਾ ਹੋ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਬਿਮਾਰੀ ਦੇ ਮੁੱਖ ਕਾਰਨ ਸ਼ੂਗਰ, ਬਲੱਡ ਪ੍ਰੈਸ਼ਰ, ਹਾਈ ਕਲੈਸਟਰੌਲ, ਘੱਟ ਕਸਰਤ ਕਰਨਾ, ਜੀਵਨਸ਼ੈਲੀ ਵਿੱਚ ਤਬਦੀਲੀਆਂ, ਸਿਗਰਟਨੋਸ਼ੀ, ਜੰਕ ਫੂਡ ਦੀ ਵੱਧ ਵਰਤੋਂ ਕਰਨਾ ਅਤੇ ਤਲੇ ਹੋਏ ਖਾਣੇ ਦਾ ਸੇਵਨ ਹਨ। ਉਨ੍ਹਾਂ ਦੱਸਿਆ ਕਿ ਅਜਿਹੀਆਂ ਬਿਮਾਰੀਆਂ ਨੂੰ ਕੰਟਰੋਲ ਅਤੇ ਬਚਾਅ ਲਈ ਮਜੀਠਾ ਰੋਡ ਸਥਿਤ ਮਾਧਵ ਬਾਗ਼ ਆਯੁਰਵੈਦਿਕ ਕਲੀਨਿਕ ਵਿਖੇ ਸਾਡੇ ਮਾਹਿਰ ਡਾਕਟਰਾਂ ਵੱਲੋਂ ਮਰੀਜ਼ਾਂ ਨਾਲ ਕਾਊਂਸਲਿੰਗ ਕਰਕੇ ਟਰੀਟਮੈਂਟ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਕਲੀਨਿਕ ਦੇ ਐਮਡੀ. ਡਾ.ਰੋਹਿਤ ਸਾਨੇ ਨੂੰ ਪਿਛਲੇ 15 ਸਾਲਾਂ ਤੋਂ ਆਯੁਰਵੈਦਿਕ ਪੰਚਕਰਮਾ ਥੈਰਪੀ ਨਾਲ ਤਕਰੀਬਨ 10 ਹਜ਼ਾਰ ਮਰੀਜ਼ਾਂ ਦੇ ਮੋਟਾਪਾ ਘਟਾਉਣ ਅਤੇ ਦਿਲ ਦੇ ਰੋਗਾਂ ਦੀਆਂ ਬਿਮਾਰੀਆਂ ਦਾ ਇਲਾਜ ਕਰਨ ਦਾ ਅਨੁਭਵ ਹਾਸਿਲ ਹੈ। ਡਾ. ਪ੍ਰਿਆ ਨੇ ਦੱਸਿਆ ਕਿ 24 ਦਸੰਬਰ ਨੂੰ 3 ਵਜੇ ਤੋਂ ਸ਼ਾਮ 6 ਵਜੇ ਤੱਕ ਲਗਾਏ ਜਾ ਰਹੇ ਸੈਮੀਨਾਰ ਵਿੱਚ ਪਹੁੰਚ ਰਹੇ ਲੋਕਾਂ ਨੂੰ ਐਮਡੀ. ਡਾ. ਰੋਹਿਤ ਸਾਨੇ ਵੱਲੋਂ ਬੀਪੀ, ਸ਼ੂਗਰ, ਮੋਟਾਪੇ ਵਰਗੀਆਂ ਬਿਮਾਰੀਆਂ ਦੇ ਬਚਾਅ ਸਬੰਧੀ ਮੁਫ਼ਤ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਮਜੀਠਾ ਰੋਡ ਨੇੜੇ ਗੁਰਦੁਆਰਾ ਸ੍ਰੀ ਹਰਿਰਾਏ ਸਾਹਿਬ ਜੀ ਵਿਖੇ ਸਾਡੇ ਕਲੀਨਿਕ ਵਿੱਚ ਨੌਨ ਸਰਜੀਕਲ ਟਰੀਟਮੈਂਟ, ਥਾਈਰਾਇਡ, ਸਰਵਾਈਕਲ, ਨੀਪੇਨ, ਸ਼ੂਗਰ ਡਾਇਲਸਿਜ਼ ਰਿਵਰਸਲ ਅਤੇ ਸਪਾਈਨਲ ਪੇਨ ਦਾ ਇਲਾਜ਼ ਆਯੁਰਵੈਦਿਕ ਥਰੈਪੀ ਨਾਲ ਕੀਤਾ ਜਾਂਦਾ ਹੈ।

Change of Name

I, Rakesh Kumar Sharma S/o Uttam Chand Sharma R/o H.No.166, Block-B, Near Kids Point Prak, Mount Avenue, Hoshiarpur, Punjab-146001, have changed my name as Rakesh Kumar. All Please Note.

I, Roop Singh S/o Sunder Lal R/o Janti, Rewari, Haryana- 123401, have changed my name and shall hereafter be Known as Ritesh Yadav. All Please Note.

I, Pardeep W/o Parmjit Singh R/o Village Nijjran, Po. Nijjran, Dist: Jalandhar, Punjab-144623. have changed my name and shall hereafter be Known as Pardeep Kaur. All Please Note.

I, Smile S/o Victor Lal R/o Village and Post Office Dialgarh, Tehsil Batala, District Gurdaspur, Punjab-143518, have changed my name and shall hereafter be Known as Smile Khokhar. All Please Note.

I, Sunil Kumar Mishra S/o Kali Parsad R/o H.No.186, Mansoorpur Road, Ward No-12, Khamanon, Fatehgarh Sahib, Punjab-141801, have changed my name as Sukhdeep Singh. All Please Note.

I, Harwinder Kaur W/o Kuldip Singh R/o Tehsil-Dasuya, Jalota, Po-Jalota, Distt. Hoshiarpur, Punjab-144205. have changed my name and shall hereafter be Known as Ravinder Kaur. All Please Note.

I, Seema Rani W/o Harjinder R/o H.No.11/285, Mohalla New Arya Nagar, Kartarpur (Rural), Jalandhar, Punjab- 144801. have changed my name and shall hereafter be Known as Seema Sondhi. All Please Note.

I, Tarjit Kaur W/o Baljeet Singh R/o H.No. 470- B, New Model House, Jalandhar -144003, have changed my name/spelling from Tarjit Kaur to Tarjeet Kaur (Same person). All Please Note.

I, Daljit Kaur W/o Saroop Singh R/o Near Baba Car Colony, V.P.O. Kalanaur, Tehsil Kalanaur, Distt. Gurdaspur, Punjab, have changed my name to Daljeet Kaur. (Dogra)

I, Parmjit Kaur W/o Ranjit Singh R/o Village Ruliana, P.O. Barila Kalan, Tehsil Kalanaur, Distt. Gurdaspur, Punjab, have changed my name to Paramjit Kaur. (Dogra)

COURT NOTICE

In the Court of
Sh. Vineet Kumar Narang
Addl. Principal Judge Family
Court-II, Jalandhar.
DMC/411/2022
CNR No. PBJL01-002638-2022
Next Date : 12.1.2024

Kashmir Kaur W/o Ravinder Kumar D/o Gian Singh Address : V.P.O. Rehana Jattan Kapurthala presently at Mohalla Kashi Nagar Ghasmandi Basti Sheikh Jalandhar.

Versus

Ravinder Kumar S/o Sewa Ram Address : Vill. Rehana Jattan Phagwara, Distt. Kapurthala.

Petition under section 13 of hindu marriage act for dissloution of marriage by a decree of divorce.

Publication issued to : Ravinder Kumar F/o Sewa Ram Vill. Rehana Jattan Phagwara, Distt. Kapurthala.

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 12.1.2024 at 10.00 a.m.

For details logon to https://highcourtchd.gov.in/?trs=district notice & district=Jalandhar

Addl. Principal Judge Family Court-II, Jalandhar.
Dated, this day of 19.12.2023

COURT NOTICE

In the Court of
Ms. Harkamal Kaur
Civil Judge Junior Division-II, Patiala.
CNR No. PBPT02-000590-2021
Next Date : 18.1.2024
Lovpreet Kaur
Versus

State of Punjab through its Collector Distt. Patiala.

Publication issued to : 1. Ajay Kumar F/o Gurmeet Singh Deep Nagar, PS Tripuri Patiala 2. Jiwan Kumar Superintendent the central Jail Patiala 3. Harminder Pal Singh No. 121 Head Warden/ Incharge Central Jail Patiala

In above titled case, the defendant (s)/respondent (s) could not be served. It is ordered that defendant (s)/respondent (s) should appear in person or through counsel on 18.1.2024 at 10.00 a.m.

For details logon to https://highcourtchd.gov.in/?trs=district notice&district=Patiala

Civil Judge Junior Division-II, Patiala.
Dated, this day of 18.12.2023

AXIS BANK LTD.

ਰਜਿਸਟਰਡ ਦਫਤਰ : "ਤ੍ਰਿਸ਼ੂਲ"-ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਟੈਂਪਲ, ਨੇੜੇ ਲਾਅ ਗਾਰਡਨ, ਐਲਿਸਬ੍ਰਿਜ, ਅਹਿਮਦਾਬਾਦ-380006

ਕਬਜ਼ਾ ਨੋਟਿਸ

ਐਕਸਿਸ ਬੈਂਕ ਲਿਮਟਿਡ, ਰਿਟੇਲ ਐੱਸਟ ਸੈਂਟਰ, ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮਟਿਡ ਦੇ ਅਧਿਕਾਰਤ ਅਫਸਰ ਵਜੋਂ, ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈੱਸਟ ਐਕਟ 2002 ਅਤੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13(12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਮੈਸਰ: ਸ਼ੋਰਾਂਵਾਲੀ ਇੰਟਰਪ੍ਰਾਇਜ਼ਜ਼ ਰਾਹੀਂ ਇਸ ਦੇ ਮਾਲਕ ਸ੍ਰੀ ਰਵੀ ਗਰਗ ਨੂੰ ਕਰਜ਼ਾ ਖਾਤਾ ਨੰ. 922030008636586 ਵਿਰੁੱਧ ਨੋਟਿਸ 'ਚ 21.11.2023 ਨੂੰ ਦਰਸਾਈ ਬਕਾਇਆ ਖੜੀ ਰਕਮ ਰੁਪਏ 49,90,355/- (ਉਨੰਜਾ ਲੱਖ ਨੱਬੇ ਹਜ਼ਾਰ ਤਿੰਨ ਸੌ ਪਚਵੰਜਾ ਰੁਪਏ ਕੇਵਲ) ਸਮੇਤ ਉਸ ਉਪਰ ਨਾ ਵਸੂਲੇ ਵਿਆਜ ਅਤੇ ਲਾਗਤਾਂ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੰਦਾ ਡਿਮਾਂਡ ਨੋਟਿਸ 25 ਜੁਲਾਈ 2023 ਨੂੰ ਜਾਰੀ ਕੀਤਾ ਸੀ। ਉਪਰੋਕਤ ਕਰਜ਼ਦਾਰ/ਸਹਿ-ਕਰਜ਼ਦਾਰ/ਰਹਿਣਕਾਰ/ਗਰੰਟਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ। ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 19 ਦਸੰਬਰ 2023 ਨੂੰ ਕਬਜ਼ਾ ਹਾਸਲ ਕਰ ਲਿਆ ਹੈ। ਉਪਰੋਕਤ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਅਤੇ ਆਮ ਜਨਤਾ ਨੂੰ ਜਾਇਦਾਦਾਂ ਸੰਬੰਧੀ ਸੌਦੇਬਾਜ਼ੀ ਨਾ ਕੀਤੇ ਜਾਣ ਦੀ ਚਿਤਾਵਨੀ ਦਿੱਤੀ ਜਾਂਦੀ ਹੈ, ਜਾਇਦਾਦਾਂ ਸੰਬੰਧੀ ਕਿਸੇ ਤਰ੍ਹਾਂ ਦੀ ਕੀਤੀ ਸੌਦੇਬਾਜ਼ੀ ਐਕਸਿਸ ਬੈਂਕ ਲਿਮਟਿਡ ਨੂੰ 21/11/2023 ਰਕਮ 49,90,355/- (ਉਨੰਜਾ ਲੱਖ ਨੱਬੇ ਹਜ਼ਾਰ ਤਿੰਨ ਸੌ ਪਚਵੰਜਾ ਰੁਪਏ ਕੇਵਲ) ਸਮੇਤ ਇਸ ਉਪਰ ਮੁਕੰਮਲ ਅਦਾਇਗੀ ਤੱਕ ਇਕਰਾਰਨਾਮੇ ਅਨੁਸਾਰ ਭਵਿੱਖੀ ਵਿਆਜ ਅਤੇ ਖਰਚਿਆਂ ਦੀ ਵਸੂਲੀ ਹੇਠ ਹੋਵੇਗੀ। ਉਪਲੱਬਧ ਸਮੇਂ 'ਚ ਸਕਿਊਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਰਹਿਣਕਾਰਾਂ/ਗਰੰਟਰਾਂ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

ਅਚੱਲ ਜਾਇਦਾਦ ਦਾ ਵੇਰਵਾ : ਰਿਹਾਇਸ਼ੀ ਪਲਾਟ ਖੇਵਟ ਨੰ. 337, 338, ਖਸਰਾ ਨੰ. 70//9 (0-9) 12 (2-6) 13 (8-0), 18/2 (6-4) 19 (3-6) 7/3 (3-4) ਕਿੱਤੇ 6 ਕੁੱਲ ਜ਼ਮੀਨ ਰਕਬਾ 23 ਕਨਾਲ 9 ਮਰਲੇ 'ਚੋਂ 15/469 ਹਿੱਸਾ, ਜੋ ਕਿ 15 ਮਰਲੇ ਹੈ, ਖੇਵਟ ਨੰ. 339, ਖਸਰਾ ਨੰ. 70//8 (7-8) ਕਿੱਤੇ 1, ਕੁੱਲ ਜ਼ਮੀਨ ਰਕਬਾ 7 ਕਨਾਲ 8 ਮਰਲੇ 'ਚੋਂ 20/617 ਹਿੱਸਾ, ਜੋ ਕਿ 4 ਮਰਲੇ 7-1/2 ਹੈ, ਤਬਾਦਲਾ ਵੈਨਾਮਾ ਨੰ. 2021-22/134/1/378 ਮਿਤੀ 15/06/2021, ਧੂਲਕੋਟ ਰੋਡ, ਮੋਗਾ, ਪੰਜਾਬ-142001, ਹੱਦਾਂ : ਪੂਰਬ : ਐੱਨ ਏ, ਪੱਛਮ : ਐੱਨ ਏ, ਉੱਤਰ : ਐੱਨ ਏ, ਦੱਖਣ : ਐੱਨ ਏ

ਮਿਤੀ : 21-12-2023, ਸਥਾਨ : ਮੋਗਾ — ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮਟਿਡ

AMBIT Finvest Pragati ke partner

AMBIT FINVEST PRIVATE LIMITED
Corporate Off: Kanakia Wall Street, 5th Floor, A 506-510, Andheri-Kurla Road, Andheri East, Mumbai-400093

ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ) (ਸਕਿਊਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਰੂਲ 8 (1) ਦੇ ਤਹਿਤ

ਜਿਵੇਂ ਕਿ ਨਿਮਨਹਸਤਾਖਰੀ ਨੇ ਅੰਬਿਟ ਫਿਨਵੈਸਟ ਪ੍ਰਾਈਵੇਟ ਲਿਮਟਿਡ, ਜਿਸ ਦਾ ਰਜਿਸਟਰਡ ਦਫਤਰ ਅੰਬਿਤ ਹਾਊਸ, 449, ਸੈਨਾਪਤੀ ਬਪਤ ਮਾਰਗ, ਲੋਵਰ ਪਾਰੇਲ, ਮੁੰਬਈ-400013, ਕਾਰਪੋਰੇਟ ਦਫਤਰ ਕਨਕੀਆ ਵਾਲ ਸਟ੍ਰੀਟ-5ਵੀਂ ਮੰਜ਼ਲ, ਏ 506-510, ਅੰਧੇਰੀ ਕੁਰਲਾ ਰੋਡ, ਅੰਧੇਰੀ ਈਸਟ, ਮੁੰਬਈ-400093 ਅਤੇ ਸ਼ਾਖਾ ਦਫਤਰ ਡੀ ਐੱਸ ਐੱਮ 352-354, ਤੀਜੀ ਮੰਜ਼ਲ, ਡੀ ਐੱਲ ਐੱਡ ਟਾਵਰ, ਸ਼ਿਵਾ ਜੀ ਮਾਰਗ, ਮੋਤੀ ਨਗਰ, ਨਵੀਂ ਦਿੱਲੀ-110015 ਵਿਖੇ ਹੈ, ਦੇ ਅਧਿਕਾਰਤ ਅਫਸਰ ਵਜੋਂ ਸਕਿਊਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 (2002 ਦਾ 54) ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਮਿਤੀ 'ਤੇ ਨੋਟਿਸ ਜਾਰੀ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਅਤੇ ਹੇਠਾਂ ਦਰਸਾਈ ਰਕਮ ਉਕਤ ਨੋਟਿਸ ਦੀ ਪ੍ਰਾਪਤੀ ਮਿਤੀ ਤੋਂ 60 ਦਿਨਾਂ ਦੇ ਅੰਦਰ ਵਾਪਸ ਮੋੜਨ ਦਾ ਸੱਦਾ ਦਿੱਤਾ ਸੀ। ਹੇਠਾਂ ਦਰਸਾਏ ਕਰਜ਼ਦਾਰ ਰਕਮ ਵਾਪਸ ਮੋੜਨ 'ਚ ਅਸਫਲ ਰਹੇ ਹਨ, ਹੇਠਾਂ ਦਰਸਾਏ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈਆਂ ਜਾਇਦਾਦਾਂ ਦਾ ਕਬਜ਼ਾ ਹਾਸਲ ਕਰ ਲਿਆ ਹੈ।

ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ ਦਾ ਨਾਂਅ ਅਤੇ ਕਰਜ਼ਾ ਖਾਤਾ ਨੰਬਰ	ਡਿਮਾਂਡ ਨੋਟਿਸ ਦੀ ਮਿਤੀ / ਰਕਮ	ਅਚੱਲ ਜਾਇਦਾਦ/ਰਹਿਣ ਜਾਇਦਾਦਾਂ ਦਾ ਵੇਰਵਾ	ਕਬਜ਼ੇ ਦੀ ਮਿਤੀ / ਕਬਜ਼ੇ ਦੀ ਕਿਸਮ
1. ਕਮਲਵੀਰ ਕੌਰ ਰਾਹੀਂ ਸਵ: ਸੁਖਵਿੰਦਰ ਸਿੰਘ ਦੇ ਕਾਨੂੰਨੀ ਵਾਰਸ 2. ਜਗਮੀਤ ਸਿੰਘ ਬੈਨੀਪਾਲ ਕਰਜ਼ਾ ਖਾਤਾ ਨੰ. LUI000000028355	25.09.2023 23.9.2023 ਨੂੰ ਰੁਪਏ 24,61,644.9/- (ਚੌਵੀ ਲੱਖ ਇਕਾਹਠ ਹਜ਼ਾਰ ਛੇ ਸੌ

21-DEC-PAGE-7.qxd 12/20/2023 9:34 PM Page 1

ਓਵਰਬ੍ਰਿਜ ਦੀ ਸਰਵਿਸ ਰੋਡ ਵਿਚਕਾਰ ਖੜੇ ਖੰਭੇ ਸ਼ਿਫਟ ਕਰਨ ਦੀ ਮੰਗ

ਸ੍ਰੀ ਮੁਕਤਸਰ ਸਾਹਿਬ, (ਸ਼ਮਿੰਦਰਪਾਲ/ਪੂਜਾ) ਜਲਾਲਾਬਾਦ ਰੋਡ 'ਤੇ ਜੋ ਨਵਾਂ ਰੋਡ ਓਵਰਬ੍ਰਿਜ ਚਾਲੂ ਹੈ, ਉਸਦੀ ਜਲਾਲਾਬਾਦ ਸਾਈਡ ਦੀ ਖੱਬੇ ਪਾਸੇ ਦੀ (ਪੁਰਾਣੀ ਦਾਣਾ ਮੰਡੀ ਵੱਲ) ਦੀ ਸਰਵਿਸ ਰੋਡ 'ਤੇ ਚਾਰ ਬਿਜਲੀ ਦੇ ਖੰਭੇ ਰਸਤੇ ਵਿੱਚ ਪੂਰੀ ਰੁਕਾਵਟ ਹਨ।ਬੀਤੇ ਸ਼ਨੀਵਾਰ ਇੱਕ ਟਰੈਕਟਰ ਚਾਲਕ ਇਨਾਂ ਖੰਭਿਆਂ ਕਾਰਨ ਦੁਰਘਟਨਾ ਦਾ ਸ਼ਿਕਾਰ ਹੁੰਦਾ ਕਿਸਮਤ ਨਾਲ ਬਚਿਆ ਹੈ।ਪਹਿਲਾਂ ਇੱਥੇ ਇੱਕ ਟਰੈਕਟਰ ਫਸ ਗਿਆ ਸੀ।ਇਹ ਖੰਭੇ ਬੀ ਐਂਡ ਆਰ ਵਿਭਾਗ ਵੱਲੋਂ ਪਾਵਰ ਕਾਰਪੋਰੇਸ਼ਨ ਨੂੰ ਜਮਾ ਕਰਵਾਈ ਰਕਮ 'ਤੇ ਸ਼ਿਫਟ ਕਰਨੇ ਹਨ।ਕਾਫ਼ੀ ਜੱਦੋ ਜਹਿਦ ਤੋਂ ਬਾਅਦ ਇਹ ਖੰਭੇ ਸ਼ਿਫਟ ਕਰਨ ਦਾ ਕੰਮ ਸ਼ੁਰੂ ਹੋਇਆ, ਪ੍ਰੰਤੂ ਪਾਵਰ ਕਾਰਪੋਰੇਸ਼ਨ ਦੇ ਅਧਿਕਾਰੀ ਇਹ ਚਾਰ ਖੰਭੇ ਸ਼ਿਫਟ ਕਰਨ ਤੋਂ ਮੌਕੇ 'ਤੇ ਖੰਭੇ ਲਿਆ ਕੇ ਵੀ ਕੰਮ ਵਿਚਕਾਰ ਹੀ ਛੱਡ ਗਏ।ਸਭ ਉੱਚ ਅਧਿਕਾਰੀਆਂ ਨੂੰ ਮਿਲਣ ਦੇ ਬਾਵਜੂਦ ਵੀ ਕੋਈ ਵੀ ਸੁਣਵਾਈ ਕਰਨ ਨੂੰ ਤਿਆਰ ਨਹੀਂ। ਇਸ ਸੜਕ ਦੇ ਦੁਕਾਨਦਾਰ ਹਰ ਵਕਤ ਜੋਖਮ ਭਰੇ ਹਲਾਤਾਂ ਵਿੱਚ ਰਹਿੰਦੇ ਹਨ। ਇਹ ਵਰਣਨਯੋਗ ਹੈ ਕਿ ਪਿਛਲੇ ਪਾਵਰ ਕਾਰਪੋਰੇਸ਼ਨ ਦੇ ਨਿਗਰਾਨ ਇੰਜੀਨੀਅਰ ਤੇ ਹੋਰ ਅਧਿਕਾਰੀਆਂ ਨੇ ਮੌਕਾ ਵੇਖ ਕੇ ਫੈਸਲਾ ਕੀਤਾ ਸੀ ਕਿ ਇਹ ਖੰਭੇ ਪੁੱਟ ਕੇ ਪੁੱਲ ਦੇ ਨਾਲ ਦੀਵਾਰ ਦੇ ਨਾਲ ਲਾਉਣ ਦਾ ਫੈਸਲਾ ਵੀ ਕੀਤਾ।ਉਹ ਅਧਿਕਾਰੀ ਬਦਲ ਕੇ ਨਵੇਂ ਆਏ ਅਧਿਕਾਰੀ ਇਹ ਮੰਨਣ ਨੂੰ ਤਿਆਰ ਨਹੀਂ ਕਿ ਜੇਈ ਪਾਵਰ ਕਾਰਪੋਰੇਸ਼ਨ ਹੋਰ ਰਕਮ ਜਮਾਂ ਕਰਵਾਉਣ ਦੀ ਮੰਗ ਕਰਦਾ ਹੈ, ਜਦਕਿ ਪਹਿਲਾਂ ਜਮਾਂ ਰਕਮ ਦਾ ਕੋਈ ਹਿਸਾਬ-ਖਿਤਾਬ ਨਹੀਂ ਦਿੱਤਾ ਗਿਆ ਹੈ।ਸਬੰਧਤ ਦੁਕਾਨਦਾਰ ਅਮ੍ਰਿਤ ਖੁਰਾਣਾ, ਅੰਕਿਤ ਗਰੋਵਰ, ਪਵਨ ਦਾਬੜਾ, ਪੰਕਜ ਗਰੋਵਰ, ਬਿੱਟੂ ਅਰੋੜਾ, ਸਤੀਸ਼ ਕੁਮਾਰ, ਮਿੱਠਣ ਕੁਮਾਰ ਨੇ ਪੰਜਾਬ ਸਰਕਾਰ ਤੇ ਪਾਵਰ ਕਾਰਪੋਰੇਸ਼ਨ ਤੋਂ ਮੰਗ ਕੀਤੀ ਹੈ ਕਿ ਬੀ ਐਂਡ ਆਰ ਵਿਭਾਗ ਵੱਲੋਂ 80 ਲੱਖ ਰੁਪਏ ਪਾਵਰ ਕਾਰਪੋਰੇਸ਼ਨ ਜਮਾ ਹੋਣ ਦੇ ਬਾਵਜੂਦ ਵੀ ਸਾਰੇ ਖੰਭੇ ਸ਼ਿਫਟ ਨਹੀਂ ਕੀਤੇ ਗਏ।

ਬੀਐਂਡ ਆਰ ਵਿਭਾਗ ਨੇ ਸਰਵਿਸ ਰੋਡ ਪੂਰੀ ਚੌੜੀ ਨਹੀਂ ਬਣਾਈ ਅਤੇ ਮਾਲ ਗੋਦਾਮ ਰੋਡ ਦੇ ਪੁਲ਼ ਦੇ ਹੇਠਾਂ ਫਰਸ਼ ਲਾਉਣ ਦਾ ਕੰਮ ਅਧੂਰਾ ਪਿਆ ਹੈ। ਲੋਕ ਸਰਵਿਸ ਰੋਡ ਅਤੇ ਮਾਲ ਗੋਦਾਮ ਰੋਡ 'ਤੇ ਰੇਲਵੇ ਦੀ ਕੰਧ ਨਾਲ ਕੂੜਾ ਸੁੱਟ ਰਹੇ ਹਨ, ਜਿਸ ਨਾਲ ਪੁਲ਼ ਦੀ ਦਿੱਖ ਵੀ ਖਰਾਬ ਹੋ ਰਹੀ ਹੈ।

ਇਹ 4 ਖੰਭੇ ਜਲਦੀ ਤੋਂ ਜਲਦੀ ਸ਼ਿਫਟ ਕੀਤੇ ਜਾਣ ਅਤੇ ਪੁਲ਼ ਦੇ ਹੇਠਾਂ ਫ਼ਰਸ਼ ਲਾਇਆ ਜਾਵੇ ਅਤੇ ਸਰਵਿਸ ਰੋਡ ਤੋਂ ਕੂੜਾ ਚੁੱਕ ਕੇ ਸਫ਼ਾਈ ਕਰਾਈ ਜਾਵੇ।

ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਦਾ ਡੈਲੀਗੇਟ ਅਜਲਾਸ 23 ਨੂੰ

ਮਲੋਟ, (ਗੁਰਮੀਤ ਸਿੰਘ ਮੱਕੜ) ਟੈਕਨੀਕਲ ਐਂਡ ਮਕੈਨੀਕਲ ਇੰਪਲਾਈਜ਼ ਯੂਨੀਅਨ ਪੰਜਾਬ ਦੀ ਮੀਟਿੰਗ ਪਿਛਲੇ ਦਿਨੀਂ ਮਹਿਮਾ ਸਿੰਘ ਧਨੌਲਾ ਦੀ ਪ੍ਰਧਾਨਗੀ ਹੇਠ ਹੋਈ। ਸੂਬਾ ਜਨਰਲ ਸਕੱਤਰ ਪਵਨ ਮੋਗਾ ਨੇ ਦੱਸਿਆ ਕਿ ਮੀਟਿੰਗ ਵਿੱਚ ਜਥੇਬੰਦੀ ਦਾ ਸੂਬਾਈ ਦੋ ਸਾਲਾਂ 13ਵਾਂ ਡੈਲੀਗੇਟ ਇਜਲਾਸ 23 ਦਸੰਬਰ ਤਰਕਸ਼ੀਲ ਭਵਨ ਬਰਨਾਲਾ ਵਿਖੇ ਕਰਾਉਣ ਦਾ ਫ਼ੈਸਲਾ ਕੀਤਾ ਗਿਆ।

ਡੈਲੀਗੇਟ ਇਜਲਾਸ ਵਿਚ ਜਥੇਬੰਦੀ ਦੀਆਂ ਪਿਛਲੇ ਦੋ ਸਾਲਾਂ ਦੀਆਂ ਸਰਗਰਮੀਆਂ ਤੇ ਪ੍ਰਾਪਤੀਆਂ ਸਬੰਧੀ ਵਿਸਤ੍ਰਿਤ ਰਿਪੋਰਟ ਪੇਸ਼ ਕੀਤੀ ਜਾਵੇਗੀ। ਇਸ ਵਿੱਚ ਆਉਣ ਵਾਲੇ ਅਗਲੇ ਦੋ ਸਾਲਾਂ ਲਈ ਸਟੇਟ ਵਰਕਿੰਗ ਕਮੇਟੀ ਦੀ ਚੋਣ ਕਰਕੇ ਨਵੀਂ ਟੀਮ ਦਾ ਗਠਨ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਮੀਟਿੰਗ ਵਿਚ ਸੂਬਾ ਪ੍ਰਧਾਨ ਮਹਿਮਾ ਸਿੰਘ ਧਨੌਲਾ ਨੇ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਦੇ ਅਧਿਕਾਰੀਆਂ ਨੂੰ ਚਿਤਾਵਨੀ ਦਿੱਤੀ ਕਿ ਜੱਥੇਬੰਦੀ ਨਾਲ ਹੋਣ ਵਾਲੀ 04 ਜਨਵਰੀ ਦੀ ਮੀਟਿੰਗ ਵਿਚ ਜੇਕਰ ਵਰਕਰਾਂ ਦੀਆਂ ਹੱਕੀ ਅਤੇ ਜਾਇਜ਼ ਮੰਗਾਂ ਦਾ ਨਿਪਟਾਰਾ ਨਾ ਕੀਤਾ ਗਿਆ ਤਾਂ ਜੱਥੇਬੰਦੀ ਵਲੋਂ ਉਨ੍ਹਾਂ ਖਿਲਾਫ਼ ਤਿੱਖਾ ਸੰਘਰਸ਼ ਸ਼ੁਰੂ ਕੀਤਾ ਜਾਵੇਗਾ।ਮੀਟਿੰਗ ਵਿਚ ਹੋਰਨਾਂ ਤੋਂ ਇਲਾਵਾ ਵਿੱਤ ਸਕੱਤਰ ਜਗਦੇਵ ਸਿੰਘ ਘੁਰਕਣੀ, ਮੁੱਖ ਸਰਪ੍ਰਸਤ ਹਰਜੀਤ ਸਿੰਘ ਬਾਲੀਆਂ, ਚੇਅਰਮੈਨ ਰਾਮਜੀ ਸਿੰਘ ਭਲਾਈਆਣਾ, ਵਿਜੈ ਕੁਮਾਰ ਠੁਕਰਾਲ, ਉਮੇਦ ਸਿੰਘ ਬਿਸ਼ਟ, ਗੁਰਮੀਤ ਸਿੰਘ ਖਾਲਸਾ, ਜੁਗਿੰਦਰ ਸਿੰਘ ਸਮਾਘ, ਖੁਸ਼ਮਿੰਦਰਪਾਲ ਬਰਨਾਲਾ, ਤਰਸੇਮ ਸਿੰਘ ਅਬੋਹਰ, ਪੁਰਸ਼ੋਤਮ ਸਿੰਘ, ਮੱਖਣ ਸਿੰਘ ਜੱਸੜ, ਬਿੱਕਰ ਸਿੰਘ ਨਾਗਰਾ, ਸੁਰਜੀਤ ਸਿੰਘ ਗੁਰਥੜੀ, ਅੰਮ੍ਰਿਤਪਾਲ ਮਾੜੀ, ਉਜਾਗਰ ਸਿੰਘ ਜੱਗਾ, ਬਾਬੂ ਸਿੰਘ ਫ਼ਤਿਹਪੁਰ ਤੇ ਅਸ਼ੋਕ ਸ਼ਰਮਾ ਆਦਿ ਹਾਜ਼ਰ ਸਨ।

ਵਿਕਸਤ ਭਾਰਤ ਸੰਕਲਪ ਯਾਤਰਾ ਸੰਬੰਧੀ ਜਟਾਣਾ ਉੱਚਾ 'ਚ ਹੋਇਆ ਸਮਾਗਮ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਰਾਜਪਾਲ ਸ੍ਰੀ ਬਨਵਾਰੀ ਲਾਲ ਪੁਰੋਹਿਤ ਨੇ ਪਿੰਡ ਜਟਾਣਾ ਉੱਚਾ ਤਹਿਸੀਲ ਖਮਾਣੋਂ ਵਿਖੇ ਪਹੁੰਚੀ 'ਵਿਕਸਿਤ ਭਾਰਤ ਸੰਕਲਪ ਯਾਤਰਾ' ਵਿੱਚ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ।ਇਸ ਮੌਕੇ ਵਿਕਸਤ ਭਾਰਤ ਵਿੱਚ ਸਹਿਯੋਗ ਦੇਣ ਲਈ ਲੋਕਾਂ ਵੱਲੋਂ ਸੰਕਲਪ ਵੀ ਲਿਆ ਗਿਆ।

ਸ੍ਰੀ ਬਨਵਾਰੀ ਲਾਲ ਪੁਰੋਹਿਤ ਨੇ ਕਿਹਾ ਕਿ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਬਾਰੇ ਹਰ ਨਾਗਰਿਕ ਨੂੰ ਜਾਗਰੂਕ ਹੋਣਾ ਜ਼ਰੂਰੀ ਹੈ ਅਤੇ ਹੁਣ ਇਹ ਸਾਡੀ ਜ਼ਿੰਮੇਵਾਰੀ ਬਣਦੀ ਹੈ ਕਿ ਅਸੀਂ ਆਪਣੇ ਸਮਾਜ ਨੂੰ ਯੋਜਨਾਵਾਂ ਬਾਰੇ ਜਾਗਰੂਕ ਕਰੀਏ। ਜਦੋਂ ਸਮਾਜ ਦਾ ਹਰ ਨਾਗਰਿਕ ਜਾਗਰੂਕ ਹੋਵੇਗਾ ਉਦੋਂ ਹੀ ਦੇਸ਼ ਵਿਕਸਿਤ ਹੋ ਕੇ ਵਿਸ਼ਵ ਗੁਰੂ ਬਣੇਗਾ।ਇਸੇ ਮੰਤਵ ਦੀ ਪ੍ਰਾਪਤੀ ਲਈ ਵਿਕਸਤ ਭਾਰਤ ਸੰਕਲਪ ਯਾਤਰਾ ਵੱਖ-ਵੱਖ ਥਾਂਵਾਂ 'ਤੇ ਪਹੁੰਚ ਰਹੀ ਹੈ।

ਸਰਕਾਰ ਦੀਆਂ ਬੈਂਕ ਲੋਨ ਸੰਬਧੀ ਯੋਜਨਾਵਾਂ ਬਾਰੇ ਪਿੰਡ ਦੀਆਂ ਔਰਤਾਂ ਨੂੰ ਜਾਗਰੂਕ ਕਰਦੇ ਹੋਏ ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਯੋਜਨਾਵਾਂ ਦੇ ਲਾਭ ਅਤੇ ਜਾਗਰੂਕਤਾ ਨਾਲ ਔਰਤਾਂ ਖ਼ੁਦ ਦਾ ਬਹੁਤ ਵੱਡਾ ਕਾਰੋਬਾਰ ਸ਼ੁਰੂ ਕਰ ਸਕਦੀਆਂ ਹਨ। ਉਨ੍ਹਾਂ ਲਿੱਜ਼ਤ ਪਾਪੜ ਦੀ ਉਦਾਹਰਣ ਦਿੰਦੇ ਹੋਏ ਔਰਤਾਂ ਨੂੰ ਉਤਸ਼ਾਹਤ ਕੀਤਾ ਕਿ ਇਹ ਪਾਪੜ ਬਣਾਉਣ ਦੀ ਸ਼ੁਰੂਆਤ ਸਿਰਫ ਪੰਜ ਔਰਤਾਂ ਵੱਲੋਂ ਕੀਤੀ ਗਈ ਸੀ, ਜਿਸ ਦਾ ਨਾਂਅ ਅੱਜ ਹਰ ਕੋਈ ਜਾਣਦਾ ਹੈ। ਉਨ੍ਹਾਂ ਕਿਹਾ ਕਿ ਆਉਣ ਵਾਲੀ ਪੀੜ੍ਹੀ ਨੂੰ ਬਚਾਉਣ ਲਈ ਜ਼ਰੂਰੀ ਕਿ ਨਸ਼ੇ ਤੋਂ ਬਚਾਇਆ ਜਾਵੇ ਅਤੇ ਇਸ ਬਾਰੇ ਹਰ ਨਾਗਰਿਕ ਨੂੰ ਸੁਚੇਤ ਹੋਣਾ ਪਵੇਗਾ।

ਇਸ ਦੌਰਾਨ ਰਾਜਪਾਲ ਦੀ ਮੌਜੂਦਗੀ ਵਿੱਚ ਵਿਕਸਤ ਭਾਰਤ ਲਈ ਸੰਕਲਪ ਲਿਆ ਗਿਆ ਅਤੇ ਮੇਰੀ ਕਹਾਣੀ ਮੇਰੀ ਜ਼ੁਬਾਨੀ ਤਹਿਤ ਸਰਕਾਰੀ ਯੋਜਨਾਵਾਂ ਦਾ ਲਾਭ ਲੈਣ ਵਾਲੇ ਲਾਭਪਾਤਰੀਆਂ ਦੇ ਵਿਚਾਰ ਵੀ ਸੁਣੇ ਗਏ।ਇਸ ਮੌਕੇ ਵਾਤਾਵਰਣ ਦੀ ਸੰਭਾਲ ਲਈ ਇਕ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ ।

ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨਾਲ ਰਾਬਤਾ ਕਰਾ ਕੇ ਸਮੱਸਿਆਵਾਂ ਦਾ ਕਰਾਇਆ ਹੱਲ

ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ) ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਨੇ ਬਲਾਕ ਗਿੱਦੜਬਾਹਾ ਦੇ ਪਿੰਡ ਘੱਗਾ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਦੇ ਨਿਪਟਾਰੇ ਲਈ ਵਿਸ਼ੇਸ਼ ਕੈਂਪ ਦਾ ਆਯੋਜਨ ਕੀਤਾ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਲੋਕਾਂ ਨੂੰ ਉਨ੍ਹਾਂ ਦੇ ਘਰਾਂ ਨੇੜੇ ਵੱਖ-ਵੱਖ ਸਰਕਾਰੀ ਸੇਵਾਵਾਂ ਮੁਹੱਈਆ ਕਰਾਉਣ ਲਈ ਸ਼ੁਰੂ ਕੀਤੀ ਗਈ ਮੁਹਿੰਮ 'ਸਰਕਾਰ ਤੁਹਾਡੇ ਦੁਆਰ' ਤਹਿਤ ਵਿਸ਼ੇਸ਼ ਕੈਂਪ ਲਗਾਇਆ ਗਿਆ।ਇਸ ਦੌਰਾਨ ਡਿਪਟੀ ਕਮਿਸ਼ਨਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਬੈਠ ਕੇ ਬਲਾਕ ਗਿਦਬਾਹਾ ਦੇ 3 ਪਿੰਡ, ਘੱਗਾ, ਥੇਹੜੀ ਅਤੇ ਫਕਰਸਰ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣੀਆਂ।ਇਸ ਦੌਰਾਨ ਐਸ.ਡੀ.ਐਮ. ਗਿੱਦੜਬਾਹਾ ਡਾ. ਅਜੀਤਪਾਲ ਸਿੰਘ ਤੋਂ ਇਲਾਵਾ ਹੋਰ ਵਿਭਾਗਾਂ ਦੇ ਅਧਿਕਾਰੀ ਵੀ ਮੌਜੂਦ ਸਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਆਦੇਸ਼ਾਂ 'ਤੇ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਵਿਚ ਇਸ ਤਰ੍ਹਾਂ ਦੇ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ, ਜਿਥੇ ਪਿੰਡਾਂ ਦੇ ਲੋਕਾਂ ਦੀਆਂ ਸ਼ਿਕਾਇਤਾਂ ਸੁਣਨ ਲਈ ਜ਼ਿਲ੍ਹੇ ਦੇ ਸਾਰੇ ਵਿਭਾਗ ਮੌਜੂਦ ਹੁੰਦੇ ਹਨ। ਉਹਨਾਂ ਕਿਹਾ ਕਿ ਇਸ ਤਰ੍ਹਾਂ ਦੇ ਵਿਸ਼ੇਸ਼ ਕੈਂਪਾਂ ਰਾਹੀਂ ਸਾਰੇ ਵਿਭਾਗਾਂ ਦੇ ਅਧਿਕਾਰੀ ਲੋਕਾਂ ਕੋਲ ਪਹੁੰਚ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਕਰ ਰਹੇ ਹਨ। ਇਸ ਕੈਂਪ ਵਿਚ ਵੱਖ ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਮੌਕੇ 'ਤੇ ਹੀ ਬਿਨੈ ਪੱਤਰ ਪ੍ਰਾਪਤ ਕਰਕੇ ਉਚਿਤ ਕਾਰਵਾਈ ਕੀਤੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਿਨ੍ਹਾਂ ਸ਼ਿਕਾਇਤਾਂ ਦਾ ਮੌਕੇ 'ਤੇ ਨਿਪਟਾਰਾ ਨਹੀਂ ਹੋਇਆ, ਉਹਨਾਂ ਦਾ ਜਲਦ ਹੀ ਸਬੰਧਤ ਵਿਭਾਗਾਂ ਵਲੋਂ ਹੱਲ ਕੀਤਾ ਜਾਵੇਗਾ।

ਬਾਕਸਿੰਗ 'ਚ ਭਾਰਤ ਨੂੰ ਪਹਿਲਾ ਸਥਾਨ ਦਿਵਾਉਣ ਵਾਲੀ ਰਮਨਦੀਪ ਕੌਰ ਚਕਰ ਦਾ ਹੋਵੇਗਾ ਸਨਮਾਨ

ਹਠੂਰ (ਨਛੱਤਰ ਸੰਧੂ) ਪਿੰਡ ਚਕਰ ਦੀ ਪ੍ਰੋਫੈਸ਼ਨਲ ਮੁੱਕੇਬਾਜ਼ ਰਮਨਦੀਪ ਕੌਰ ਨੇ ਹੈਦਰਾਬਾਦ ਦੀਆਂ ਬੌਕਸਿੰਗ ਖੇਡਾਂ ਵਿੱਚ ਭਾਰਤ ਨੂੰ ਪਹਿਲਾ ਸਥਾਨ ਦਿਵਾ ਕੇ ਟੌਪ ਦੀ ਖਿਡਾਰਨ ਹੋਣ ਦਾ ਬਹੁਤ ਵੱਡਾ ਮਾਣ ਹਾਸਲ ਕੀਤਾ ਹੈ। ਰਮਨਦੀਪ ਕੌਰ ਨੇ ਗਾਚੀਬੋਲੀ ਸਟੇਡੀਅਮ ਹੈਦਰਾਬਾਦ ਵਿੱਚ ਹਰਿਅਣਾ ਦੀ ਮਮਤਾ ਸਿੰਘ ਨੂੰ ਅੱਠ ਰਾਊਂਡਾਂ ਵਿੱਚ ਹਰਾ ਕੇ ਲਾਈਟ ਫਲਾਈਵੇਟ ਡਵੀਜ਼ਨ ਵਿੱਚ ਡਬਲਯੂ ਬੀ ਸੀ ਇੰਡੀਆ ਦਾ ਖਿਤਾਬ ਜਿੱਤ ਲਿਆ।

ਇੰਡੀਅਨ ਬਾਕਸਿੰਗ ਕਾਊਂਸਲ ਦੁਆਰਾ ਮਨਜ਼ੂਰਸ਼ੁਦਾ ਈਵੈਂਟ ਨੇ ਸ਼ਨੀਵਾਰ ਨੂੰ ਗਾਚੀਬੋਲੀ ਸਟੇਡੀਅਮ ਵਿੱਚ ਦੋ ਟਾਈਟਲਾਂ ਵਿੱਚ ਫਾਈਟਸ ਡਬਲਯੂ ਬੀ ਸੀ ਇੰਡੀਆ ਅਤੇ ਡਬਲਯੂ ਬੀ ਸੀ ਮਿਡਲ ਈਸਟ ਸਮੇਤ ਦਸ ਫਾਈਟਾਂ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਰਮਨਦੀਪ ਕੌਰ ਚਕਰ ਨੇ ਡਬਲਯੂ ਬੀ ਸੀ ਇੰਡੀਆ ਦਾ ਖਿਤਾਬ ਜਿੱਤ ਲਿਆ। ਭਾਰਤ ਦੀ ਚੋਟੀ ਦੀ ਇੱਕ ਨੰਬਰ ਰੈਂਕਿੰਗ ਵਾਲੀ ਰਮਨਦੀਪ ਕੌਰ ਨੇ ਦਸ ਜਿੱਤਾਂ ਅਤੇ ਤਿੰਨ ਹਾਰਾਂ ਦੇ ਪ੍ਰਭਾਵਸ਼ਾਲੀ ਰਿਕਾਰਡ ਦੇ ਨਾਲ ਆਪਣੇ ਚੌਦਵੇਂ ਪ੍ਰੋਬਾਊਟ ਵਿੱਚ ਦਾਖਲ ਹੋਈ, ਜਦਕਿ ਹਰਿਆਣਾ ਦੀ ਮਮਤਾ ਨੇ ਚਾਰ ਜਿੱਤਾਂ ਦੀ ਅਜੇਤੂ ਲੜੀ ਦਾ ਮਾਣ ਹਾਸਲ ਕੀਤਾ।

ਰਮਨਦੀਪ ਕੌਰ ਦੀ ਤਕਨੀਕੀ ਮੁਹਾਰਤ, ਪਿਛਲੇ ਛੇ-ਛੇ ਰਾਊਂਡ ਮੁਕਾਬਲਿਆਂ ਵਿੱਚ ਤਜਰਬੇਕਾਰ ਸੀ। ਉਸ ਨੇ ਸ਼ੁਰੂ ਤੋਂ ਹੀ ਉੱਤਮ ਤਕਨੀਕ ਦਾ ਪ੍ਰਦਰਸ਼ਨ ਕੀਤਾ ਅਤੇ ਬੜੀ ਕੁਸ਼ਲਤਾ ਨਾਲ ਤੇ ਸਟੀਕ ਪੰਚਾਂ ਨਾਲ ਡਬਲਯੂ ਬੀ ਸੀ ਇੰਡੀਆ ਟਾਈਟਲ ਨੂੰ ਹਾਸਲ ਕਰਕੇ ਪੰਜਾਬ ਅਤੇ ਭਾਰਤ ਦੇਸ ਦਾ ਨਾਂਅ ਰੌਸ਼ਨ ਕੀਤਾ। ਇਸ ਮੌਕੇ ਗ੍ਰਾਮ ਪੰਚਾਇਤ ਚਕਰ ਵੱਲੋਂ ਸਰਪੰਚ ਸੁਖਦੇਵ ਸਿੰਘ ਨੇ ਹੋਣਹਾਰ ਖਿਡਾਰਨ ਰਮਨਦੀਪ ਕੌਰ ਨੂੰ ਵਧਾਈ ਦਿੰਦੇ ਕਿਹਾ ਕਿ ਸਾਡੇ ਪਿੰਡ ਦੀ ਇਸ ਛੋਟੀ ਜਿਹੀ ਉਮਰ ਦੀ ਬੱਚੀ ਨੇ ਜੋ ਬਾਕਸਿੰਗ ਵਿੱਚ ਭਾਰਤ ਨੂੰ ਪਹਿਲਾ ਸਥਾਨ ਦਿਵਾਇਆ ਹੈ, ਉਸ 'ਤੇ ਪਿੰਡ ਵਾਸੀਆਂ ਨੂੰ ਹਮੇਸ਼ਾ ਮਾਣ ਰਹੇਗਾ ਅਤੇ ਆਉਣ ਵਾਲੇ ਸਮੇਂ ਵਿੱਚ ਇਸ ਬੱਚੀ ਨੂੰ ਸਨਮਾਨਤ ਕੀਤਾ ਜਾਵੇਗਾ।

ਵਿਦਿਆਰਥੀਆਂ ਨੇ ਕੀਤਾ ਮਾਤਾ ਗੁਜਰੀ ਕਾਲਜ ਦਾ ਵਿੱਦਿਅਕ ਦੌਰਾ

ਫ਼ਤਹਿਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) -ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫ਼ਰੌਰ, ਫ਼ਤਹਿਗੜ੍ਹ ਸਾਹਿਬ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਨਭੌਰਾ, ਮਲੇਰਕੋਟਲਾ ਦੇ ਵਿਦਿਆਰਥੀਆਂ ਨੇ ਮਾਤਾ ਗੁਜਰੀ ਕਾਲਜ ਦਾ ਵਿੱਦਿਅਕ ਦੌਰਾ ਕੀਤਾ, ਜਿਸ ਦੌਰਾਨ ਵਿਦਿਆਰਥੀਆਂ ਨੂੰ ਕਾਲਜ ਦੇ ਅਧਿਆਪਕਾਂ ਨੇ ਆਧੁਨਿਕ ਕੰਪਿਊਟਰਾਂ ਨਾਲ ਲੈਸ ਲੈਬਾਂ ਦਿਖਾਉਣ ਤੋਂ ਇਲਾਵਾ ਖੇਤੀਬਾੜੀ ਨਾਲ ਸਬੰਧਿਤ ਉਪਯੋਗੀ ਸੰਦਾਂ, ਡ੍ਰਿਪ ਸਿੰਚਾਈ, ਮੌਸਮ ਨਿਰੀਖਣਸ਼ਾਲਾ, ਵਰਮੀ ਕੰਪੋਸਟ ਆਦਿ ਵਿਹਾਰਕ ਵਿਸ਼ਿਆਂ ਸਬੰਧੀ ਜਾਣਕਾਰੀ ਦੇਣ ਤੋਂ ਇਲਾਵਾ ਕੈਰੀਅਰ ਕਾਊਂਸਲਿੰਗ ਵੀ ਪ੍ਰਦਾਨ ਕੀਤੀ ਗਈ।

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਫਰੌਰ ਦੇ ਪ੍ਰਿੰਸੀਪਲ ਸ੍ਰੀ ਰਾਮ ਭੂਸ਼ਣ ਅਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬਨਭੌਰਾ ਦੇ ਪ੍ਰਿੰਸੀਪਲ ਸ੍ਰੀ ਰੋਹਿਤ ਕੁਮਾਰ ਨੇ ਕਾਲਜ ਦੇ ਸਟਾਫ਼ ਦਾ ਸਕੂਲ ਦੇ ਵਿਦਿਆਰਥੀਆਂ ਦੀ ਕੈਰੀਅਰ ਕਾਊਂਸਲਿੰਗ ਕਰਨ ਲਈ ਧੰਨਵਾਦ ਕਰਦਿਆਂ ਕਿਹਾ ਕਿ ਇਹ ਵਿੱਦਿਅਕ ਦੌਰਾ ਵਿਦਿਆਰਥੀਆਂ ਵਿੱਚ ਉਚੇਰੀ ਵਿੱਦਿਆ ਸਬੰਧੀ ਜਾਗਰੂਕਤਾ ਪੈਦਾ ਕਰਨ ਲਈ ਆਯੋਜਤ ਕੀਤਾ ਗਿਆ ਸੀ।

ਕਾਲਜ ਦੇ ਡਾਇਰੈਕਟਰ ਪ੍ਰਿੰਸੀਪ

21-Dec-PAGE-8.qxd 12/20/2023 10:27 PM Page 1

ਸਰਕਾਰੀ ਇਮਾਰਤ 'ਚ ਜਲਦ ਸਥਾਪਤ ਕਰਾਂਗੇ ਪ੍ਰੈੱਸ ਕਲੱਬ : ਧਾਲੀਵਾਲ

ਮੋਹਾਲੀ, (ਗੁਰਜੀਤ ਬਿੱਲਾ)

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮਿਲ ਕੇ ਜਲਦੀ ਹੀ ਮੋਹਾਲੀ ਵਿਚ ਪ੍ਰੈੱਸ ਕਲੱਬ ਲਈ ਢੁੱਕਵੀਂ ਥਾਂ ਉਤੇ ਨਵੀਂ ਇਮਾਰਤ ਉਸਾਰੀ ਜਾਵੇਗੀ। ਇਹ ਭਰੋਸਾ ਇੱਥੇ ਪੰਜਾਬ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦਿੰਦਿਆਂ ਕਿਹਾ ਕਿ ਜਿੰਨਾ ਚਿਰ ਕਲੱਬ ਲਈ ਥਾਂ ਨਹੀਂ ਮਿਲਦੀ ਉਨਾਂ ਚਿਰ ਕਿਸੇ ਵੀ ਸਰਕਾਰੀ ਇਮਾਰਤ ਵਿਚ ਆਰਜ਼ੀ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਉਹਨਾਂ ਨੇ ਮੋਹਾਲੀ ਪ੍ਰੈੱਸ ਕਲੱਬ ਦੇ ਮੈਂਬਰਾਂ ਨੂੰ ਸ਼ਨਾਖਤੀ ਕਾਰਡ ਵੀ ਤਕਸੀਮ ਕੀਤੇ ਅਤੇ ਮੋਹਾਲੀ ਪ੍ਰੈਸ ਕਲੱਬ ਦੀ ਟੀਮ ਵਲੋਂ ਕੁਲਦੀਪ ਸਿੰਘ ਧਾਲੀਵਾਲ ਨੂੰ ਪ੍ਰੈਸ ਦਾ ਆਨਰੇਰੀ ਆਈ ਕਾਰਡ ਵੀ ਭੇਟ ਕੀਤਾ ਗਿਆ। ਇਸ ਮੌਕੇ ਉਹਨਾਂ ਕਲੱਬ ਨੂੰ 2 ਲੱਖ ਰੁਪਏ ਦੀ ਵਿੱਤੀ ਮੱਦਦ ਦੇਣ ਦਾ ਵੀ ਐਲਾਨ ਕੀਤਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਧਾਲੀਵਾਲ ਨੇ ਕਿਹਾ ਕਿ ਮੋਹਾਲੀ ਸ਼ਹਿਰ ਵਿਚ ਪ੍ਰੈਸ ਕਲੱਬ ਲਈ ਥਾਂ ਨਾ ਹੋਣਾ ਦੁੱਖਦਾਈ ਮਸਲਾ ਹੈ। ਜਿਸ ਨੂੰ ਜਲਦੀ ਹੀ ਹੱਲ ਕਰਨ ਦੀ ਕੋਸ਼ਿਸ਼ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਕੈਬਨਿਟ ਸਬ ਕਮੇਟੀ ਮੀਟਿੰਗ ਵਿਚ ਪੰਜਾਬ ਦੀਆਂ ਕਿਸਾਨ ਜਥੇਬੰਦੀਆਂ ਦੇ ਭੱਖਦੇ ਮਸਲੇ ਵਿਚਾਰੇ ਗਏ, ਜਿਨ੍ਹਾਂ ਨੂੰ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ। ਉਹਨਾਂ ਦੱਸਿਆ ਕਿ ਪਿਛਲੇ ਪੌਣੇ ਦੋ ਸਾਲ ਵਿਚ ਪੰਜਾਬ ਦੇ ਬੇਰੁਜ਼ਗਾਰ ਨੌਜਵਾਨਾਂ ਨੂੰ ਰੁਜ਼ਗਾਰ ਦਿੱਤਾ ਗਿਆ ਹੈ ਅਤੇ ਬੇਰੁਜ਼ਗਾਰੀ ਨੂੰ ਖਤਮ ਕਰਨ ਲਈ ਇਹ ਸਿਲਸਿਲਾ ਅੱਗੇ ਵੀ ਜਾਰੀ ਰਹੇਗਾ। ਉਹਨਾਂ ਇਹ ਵੀ ਕਿਹਾ ਕਿ ਪੰਜਾਬ ਵਿਚ ਲਾਲ ਡੋਰੇ ਅੰਦਰ ਪੈਂਦੀਆਂ ਜ਼ਮੀਨਾਂ ਦੀ ਰਜਿਸਟਰੀ ਨਾ ਹੋਣ ਦਾ ਮਸਲਾ ਵੀ ਜਲਦੀ ਹੀ ਹੱਲ ਕਰ ਦਿੱਤਾ ਜਾਵੇਗਾ। ਉਹਨਾਂ ਅੱਗੇ ਕਿਹਾ ਕਿ ਪਰਿਵਾਰਕ ਜ਼ਮੀਨਾਂ ਦੀ ਤਕਸੀਮ ਲਈ ਪਿੰਡ-ਪਿੰਡ ਕੈਂਪ ਲਾਏ ਜਾਣਗੇ ਅਤੇ ਲੋਕਾਂ ਨੂੰ ਆ ਰਹੀ ਸਮੱਸਿਆ ਹੱਲ ਕਰ ਦਿੱਤੀ ਜਾਵੇਗੀ।

ਪੰਜਾਬ ਜਲ ਸਲਪਾਈ ਅਤੇ ਸੀਵਰੇਜ਼ ਬੋਰਡ ਦੇ ਚੇਅਰਮੈਨ ਡਾ. ਸੰਨੀ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਮੋਹਾਲੀ ਦੀ ਪ੍ਰੈਸ ਲੋਕ ਪੱਖੀ ਹੈ ਅਤੇ ਪ੍ਰੈਸ ਕਲੱਬ ਲਈ ਕੀਤੀ ਗਈ ਮੰਗ ਨੂੰ ਛੇਤੀ ਪੂਰਾ ਕੀਤਾ ਜਾਣਾ ਚਾਹੀਦਾ ਹੈ। ਉਹਨਾਂ ਕਿਹਾ ਕਿ ਜਿੰਨਾ ਚਿਰ ਸਰਕਾਰੀ ਜ਼ਮੀਨ ਦਾ ਫੈਸਲਾ ਨਹੀਂ ਹੁੰਦਾ, ਉਨਾਂ ਚਿਰ ਕਿਸੇ ਵੀ ਸਰਕਾਰੀ ਇਮਾਰਤ ਵਿਚ ਮੋਹਾਲੀ ਪ੍ਰੈਸ ਕਲੱਬ ਨੂੰ ਥਾਂ ਦਿੱਤੀ ਜਾਵੇ, ਤਾਂ ਜੋ ਪੱਤਰਕਾਰ ਭਾਈਚਾਰਾ ਇਕ ਛੱਤ ਹੇਠ ਬੈਠ ਕੇ ਕੰਮ ਕਰ ਸਕੇ। ਮੋਹਾਲੀ ਪ੍ਰੈਸ ਕਲੱਬ ਦੇ ਜਨਰਲ ਸਕੱਤਰ ਸੁਖਦੇਵ ਸਿੰਘ ਪਟਵਾਰੀ ਨੇ ਕਿਹਾ ਕਿ ਮੋਹਾਲੀ ਸ਼ਹਿਰ ਕੌਮਾਂਤਰੀ ਪੱਤਰ ਉਤੇ ਜਾਣਿਆ ਜਾਂਦਾ ਸ਼ਹਿਰ ਹੈ ਪਰ ਪ੍ਰੈੱਸ ਕਲੱਬ ਨਾ ਹੋਣ ਕਰਕੇ ਪੱਤਰਕਾਰਾਂ ਨੂੰ ਕਈ ਦੁਸ਼ਵਾਰੀਆਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕਿਹਾ ਕਿ ਪ੍ਰੈੱਸ ਸਰਕਾਰ ਅਤੇ ਲੋਕਾਂ ਵਿਚਕਾਰ ਪੁੱਲ ਦਾ ਕੰਮ ਕਰਦੀ ਹੈ ਅਤੇ ਪੱਤਰਕਾਰਾਂ ਲਈ ਅਜਿਹੀ ਬੁਨਿਆਦੀ ਸਹੂਲਤ ਨਾ ਹੋਣ ਕਰਕੇ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਉਹਨਾਂ ਕੈਬਨਿਟ ਮੰਤਰੀ ਧਾਲੀਵਾਲ ਤੋਂ ਮੰਗ ਕੀਤੀ ਕਿ ਮੋਹਾਲੀ ਵਿਚ ਜਲਦ ਹੀ ਪ੍ਰੈਸ ਕਲੱਬ ਲਈ ਥਾਂ ਦਿੱਤੀ ਜਾਵੇ। ਇਸ ਮੌਕੇ ਪ੍ਰਧਾਨ ਗੁਰਮੀਤ ਸਿੰਘ ਸ਼ਾਹੀ, ਸੀ. ਮੀਤ ਪ੍ਰਧਾਨ ਮਨਜੀਤ ਸਿੰਘ ਚਾਨਾ, ਮੀਤ ਪ੍ਰਧਾਨ ਸੁਸ਼ੀਲ ਗਰਚਾ ਅਤੇ ਵਿਜੇ ਕੁਮਾਰ, ਕੈਸ਼ੀਅਰ ਰਾਜੀਵ ਤਨੇਜਾ, ਜੁਆਇੰਟ ਸਕੱਤਰ ਨੀਲਮ ਠਾਕੁਰ ਅਤੇ ਮਾਇਆ ਰਾਮ, ਹਰਬੰਸ ਸਿੰਘ ਬਾਗੜੀ, ਸਮਾਜਸੇਵੀ ਜਗਜੀਤ ਕੌਰ ਕਾਹਲੋਂ, ਬ੍ਰਿਗੇਡੀਅਰ ਰਾਜਿੰਦਰ ਸਿੰਘ ਕਾਹਲੋਂ, ਅਜਾਇੰਬ ਸਿੰਘ ਔਜਲਾ, ਸੰਦੀਪ ਬਿੰਦਰਾ, ਜਸਵੀਰ ਸਿੰਘ ਗੋਸਲ, ਰਾਜੀਵ ਵਸ਼ਿਸ਼ਟ, ਅਕਵਿੰਦਰ ਗੋਸਲ, ਤਰੁਣਜੀਤ ਸਿੰਘ ਪੀਏ ਵਿਧਾਇਕ ਮੋਹਾਲੀ, ਆਰ.ਪੀ. ਸ਼ਰਮਾ, ਹਰਿੰਦਰਪਾਲ ਸਿੰਘ ਹੈਰੀ, ਕੁਲਵਿੰਦਰ ਸਿੰਘ ਬਾਵਾ, ਅਮਨ ਗਿੱਲ, ਮੰਗਤ ਸਿੰਘ ਸੈਦਪੁਰ, ਸੁਖਵਿੰਦਰ ਸਿੰਘ ਸ਼ਾਨ, ਸੰਦੀਪ ਸ਼ਰਮਾ, ਕੁਲਵੰਤ ਕੋਟਲੀ, ਗੁਰਮੀਤ ਸਿੰਘ ਰੰਧਾਵਾ, ਪਾਲ ਸਿੰਘ ਕੰਸਾਲਾ, ਧਰਮ ਸਿੰਘ, ਸਰੋਜ ਕੁਮਾਰੀ ਵਰਮਾ, ਰਣਜੀਤ ਸਿੰਘ ਧਾਲੀਵਾਲ, ਭੁਪਿੰਦਰ ਬੱਬਰ, ਤਿਲਕ ਰਾਜ, ਵਾਸਨ ਸਿੰਘ ਗੋਰਾਇਆ, ਰਾਜੀਵ ਕੁਮਾਰ ਸੱਚਦੇਵਾ, ਧਰਮਿੰਦਰ ਸਿੰਗਲਾ, ਅਰੁਣ ਨਾਭਾ, ਗੁਰਜੀਤ ਸਿੰਘ, ਗੁਰਨਾਮ ਸਾਗਰ, ਮੈਨੇਜਰ ਜਗਦੀਸ਼ ਸ਼ਾਰਦਾ, ਨਰਿੰਦਰ ਰਾਣਾ ਆਦਿ ਹਾਜ਼ਰ ਸਨ।

ਇੱਕੋ ਰਾਤ 'ਚ ਹੋਈਆਂ ਤਿੰਨ ਗੁਰਦੁਆਰਾ ਸਾਹਿਬ 'ਚ ਚੋਰੀਆਂ

ਭੋਗਪੁਰ:- (ਗੁਰਪ੍ਰੀਤ ਸਿੰਘ ਭੋਗਲ)- ਪਿੰਡ ਲੁਹਾਰਾਂ (ਮਾਣਕਰਾਈ) ਦੇ ਗੁਰਦੁਆਰੇ ਵਿੱਚ ਚੋਰੀ ਦੀ ਘਟਨਾ ਵਾਪਰੀ ਹੈ। ਜਾਣਕਾਰੀ ਮੁਤਾਬਕ ਜਿੱਥੇ ਚੋਰਾਂ ਨੇ ਗੁਰਦੁਆਰੇ ਦੇ ਗੇਟ ਦਾ ਤਾਲਾ ਤੋੜ ਕੇ ਗੋਲਕ ਨੂੰ ਚੁੱਕਿਆ ਅਤੇ ਨੇੜੇ ਪਿੰਡ ਖਾਲ੍ਹੀ ਜਗ੍ਹਾ ਤੇ ਵਿੱਚ ਗੋਲਕ ਦਾ ਤਾਲਾ ਖੋਲ ਕੇ ਪੈਸੇ ਲੈ ਗਏ। ਇਸ ਬਾਰੇ ਗੁਰਦੁਆਰਾ ਸਾਹਿਬ ਦੇ ਗ੍ਰੰਥੀ ਨੂੰ ਸਵੇਰੇ ਪਤਾ ਲੱਗਾ ਅਤੇ ਉਨ੍ਹਾਂ ਨੇ ਸੀ. ਸੀ. ਟੀ. ਵੀ. ਦੀ ਫੁਟੇਜ ਦੀ ਜਦ ਜਾਂਚ ਕੀਤੀ ਜਿਸ ਵਿੱਚ ਚੋਰ ਗੁਰਦੁਆਰੇ ਵਿੱਚੋਂ ਗੋਲਕ ਚੋਰੀ ਕਰਕੇ ਲੈ ਗਏ ਅਤੇ ਨਾਲ ਦੇ ਪਿੰਡ ਦੇ ਨੇੜੇ ਖਾਲੀ ਥਾਂ 'ਤੇ ਖੋਲ ਕੇ ਉਸ ਵਿੱਚੋਂ ਨਕਦੀ ਲੈ ਗਏ ਅਤੇ ਗੋਲਕ ਉੱਥੇ ਹੀ ਛੱਡ ਗਏ। ਇਹ ਸਾਰੀ ਘਟਨਾ ਸੀ. ਸੀ. ਟੀ. ਵੀ. ਵਿੱਚ ਕੈਦ ਹੋ ਗਈ। ਦੱਸਣਯੋਗ ਗੱਲ ਇਹ ਹੈ ਕਿ ਇਸ ਤੋਂ ਇਲਾਵਾ ਪਿੰਡ ਸੰਧਵਾਂ ਅਤੇ ਸੱਧਾ ਚੱਕ ਵਿਖੇ ਵੀ ਇਸ ਹੀ ਰਾਤ ਇੱਕੋ ਟਾਈਮ 'ਤੇ ਤਿੰਨ ਚੋਰੀਆਂ ਹੋਈਆਂ ਹਨ। ਇਸ ਮਾਮਲੇ 'ਚ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਵਿਸ਼ਵਾਸ ਦਿਵਾਇਆ ਕਿ ਚੋਰਾਂ ਨੂੰ ਜਲਦ ਤੋਂ ਜਲਦ ਫੜ ਕੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

'ਇੰਡੀਆ' ਗਠਜੋੜ 'ਚ ਸ਼ਾਮਲ ਪਾਰਟੀਆਂ ਦੀ ਕੀਤੀ ਜਾਵੇਗੀ ਡਟਵੀਂ ਇਮਦਾਦ : ਪਾਸਲਾ

ਜਲੰਧਰ (ਰਾਜੇਸ਼ ਥਾਪਾ, ਕੇਸਰ)

ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰ ਐਮ ਪੀ ਆਈ.) ਅਤੇ ਮਾਰਕਸਿਸਟ ਕਮਿਊਨਿਸਟ ਪਾਰਟੀ ਆਫ ਇੰਡੀਆ-ਯੂਨਾਈਟਿਡ (ਐਮ ਸੀ ਪੀ ਆਈ-ਯੂ) 'ਤੇ ਆਧਾਰਿਤ "ਕਮਿਊਨਿਸਟ ਕੋਆਰਡੀਨੇਸ਼ਨ ਕਮੇਟੀ" (ਸੀਸੀਸੀ) ਦੀ ਤਿੰਨ ਰੋਜ਼ਾ ਮੀਟਿੰਗ ਸਾਥੀ ਕੇ ਗੰਗਾਧਰਨ ਅਤੇ ਈ ਜਾਰਜ ਦੀ ਪ੍ਰਧਾਨਗੀ ਹੇਠ ਚੇਨਈ (ਤਮਿਲਨਾਡੂ) ਦੇ 'ਸਾਲਵੇਸ਼ਨ ਆਰਮੀ' ਹਾਲ ਵਿਖੇ ਸੰਪੰਨ ਹੋਈ। ਸੀਸੀਸੀ ਦੇ ਦੋਹੋਂ ਕਨਵੀਨਰਾਂ, ਸਾਥੀ ਮੰਗਤ ਰਾਮ ਪਾਸਲਾ ਜਨਰਲ ਸਕੱਤਰ ਆਰ ਐਮ ਪੀ ਆਈ ਅਤੇ ਐਮ ਅਸ਼ੋਕ ਓਮਕਾਰ ਜਨਰਲ ਸਕੱਤਰ ਐਮ ਸੀ ਪੀ ਆਈ-ਯੂ ਨੇ ਹਾਜਰ ਸਾਥੀਆਂ ਦੇ ਵਿਚਾਰ-ਵਟਾਂਦਰੇ ਲਈ ਵਰਤਮਾਨ ਗੁੰਝਲਦਾਰ ਰਾਜਸੀ ਅਵਸਥਾ ਬਾਰੇ ਰਿਪੋਰਟ ਪੇਸ਼ ਕੀਤੀ। ਮੀਟਿੰਗ ਵਲੋਂ ਆਉਣ ਵਾਲੀਆਂ ਲੋਕ ਸਭਾ ਚੋਣਾਂ 'ਚ ਭਾਜਪਾ ਅਤੇ ਇਸ ਦੇ ਇਤਿਹਾਦੀਆਂ ਦੀ ਹਾਰ ਯਕੀਨੀ ਬਣਾਉਣ ਲਈ 'ਇੰਡੀਆ' ਗਠਜੋੜ ਵਿਚ ਸ਼ਾਮਲ ਪਾਰਟੀਆਂ ਦੀ ਡਟਵੀਂ ਇਮਦਾਦ ਕਰਨ ਦਾ ਨਿਰਣਾ ਲਿਆ ਗਿਆ ਹੈ। ਉਕਤ ਸੇਧ ਵਿਚ ਹਰ ਪ੍ਰਾਂਤ ਅੰਦਰ ਵਿਸ਼ਾਲ ਜਨਤਕ ਲਾਮਬੰਦੀ ਮੁਹਿੰਮ ਛੇੜੀ ਜਾਵੇਗੀ, ਜਿਸ ਦੀ ਸ਼ੁਰੂਆਤ 30 ਜਨਵਰੀ ਨੂੰ ਮਹਾਤਮਾ ਗਾਂਧੀ ਦੇ ਸ਼ਹਾਦਤ ਦਿਵਸ ਮੌਕੇ ਵਿਸ਼ਾਲ ਰੈਲੀਆਂ, ਜਨਤਕ ਮੀਟਿੰਗਾਂ, ਸੈਮੀਨਾਰਾਂ ਆਦਿ ਨਾਲ ਕੀਤੀ ਜਾਵੇਗੀ। ਇਹ ਮੁਹਿੰਮ ਫਰਵਰੀ ਦੇ ਅੰਤ ਤੱਕ ਜਾਰੀ ਰਹੇਗੀ। ਮੀਟਿੰਗ ਨੇ ਇਹ ਵੀ ਫੈਸਲਾ ਕੀਤਾ ਹੈ ਕਿ ਵਿਰੋਧੀ ਧਿਰ ਦੇ 171 ਸੰਸਦ ਮੈਂਬਰਾਂ ਦੀ ਮੁਅੱਤਲੀ ਦੇ ਮੋਦੀ-ਸ਼ਾਹ ਸਰਕਾਰ ਦੇ ਹਿਟਲਰੀ ਫੈਸਲੇ ਖਿਲਾਫ਼ 22 ਦਸੰਬਰ ਨੂੰ ਕੀਤੇ ਜਾ ਰਹੇ ਦੇਸ਼ ਵਿਆਪੀ ਰੋਸ ਮੁਜਾਹਰਿਆਂ 'ਚ ਪੂਰੀ ਸ਼ਕਤੀ ਨਾਲ ਸ਼ਮੂਲੀਅਤ ਕੀਤੀ ਜਾਵੇਗੀ। ਮੀਟਿੰਗ ਦੇ ਆਰੰਭ ਵਿਚ ਕਿਰਤੀ ਵਰਗ ਦੀ ਲੁੱਟ-ਚੋਂਘ, ਜਬਰ-ਵਿਤਕਰੇ ਤੋਂ ਮੁਕਤੀ ਦੇ ਸੰਗਰਾਮ ਦੇ ਲੇਖੇ ਜੀਵਨ ਲਾਉਣ ਵਾਲੇ ਦੇਸ਼-ਦੁਨੀਆਂ ਦੇ ਕਮਿਊਨਿਸਟ ਜੁਝਾਰੂਆਂ, ਇਜ਼ਰਾਈਲ ਵਲੋਂ ਫਲਸਤੀਨ ਖਿਲਾਫ਼ ਵਿੱਢੀ ਗਈ ਨਿਹੱਕੀ ਤੇ ਅਸਾਵੀਂ ਜੰਗ ਵਿਚ ਮਾਰੇ ਗਏ ਨਿਰਦੋਸ਼ ਨਾਗਰਿਕਾਂ ਅਤੇ ਕੁਦਰਤੀ ਆਫਤਾਂ ਤੇ ਹਾਦਸਿਆਂ 'ਚ ਜਾਨਾਂ ਗੁਆਉਣ ਵਾਲਿਆਂ ਨੂੰ ਦੋ ਮਿੰਟ ਮੌਨ ਖੜੋ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਦਾ ਸ਼ਾਨਦਾਰ ਪ੍ਰਬੰਧ ਕਰਨ ਵਾਲੀ ਆਰਐਮਪੀਆਈ ਦੀ ਤਾਮਿਲਨਾਡੂ ਰਾਜ ਕਮੇਟੀ ਅਤੇ 'ਸਾਲਵੇਸ਼ਨ ਆਰਮੀ' ਦਾ ਉਚੇਚਾ ਸਨਮਾਨ ਕੀਤਾ ਗਿਆ। ਮੀਟਿੰਗ ਦਾ ਸਮਾਪਨ ਵੱਖੋ-ਵੱਖ ਭਾਸ਼ਾਵਾਂ 'ਚ ਕੌਮਾਂਤਰੀ ਨਗਮਾ ਗਾਉਣ ਨਾਲ ਹੋਇਆ।

5 ਚੋਰੀ ਦੇ ਮੋਟਰਸਾਈਕਲਾਂ ਸਮੇਤ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਇੰਸਪੈਕਟਰ ਉਕਾਂਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਏ ਐਸ ਆਈ ਨਾਮਦੇਵ ਸਮੇਤ ਪੁਲਸ ਪਾਰਟੀ ਵੱਲੋਂ ਅਮਰਜੀਤ ਸਿੰਘ ਪੁੱਤਰ ਰਣਜੀਤ ਸਿੰਘ ਵਾਸੀ ਕੋਟਯੋਗਰਾਜ ਥਾਣਾ ਕਾਹਨੂੰਵਾਲ ਜ਼ਿਲ੍ਹਾ ਗੁਰਦਾਸਪੁਰ ਨੂੰ ਕਾਬੂ ਕਰਕੇ ਉਸ ਪਾਸੋਂ ਚੋਰੀ ਦੇ 5 ਸਪਲੈਂਡਰ ਮੋਟਰਸਾਇਕਲ ਬਿਨਾਂ ਨੰਬਰੀ ਬ੍ਰਾਮਦ ਕੀਤੇ ਹਨ । ਇਹ ਮੋਟਰਸਾਈਕਲ ਦੋਸ਼ੀ ਉੱਕਤ ਵੱਲੋਂ ਵੱਖ ਵੱਖ ਜਗ੍ਹਾਂ ਤੋਂ ਚੋਰੀ ਕੀਤੇ ਜਿਹਨਾਂ ਵਿੱਚੋਂ ਇੱਕ ਮੋਟਰਸਾਈਕਲ ਵੇਵਜ ਹਸਪਤਾਲ ਨਜਦੀਕ ਤੋਂ, ਇੱਕ ਮੋਟਰਸਾਈਕਲ ਨਜਦੀਕ ਹੁਸ਼ਿਆਰਪੁਰ ਚੂੰਗੀ ਦਸੂਹਾ, ਦੋ ਮੋਟਰਸਾਈਕਲ ਸ਼੍ਰੀ ਹਰਗੋਬਿੰਦਪੁਰ ਤੋ ਇੱਕ ਮੋਟਰਸਾਈਕਲ ਗੁਰਦਸਾਪੁਰ ਤੋਂ ਚੋਰੀ ਕੀਤੇ ਸਨ।ਟਾਂਡਾ ਪੁਲਸ ਨੇ ਉਸ ਨੂੰ ਗ੍ਰਿਫਤਾਰ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

178 ਗ੍ਰਾਮ ਨਸ਼ੀਲੇ ਪਦਾਰਥ ਸਮੇਤ ਗ੍ਰਿਫ਼ਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)-ਇੰਸਪੈਕਟਰ ਉਕਾਂਰ ਸਿੰਘ ਬਰਾੜ ਮੁੱਖ ਅਫਸਰ ਥਾਣਾ ਟਾਂਡਾ ਨੇ ਦੱਸਿਆ ਕਿ ਐਸ.ਆਈ ਅਵਤਾਰ ਸਿੰਘ ਸਮੇਤ ਪੁਲਸ ਪਾਰਟੀ ਨੂੰ ਉਸ ਸਮੇਂ ਵੱਡੀ ਸਫਲਤਾ ਹਾਸਲ ਹੋਈ ਜਦੋ ਦੌਰਾਨੇ ਗਸ਼ਤ ਜੋਬਨਜੋਤ ਸਿੰਘ ਪੁੱਤਰ ਮਲੂਕ ਸਿੰਘ ਵਾਸੀ ਡੱਲਾ ਥਾਣਾ ਕਾਦੀਆਂ ਜ਼ਿਲ੍ਹਾ ਗੁਰਦਾਸਪੁਰ ਨੂੰ ਮਿਆਣੀ ਮੋੜ ਤੋਂ ਕਾਬੂ ਕਰਕੇ ਉਸ ਪਾਸੋਂ 178 ਗ੍ਰਾਮ ਨਸ਼ੀਲੇ ਪਦਾਰਥ ਬ੍ਰਾਮਦ ਕੀਤਾ ਤੇ ਉਸ ਦੇ ਖਿਲਾਫ ਐਨ.ਡੀ.ਪੀ.ਐਸ ਐਕਟ ਅਧੀਨ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਭਗੌੜਾ ਗ੍ਰਿਫਤਾਰ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਉਂਕਾਰ ਸਿੰਘ)- ਐਸ.ਐਚ.ਓ ਉਂਕਾਰ ਸਿੰਘ ਬਰਾੜ ਟਾਂਡਾ ਨੇ ਦੱਸਿਆ ਕਿ ਸਪੈਸ਼ਲ ਬ੍ਰਾਂਚ ਦੀ ਸਹਾਇਤਾ ਨਾਲ ਐਸ.ਆਈ ਦਲਜੀਤ ਸਿੰਘ ਸਮੇਤ ਪੁਲਸ ਪਾਰਟੀ ਵੱਲੋਂ ਦੌਰਾਨੇ ਗਸ਼ਤ ਭਗੌੜੇ ਪੀ.ਓ ਵਿਸ਼ਾਲ ਕੁਮਾਰ ਪੁੱਤਰ ਕਮਲ ਰਾਜ ਵਾਸੀ ਗੰਨਾ ਪਿੰਡ ਥਾਣਾ ਫਿਲੌਰ ਜ਼ਿਲ੍ਹਾ ਜਲੰਧਰ ਨੂੰ ਕਾਬੂ ਕਰ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਹਰਿਆਣਾ ਵਿਧਾਨ ਸਭਾ ਦੀਆਂ ਸੀਟਾਂ ਦੀ ਗਿਣਤੀ 112 ਹੋਣ ਦਾ ਅੰਦਾਜ਼ਾ : ਮੁੱਖ ਮੰਤਰੀ

ਚੰਡੀਗੜ੍ਹ, (ਕ੍ਰਿਸ਼ਨ ਗਰਗ) - ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਕਿਹਾ ਕਿ ਕਿਸੇ ਵੀ ਰਾਜ ਵਿਚ ਵਿਧਾਨ ਸਭਾ ਸੀਟਾਂ ਦੀ ਗਿਣਤੀ ਅਤੇ ਅਨੁਸੂਚਿਤ ਜਾਤੀ ਦੇ ਲਈ ਰਾਖਵਾਂ ਸੀਟਾਂ ਦੀ ਗਿਣਤੀ ਨਿਰਧਾਰਿਤ ਕਰਨ ਦਾ ਅਧਿਕਾਰ ਸਿਰਫ ਪਰਿਸੀਮਨ ਆਯੋਗ ਨੂੰ ਹੈ। ਇਸ ਵਿਚ ਕਿਸੇ ਵੀ ਸੂਬਾ ਸਰਕਾਰ ਦੀ ਕੋਈ ਭੂਮਿਕਾ ਨਹੀਂ ਹੁੰਦੀ। ਮੁੱਖ ਮੰਤਰੀ ਇੱਥੇ ਹਰਿਆਣਾ ਵਿਧਾਨ ਸਭਾ ਦੇ ਸਰਦੀ ਰੁੱਤ ਸੈਸ਼ਨ ਦੌਰਾਨ ਵਿਧਾਇਕ ਇਸ਼ਵਰ ਸਿੰਘ ਵੱਲੋਂ ਅਨੁਸੂਚਿਤ ਜਾਤੀ ਦੇ ਲਈ ਰਾਖਵਾਂ ਵਿਧਾਨ ਸਭਾ ਸੀਟਾਂ ਦੀ ਗਿਣਤੀ 20 ਫੀਸਦੀ ਆਬਾਦੀ ਅਨੁਸਾਰ 17 ਤੋਂ ਵਧਾ ਕੇ 18 ਕਰਨ ਦੇ ਵਿਸ਼ਾ 'ਤੇ ਜਵਾਬ ਦੇ ਰਹੇ ਸਨ। ਮਨੋਹਰ ਲਾਲ ਨੇ ਕਿਹਾ ਕਿ ਭਵਿੱਖ ਵਿਚ ਜਦੋਂ ਮੁੜ ਪਰਿਸੀਮਨ ਆਯੋਗ ਬਣੇਗਾ, ਉਸ ਸਮੇਂ ਹਰਿਆਣਾ ਵਿਧਾਨ ਸਭਾ, ਇਸ ਦੇ ਮੈਂਬਰਾਂ ਅਤੇ ਸੂਬਾ ਸਰਕਾਰ ਦੀ ਰਾਏ ਲਈ ਜਾਵੇਗੀ, ਉਸ ਸਮੇਂ ਅਨੁਸੂਚਿਤ ਜਾਤੀ ਲਈ ਰਾਖਵਾਂ ਵਿਧਾਨ ਸਭਾ ਸੀਟਾਂ ਦੀ ਗਿਣਤੀ 20 ਫੀਸਦੀ ਆਬਾਦੀ ਦੇ ਅਨੁਸਾਰ ਕਰਨ ਲਈ ਸੂਚਿਤ ਕੀਤਾ ਜਾਵੇਗਾ। ਉਨ੍ਹਾਂ ਨੇ ਕਿਹਾ ਕਿ ਆਗਾਮੀ ਪਰਿਸੀਮਨ ਆਯੋਗ ਵਿਚ ਹਰਿਆਣਾ ਦੀ ਆਬਾਦੀ ਅਨੁਸਾਰ ਵਿਧਾਨ ਸਭਾ ਦੀਆਂ ਸੀਟਾਂ ਦੀ ਗਿਣਤੀ 90 ਤੋਂ ਵੱਧ ਕੇ 112 ਹੋਣ ਦਾ ਅੰਦਾਜਾ ਹੈ ਅਤੇ ਅਨੁਸੂਚਿਤ ਜਾਤੀ ਲਈ ਰਾਖਵਾਂ ਵਿਧਾਨ ਸਭਾ ਸੀਟਾਂ ਦੀ ਗਿਣਤੀ 20 ਫੀਸਦੀ ਆਬਾਦੀ ਅਨੁਸਾਰ 22 ਹੋਵੇਗੀ। ਹਾਲਾਂਕਿ ਆਖੀਰੀ ਫੈਸਲਾ ਪਰਿਸੀਮਨ ਆਯੋਗ ਦਾ ਹੀ ਹੋਵੇਗਾ।

ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਨੂੰ ਸਮਰਪਿਤ ਸਮਾਰਕ ਦਾ ਨੀਂਹ ਪੱਥਰ

21-Dec-PAGE-9.qxd 12/20/2023 10:26 PM Page 1

ਪੰਜਾਬ 'ਚ ਪਹਿਲੀ ਵਾਰ ਸਾਈਬਰ ਕ੍ਰਾਈਮ ਦੇ ਵਿੱਤੀ ਧੋਖਾਧੜੀ ਪੀੜਤਾਂ ਦੇ ਖਾਤਿਆਂ 'ਚ ਫਰੀਜ਼ ਮਨੀ ਆਈ ਵਾਪਸ

ਚੰਡੀਗੜ੍ਹ, (ਗੁਰਜੀਤ ਬਿੱਲਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੂਬੇ ਦੇ ਸਾਈਬਰ ਕ੍ਰਾਈਮ ਵਿੱਤੀ ਧੋਖਾਧੜੀ ਦੇ ਪੀੜਤਾਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਦੇ ਮੱਦੇਨਜ਼ਰ ਨਵੇਕਲਾ ਤੇ ਪਲੇਠਾ ਕਦਮ ਚੁੱਕਦੇ ਹੋਏ, ਪੰਜਾਬ ਪੁਲਸ ਦੇ ਸਾਈਬਰ ਕ੍ਰਾਈਮ ਸੈੱਲ ਵੱਲੋਂ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਦੇ ਤਾਲਮੇਲ ਨਾਲ ਸਬੰਧਤ ਬੈਂਕਾਂ ਤੋਂ ਪੀੜਤਾਂ ਦੇ ਖਾਤਿਆਂ 'ਚ 28.5 ਲੱਖ ਰੁਪਏ ਦੀ ਫਰੀਜ਼ ਕੀਤੀ ਰਕਮ ਸਫਲਤਾਪੂਰਵਕ ਵਾਪਸ ਕਰ ਦਿੱਤੀ ਹੈ। ਇਹ ਜਾਣਕਾਰੀ ਪੁਲਸ ਦੇ ਡਾਇਰੈਕਟਰ ਜਨਰਲ (ਡੀ ਜੀ ਪੀ) ਪੰਜਾਬ ਗੌਰਵ ਯਾਦਵ ਨੇ ਇੱਥੇ ਦਿੱਤੀ। ਜ਼ਿਕਰਯੋਗ ਹੈ ਕਿ ਸਾਈਬਰ ਕ੍ਰਾਈਮ ਸੈੱਲ, ਪੰਜਾਬ ਵੱਲੋਂ ਸਾਲ 2021 ਤੋਂ ਸਾਈਬਰ ਹੈਲਪਲਾਈਨ 1930 ਦੀ ਸਹੂਲਤ ਲਾਗੂ ਕੀਤੀ ਗਈ ਸੀ ਤਾਂ ਜੋ ਉਨ੍ਹਾਂ ਨਾਗਰਿਕਾਂ ਨੂੰ ਵਿੱਤੀ ਨੁਕਸਾਨ ਤੋਂ ਬਚਾਇਆ ਜਾ ਸਕੇ, ਜੋ ਸਾਈਬਰ ਕ੍ਰਾਈਮ ਵਿੱਤੀ ਧੋਖਾਧੜੀ ਦਾ ਸ਼ਿਕਾਰ ਹੋਏ ਹਨ। ਡੀ ਜੀ ਪੀ ਗੌਰਵ ਯਾਦਵ ਨੇ ਕਿਹਾ ਕਿ ਹੈਲਪਲਾਈਨ 1930 ਜਾਂ ਸਿਟੀਜ਼ਨ ਫਾਈਨੈਂਸ਼ੀਅਲ ਸਾਈਬਰ ਫਰਾਡ ਰਿਪੋਰਟਿੰਗ ਐਂਡ ਮੈਨੇਜਮੈਂਟ ਸਿਸਟਮ (ਸੀ ਐਫ ਸੀ ਐਫ ਆਰ ਐਮ ਐਸ) 'ਤੇ ਤੁਰੰਤ ਸ਼ਿਕਾਇਤ ਦਰਜ ਹੋਣ ਉਪਰੰਤ, ਸਾਈਬਰ ਅਪਰਾਧ ਧੋਖਾਧੜੀ ਪੀੜਤਾਂ ਦੇ ਪੈਸੇ ਮੁਲਜ਼ਮਾਂ/ਸ਼ੱਕੀ ਵਿਅਕਤੀਆਂ ਦੇ ਖਾਤਿਆਂ 'ਚ ਫਰੀਜ਼ ਕਰ ਦਿੱਤੇ ਜਾਂਦੇ ਹਨ। ਉਨ੍ਹਾਂ ਕਿਹਾ, 'ਹੁਣ ਤੱਕ, ਪੰਜਾਬ 'ਚ ਹੈਲਪਲਾਈਨ 1930 'ਤੇ ਵਿੱਤੀ ਧੋਖਾਧੜੀ ਦੀਆਂ 28642 ਸ਼ਿਕਾਇਤਾਂ ਦਰਜ ਕੀਤੀਆਂ ਗਈਆਂ ਹਨ, ਜਿਸ 'ਤੇ ਤੇਜ਼ੀ ਨਾਲ ਕਾਰਵਾਈ ਕਰਦੇ ਹੋਏ, ਸਾਈਬਰ ਸੈੱਲ ਨੇ ਲਗਭਗ 15.5 ਕਰੋੜ ਰੁਪਏ ਦੀ ਰਕਮ, ਨੂੰ ਫਰੀਜ਼ (ਡੈਬਿਟ ਫਰੀਜ਼/ਲੀਅਨ ਫਰੀਜ਼) ਕੀਤਾ ਹੈ , ਜੋ ਕਿ ਬੈਂਕਾਂ ਵਿੱਚ ਪਈ ਹੈ। ਡੀ ਜੀ ਪੀ ਨੇ ਕਿਹਾ ਕਿ ਫਰੀਜ਼ ਕੀਤੀ ਰਕਮ ਦੀ ਵਾਪਸੀ ਦੀ ਪ੍ਰਕਿਰਿਆ ਨੂੰ ਸੁਚਾਰੂ ਬਣਾਉਣ ਲਈ, ਸਾਈਬਰ ਕ੍ਰਾਈਮ ਸੈੱਲ ਨੇ ਲੋਕ ਅਦਾਲਤਾਂ ਰਾਹੀਂ ਸੀ ਆਰ ਪੀ ਸੀ ਦੀ ਧਾਰਾ 457 ਦੇ ਤਹਿਤ ਪੀੜਤ ਖਾਤਿਆਂ 'ਚ ਰਿਫੰਡ ਦੀ ਸਹੂਲਤ ਲਈ ਰਾਜ ਕਾਨੂੰਨੀ ਸੇਵਾ ਅਥਾਰਟੀ ਨਾਲ ਸੰਪਰਕ ਕੀਤਾ ਹੈ। ਉਨ੍ਹਾਂ ਦੱਸਿਆ ਕਿ ਵਧੀਕ ਡਾਇਰੈਕਟਰ ਜਨਰਲ ਆਫ਼ ਪੁਲਸ (ਏ ਡੀ ਜੀ ਪੀ) ਸਾਈਬਰ ਕ੍ਰਾਈਮ ਵੀ ਨੀਰਜਾ ਨੇ 5 ਦਸੰਬਰ 2023 ਨੂੰ ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਕਾਰਜਕਾਰੀ ਚੇਅਰਮੈਨ ਮਾਨਯੋਗ ਜਸਟਿਸ ਗੁਰਮੀਤ ਸਿੰਘ ਸੰਧਾਵਾਲੀਆ ਨਾਲ ਮੀਟਿੰਗ ਕਰਕੇ ਪੰਜਾਬ ਦੇ ਸਾਰੇ ਜ਼ਿਲ੍ਹਾ ਕਾਨੂੰਨੀ ਸੇਵਾ ਅਥਾਰਟੀਆਂ ਨੂੰ ਪੈਸੇ ਰਿਫੰਡ ਕਰਨ ਸੰਬੰਧੀ ਅਪਣਾਈ ਜਾਣ ਵਾਲੀ ਪ੍ਰਕਿਰਿਆ ਬਾਰੇ ਲੋੜੀਂਦੇ ਨਿਰਦੇਸ਼ ਜਾਰੀ ਕਰਵਾਏ।

ਇਸ ਸਬੰਧੀ ਹੋਰ ਜਾਣਕਰੀ ਸਾਂਝੀ ਕਰਦੇ ਹੋਏ, ਏ ਡੀ ਜੀ ਪੀ ਵੀ. ਨੀਰਜਾ ਨੇ ਦੱਸਿਆ ਕਿ ਪਾਇਲਟ ਪ੍ਰੋਜੈਕਟ ਵਜੋਂ, ਲੁਧਿਆਣਾ ਕਮਿਸ਼ਨਰੇਟ ਪੁਲਸ ਨੇ 9 ਦਸੰਬਰ, 2023 ਨੂੰ ਲੋਕ ਅਦਾਲਤ ਵਿੱਚ ਚੀਫ਼ ਜੁਡੀਸ਼ੀਅਲ ਮੈਜਿਸਟਰੇਟ, ਲੁਧਿਆਣਾ ਦੀ ਅਦਾਲਤ 'ਚ ਰਿਫੰਡ ਲਈ 1930 ਹੈਲਪਲਾਈਨ 'ਤੇ ਰਿਪੋਰਟ ਕੀਤੀਆਂ ਸ਼ਿਕਾਇਤਾਂ 'ਤੇ 36 ਕੇਸਾਂ ਦੀਆਂ ਅਰਜ਼ੀਆਂ ਜਮ੍ਹਾਂ ਕਰਵਾਈਆਂ ਸਨ। ਜਿਨ੍ਹਾਂ 'ਚੋਂ 33 ਦਰਖਾਸਤਾਂ ਨੂੰ ਅਦਾਲਤ ਨੇ ਪ੍ਰਵਾਨ ਕਰ ਲਿਆ ਅਤੇ ਸਬੰਧਤ ਬੈਂਕਾਂ ਤੋਂ ਪੀੜਤਾਂ ਦੇ ਖਾਤਿਆਂ 'ਚ ਕੁੱਲ 28.5 ਲੱਖ ਰੁਪਏ ਦੀ ਰਾਸ਼ੀ ਜਾਰੀ ਕਰਨ ਦੇ ਹੁਕਮ ਦਿੱਤੇ। ਉਨ੍ਹਾਂ ਕਿਹਾ, 'ਲੁਧਿਆਣਾ 'ਚ ਲਗਭਗ 6 ਲੱਖ ਅਤੇ ਮੋਹਾਲੀ ਤੋਂ 11 ਮਾਮਲਿਆਂ ਸੰਬੰਧੀ 15 ਲੱਖ ਦੀ ਫਰੀਜ਼ ਕੀਤੀ ਰਕਮ ਦੀ ਵਾਪਸੀ ਲਈ ਹੋਰ ਅਰਜ਼ੀਆਂ ਵਿਚਾਰ ਅਧੀਨ ਹਨ।' ਉਨ੍ਹਾਂ ਕਿਹਾ ਇਸ ਪ੍ਰਕਿਰਿਆ ਨਾਲ ਪੰਜਾਬ 'ਚ ਸਾਈਬਰ ਕਰਾਈਮ ਵਿੱਤੀ ਧੋਖਾਧੜੀ ਦੇ ਸ਼ਿਕਾਰ ਵਿਅਕਤੀਆਂ ਨੂੰ ਪੈਸੇ ਵਾਪਸ ਲੈਣ ਵਿੱਚ ਮਦਦ ਮਿਲੇਗੀ।

ਸੇਂਟ ਸੋਲਜਰ ਦੇ ਵਿਦਿਆਰਥੀਆਂ ਨੇ ਕੌਮੀ ਗਣਿਤ ਦਿਵਸ ਮਨਾਇਆ

ਜਲੰਧਰ, (ਇਕਬਾਲ ਸਿੰਘ ਉੱਭੀ)- ਸੇਂਟ ਸੋਲਜ਼ਰ ਗਰੁੱਪ ਆਫ ਇੰਸਟੀਚਿਊਸ਼ਨਸ ਵਿਖੇ ਕੌਮੀ ਗਣਿਤ ਦਿਵਸ ਮਨਾਇਆ ਗਿਆ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਗਣਿਤ ਵਿਸ਼ੇ ਬਾਰੇ ਜਾਣਕਾਰੀ ਦੇਣਾ ਅਤੇ ਵਿਦਿਆਰਥੀਆਂ ਦੀ ਇਸ 'ਚ ਰੁਚੀ ਵਧਾਉਣਾ ਸੀ। ਇਸ ਸੰਬੰਧੀ ਪ੍ਰਿੰਸੀਪਲ ਸ਼ੈਲੀ ਭੱਲਾ ਦੀ ਅਗਵਾਈ 'ਚ ਕਰਵਾਏ ਗਏ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਵੱਖ-ਵੱਖ ਮਨੁੱਖੀ ਲੜੀਆਂ ਬਣਾ ਕੇ ਪ੍ਰੋਗਰਾਮ ਨੂੰ ਹੋਰ ਵੀ ਰੋਚਕ ਬਣਾ ਦਿੱਤਾ। ਇਸ ਮੌਕੇ ਕੌਮੀ ਗਣਿਤ ਦਿਵਸ ਬਾਰੇ ਜਾਣਕਾਰੀ ਦਿੰਦਿਆਂ ਸਕੂਲ ਡਾਇਰੈਕਟਰ ਸੁਖਦੇਵ ਸਿੰਘ ਨੇ ਦੱਸਿਆ ਕਿ ਪ੍ਰਸਿੱਧ ਗਣਿਤ ਸ਼ਾਸਤਰੀ ਸ੍ਰੀਨਿਵਾਸ ਰਾਮਾਨੁਜਨ ਦੇ ਜਨਮ ਦਿਨ ਦੀ ਯਾਦ 'ਚ ਹਰ ਸਾਲ 22 ਦਸੰਬਰ ਨੂੰ ਰਾਸ਼ਟਰੀ ਗਣਿਤ ਦਿਵਸ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਗਣਿਤ ਦੇ ਵੱਖ-ਵੱਖ ਖੇਤਰਾਂ ਤੇ ਇਸ ਦੀਆਂ ਸ਼ਾਖਾਵਾਂ 'ਚ ਮਹੱਤਵਪੂਰਨ ਯੋਗਦਾਨ ਪਾਇਆ। ਉਨ੍ਹਾਂ ਦਾ ਜਨਮ 22 ਦਸੰਬਰ 1887 ਨੂੰ ਇਰੋਡ (ਅਜੋਕੇ ਤਾਮਿਲਨਾਡੂ ਸ਼ਹਿਰ) 'ਚ ਹੋਇਆ ਸੀ। ਉਨ੍ਹਾਂ ਦੀ ਯਾਦ 'ਚ ਇਹ ਦਿਨ ਹਰ ਸਾਲ 22 ਦਸੰਬਰ ਨੂੰ ਮਨਾਇਆ ਜਾਂਦਾ ਹੈ। ਉਨ੍ਹਾਂ ਨੇ ਸਮੂਹ ਵਿਦਿਆਰਥੀਆਂ ਨੂੰ ਗਣਿਤ ਵਿਸ਼ੇ ਨੂੰ ਰੁਚੀ ਨਾਲ ਪੜ੍ਹਨ ਲਈ ਪ੍ਰੇਰਿਤ ਕੀਤਾ।

ਵਿਕਾਸ ਪੱਖੋਂ ਪੱਛੜੇ ਪਿੰਡਾਂ 'ਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ : ਬਲਕਾਰ ਸਿੰਘ

ਜਲੰਧਰ, (ਸ਼ੈਲੀ ਐਲਬਰਟ)

ਪੰਜਾਬ ਦੇ ਸਥਾਨਕ ਸਰਕਾਰਾਂ ਬਾਰੇ ਮੰਤਰੀ ਬਲਕਾਰ ਸਿੰਘ ਵੱਲੋਂ ਮੰਗਲਵਾਰ ਨੂੰ ਜ਼ਿਲ੍ਹੇ ਦੇ ਸੱਤ ਪਿੰਡਾਂ ਵਿੱਚ 1.30 ਕਰੋੜ ਰੁਪਏ ਦੀ ਲਾਗਤ ਵਾਲੇ ਸੜਕ ਨਿਰਮਾਣ, ਸੀਵਰੇਜ ਅਤੇ ਜਲ ਸਪਲਾਈ ਸਬੰਧੀ ਕਈ ਵਿਕਾਸ ਪ੍ਰਾਜੈਕਟਾਂ ਦੇ ਨੀਂਹ ਪੱਥਰ ਰੱਖਣ ਦੇ ਨਾਲ-ਨਾਲ ਮੁਕੰਮਲ ਹੋਏ ਪ੍ਰਾਜੈਕਟ ਲੋਕਾਂ ਨੂੰ ਸਮਰਪਿਤ ਕੀਤੇ ਗਏ। ਇਹ ਪ੍ਰਾਜੈਕਟ ਵਡਾਲਾ, ਚੋਗਾਵਾਂ, ਸੰਮੀਪੁਰ, ਹੁਸੈਨਪੁਰ, ਸਿੰਘਾ, ਚਿੱਟੀ ਅਤੇ ਦਿਆਲਪੁਰ ਵਿੱਚ ਇੰਟਰਲਾਕਿੰਗ ਟਾਈਲਾਂ, ਸੀਵਰੇਜ, ਵਾਟਰ ਸਪਲਾਈ, ਸੜਕ ਨਿਰਮਾਣ ਅਤੇ ਹੋਰ ਬੁਨਿਆਦੀ ਢਾਂਚੇ ਦੇ ਮਜ਼ਬੂਤੀਕਰਨ ਸਬੰਧੀ ਕੰਮਾਂ ਨਾਲ ਸਬੰਧਤ ਹਨ। ਪ੍ਰਾਜੈਕਟਾਂ ਦੇ ਉਦਘਾਟਨ ਉਪਰੰਤ ਲੋਕਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪਿਛਲੀਆਂ ਸਰਕਾਰਾਂ ਦੇ ਕਾਰਜਕਾਲ ਦੌਰਾਨ ਵਿਕਾਸ ਪੱਖੋਂ ਪਛੜ ਗਏ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਹਰੇਕ ਪਿੰਡ ਨੂੰ ਆਧੁਨਿਕ ਸੜਕਾਂ, ਸਫਾਈ ਵਿਵਸਥਾ, ਸਟ੍ਰੀਟ ਲਾਈਟਾਂ, ਖੇਡ ਮੈਦਾਨ ਵਰਗੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ ਤਾਂ ਜੋ ਲੋਕਾਂ ਦਾ ਜੀਵਨ ਸੁਖਾਲਾ ਹੋ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਕੰਮਾਂ ਲਈ ਸਰਕਾਰ ਪਾਸ ਫੰਡਾਂ ਦੀ ਕੋਈ ਕਮੀ ਨਹੀਂ ਹੈ। ਸਥਾਨਕ ਸਰਕਾਰਾਂ ਬਾਰੇ ਮੰਤਰੀ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਲੋਕਾਂ ਨੂੰ ਸਾਫ-ਸੁਥਰਾ ਅਤੇ ਪਾਰਦਰਸ਼ੀ ਸਾਸਨ ਦੇਣ ਦਾ ਵਚਨਬੱਧ ਹੈ, ਜਿਸ ਦੇ ਲਈ

ਸਰਕਾਰ ਨੇ ਭ੍ਰਿਸਟਾਚਾਰ ਵਿਰੁੱਧ ਜੰਗ ਛੇੜੀ ਹੋਈ ਹੈ। ਉਨ੍ਹਾਂ ਇਹ ਵੀ ਕਿਹਾ ਕਿ ਵਿਕਾਸ ਕਾਰਜਾਂ ਨੂੰ ਸਮੇਂ ਸਿਰ ਮੁਕੰਮਲ ਕਰਨ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੇ ਸੂਬੇ ਦੇ ਲੋਕਾਂ ਦੀ ਭਲਾਈ ਲਈ ਇਤਿਹਾਸਕ ਫੈਸਲੇ ਲਏ ਹਨ, ਜਿਨ੍ਹਾਂ ਵਿੱਚ 600 ਯੂਨਿਟ ਮੁਫਤ ਬਿਜਲੀ, ਇਕ ਵਿਧਾਇਕ-ਇਕ ਪੈਨਸ਼ਨ, 664 ਆਮ ਆਦਮੀ ਕਲੀਨਿਕ, ਮੁਖ ਮੰਤਰੀ ਤੀਰਥ ਯਾਤਰਾ ਸਕੀਮ, 'ਸਰਕਾਰ, ਤੁਹਾਡੇ ਦੁਆਰ', 40000 ਤੋਂ ਵੱਧ ਸਰਕਾਰੀ ਨੌਕਰੀਆਂ ਅਤੇ ਹੋਰ ਕਈ ਲੋਕ ਪੱਖੀ ਉਪਰਾਲੇ ਸ਼ਾਮਿਲ ਹਨ।

ਸੀਵਰੇਜ ਬੋਰਡ ਦੀ ਟੀਮ ਸਕੂਲ ਦੀਆਂ ਨੀਹਾਂ 'ਚ ਪੈਂਦੇ ਗੰਦੇ ਪਾਣੀ ਨੂੰ ਵੇਖਣ ਆਈ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਸੀਵਰੇਜ ਬੋਰਡ ਚੰਡੀਗੜ੍ਹ ਦੀ ਟੀਮ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਮਹਿਲ ਦੀਆ ਨੀਹਾਂ ਵਿੱਚ ਪੈਂਦੇ ਗੰਦੇ ਪਾਣੀ ਨੂੰ ਵੇਖਣ ਲਈ ਆਈ। ਜ਼ਿਕਰਯੋਗ ਹੈ ਕਿ ਕੁਝ ਦਿਨ ਪਹਿਲਾ ਸਰਕਾਰੀ

ਸਕੂਲ ਬਚਾਉ ਮੋਰਚਾ ਨੂਰਮਹਿਲ ਦੀ ਕਮੇਟੀ ਨੀਹਾਂ ਵਿੱਚ ਪੈਦਾ ਗੰਦਾ ਪਾਣੀ ਨੂੰ ਰੋਕਣ ਲਈ ਕੈਬਨਿਟ ਮੰਤਰੀ ਬਲਕਾਰ ਸਿੰਘ ਸੋਹਲ ਨੂੰ ਮਿਲੇ ਸੀ। ਨਗਰ ਕੌਂਸਲ ਨੂਰਮਹਿਲ ਦੀ ਕਮੇਟੀ ਨੇ ਸੀਵਰੇਜ ਦਾ ਪਾਣੀ ਪਾਈਪ ਪਾ ਕੇ ਸਕੂਲ ਜਿਸ ਨੂੰ ਵਿੱਦਿਆ ਦਾ ਮੰਦਿਰ ਵੀ ਕਹਿੰਦੇ ਹਨ,ਦੀਆਂ ਨੀਹਾਂ ਵਿੱਚ ਪਾਇਆ ਹੋਇਆ ਹੈ, ਜੋ ਗੈਰਕਾਨੂਨੀ ਅਤੇ ਸਰਾਸਰ ਗਲਤ ਵੀ ਹੈ। ਸੀਵਰੇਜ ਬੋਰਡ ਦੀ ਟੀਮ ਨੇ ਮੋਰਚੇ ਦਾ ਪੱਖ ਵੀ ਸੁਣਿਆ ਅਤੇ ਮੋਰਚੇ ਦੀ ਜੋਰਦਾਰ ਦਲੀਲ ਸੀ ਕਿ ਜੇਕਰ ਸੀਵਰੇਜ ਦਾ ਪਾਣੀ ਅੱਗੇ ਤੁਰ ਨਹੀਂ ਰਿਹਾ ਤਾਂ ਇਸਦਾ ਇਹ ਮਤਲਬ ਨਹੀ ਬਣਦਾ ਕਿ ਤੁਸੀਂ ਪਾਈਪ ਪਾ ਕੇ ਸ਼ਹਿਰ ਦੇ ਕੁੱਝ ਲੋਕਾਂ ਦੇ ਘਰਾਂ ਦਾ ਗੰਦਾ ਪਾਣੀ ਸਕੂਲ ਦੀਆਂ ਨੀਹਾਂ ਵਿੱਚ ਪਾ ਦਿਉ। ਸਤਵੰਜਾ ਲੱਖ ਰੁਪਏ ਦੀ ਗਰਾਂਟ ਨਾਲ ਬਣੀ ਇਹ ਬਿਲਡਿੰਗ ਨੂੰ ਡੇਗਣ ਦੀ ਨੀਅਤ ਨਾਲ ਬਰਬਾਦ ਕੀਤਾ ਜਾ ਰਿਹਾ ਹੈ। ਮੋਰਚੇ ਨੇ ਸੀਵਰੇਜ ਬੋਰਡ ਚੰਡੀਗੜ੍ਹ ਤੋਂ ਮੰਗ ਕੀਤੀ ਗਈ ਹੈ ਕਿ ਸੀਵਰੇਜ ਦਾ ਪਾਣੀ ਨੀਹਾਂ ਵਿੱਚ ਪੈਣ ਤੋਂ ਰੋਕਿਆ ਜਾਵੇ। ਮੌਕੇ 'ਤੇ ਈ ਉ,ਨਗਰ ਕੌਂਸਲ ਦਫਤਰ ਨੂਰਮਹਿਲ ਦੇ ਅਧਿਕਾਰੀ, ਮੋਰਚੇ ਦੇ ਆਗੂ ਕਨਵੀਨਰ ਬਾਲ ਕ੍ਰਿਸ਼ਨ ਬਾਲੀ, ਹੰਸ ਰਾਜ ਪੱਬਵਾ, ਚੰਨਣ ਸਿੰਘ ਬੁੱਟਰ, ਨਿਰਮਲ ਸਿੱਧਮ, ਸੇਵਾ ਰਾਮ, ਸੱਤਾ ਰਵਿਦਾਸਪੁਰਾ, ਰਛਪਾਲ ਸਿੰਘ ਗਰਚਾ ਸਾਦੀਪੁਰ ਆਦਿ ਸਾਥੀ ਹਾਜਰ ਸਨ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਰਾਸ਼ਟਰਪਤੀ ਲਈ ਦਿੱਤਾ ਯਾਦ ਪੱਤਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਇੰਡੀਆ ਦੇ ਵਿਦੇਸ਼ੀ ਵਜ਼ਾਰਤ ਵਿਭਾਗ ਨੇ ਸਿੱਖ ਕੌਮ ਨੂੰ ਨਿਸ਼ਾਨਾ ਬਣਾਉਂਦੇ ਹੋਏ ਅਤੇ ਉਸ

ਨੂੰ ਬਦਨਾਮ ਕਰਨ ਹਿੱਤ ਬਾਹਰਲੇ ਮੁਲਕਾਂ ਵਿੱਚ ਸਥਿਤ ਅੰਬੈਸੀਆਂ ਅਤੇ ਕੌਂਸਲੇਟ ਖਾਨਿਆਂ ਨੂੰ 06 ਅਪ੍ਰੈਲ 2023 ਨੂੰ ਜੋ ਪੱਤਰ ਲਿਖਿਆ ਹੈ ਉਹ ਸਿੱਖ ਮਨਾਂ ਨੂੰ ਠੇਸ ਪਹੁੰਚਾਉਣ ਵਾਲਾ ਅਤੇ ਮੰਦਭਾਗਾ ਹੈ ਜਿਸ ਦੀ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਗੁਰਦੀਪ ਸਿੰਘ ਖੁਣ ਖੁਣ ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਰਾਹੀਂ ਇੱਕ ਯਾਦ ਪੱਤਰ ਪ੍ਰੈਜੀਡੈਂਟ ਦਰੋਪਤੀ ਮੁਰਮੂ ਦੇ ਨਾਂਅ ਦੇਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨਾਂ ਕਿਹਾ ਇੰਡੀਆ ਦੇ ਹੁਕਮਰਾਨਾਂ ਅਤੇ ਵਿਦੇਸ਼ ਵਜਾਰਤ ਵਿਭਾਗ ਵੱਲੋਂ ਸਿੱਖਾਂ ਵਿਰੁੱਧ ਆਪਣੀਆਂ ਅੰਬੈਸੀਆਂ ਕੌਂਸਲੇਟਾਂ ਨੂੰ ਲਾਮਬੰਦ ਕਰਨ ਸਬੰਧੀ ਪੱਤਰ ਲਿਖਿਆ ਹੈ ਉਸ ਖਤਰਨਾਕ ਅਮਲ ਨੂੰ ਬੰਦ ਕਰਾਉਣ ਲਈ ਆਪਣੇ ਉੱਚ ਅਹੁਦੇ ਦੀ ਵਰਤੋਂ ਕਰੋਗੇ। ਸਿੱਖ ਕੌਮ ਨੂੰ ਆਪਣੇ ਭਵਿੱਖ ਅਤੇ ਸਵੈ ਨਿਰਣੈ ਦੇ ਹੱਕ ਦੇ ਮੌਲਿਕ ਅਧਿਕਾਰ ਦੇਣ ਦੀ ਪਾਲਣਾ ਕਰੋਗੇ ਤੇ ਹੁਕਮਰਾਨਾ ਵੱਲੋਂ ਸਿੱਖਾਂ ਨੂੰ ਸਰੀਰਕ ਤੌਰ 'ਤੇ ਖਤਮ ਕਰਨ ਦੇ ਮਨੁੱਖਤਾ ਵਿਰੋਧੀ ਅਮਲਾਂ ਨੂੰ ਸਹੀ ਰੂਪ ਵਿੱਚ ਖਤਮ ਕਰੋਗੇ। ਇਸ ਸਮੇਂ ਗੁਰਨਾਮ ਸਿੰਘ ਸਿੰਗੜੀਵਾਲਾ, ਪਰਮਿੰਦਰ ਸਿੰਘ ਖਾਲਸਾ ਮੁਕੇਰੀਆਂ, ਸਤਨਾਮ ਸਿੰਘ ਧਾਮੀਆਂ, ਸੰਤੋਖ ਸਿੰਘ ਡਾਲੋਵਾਲ, ਸਤਵੰਤ ਸਿੰਘ ਮੁਰਾਦਪੁਰ, ਸੁਖਦੇਵ ਸਿੰਘ ਕਾਹਰੀ,ਸਮਸ਼ੇਰ ਸਿੰਘ ਅਟੱਲਗੜ੍ਹ, ਗੁਰਬਖਸ਼ ਸਿੰਘ ਮਾਨਸਰ ਆਦਿ ਹਾਜਰ ਸਨ।

ਜਿੰਪਾ ਨੇ ਭਾਰਤ ਰਤਨ ਡਾ. ਬੀ ਆਰ ਅੰਬੇਡਕਰ ਭਵਨ ਦੇ ਨਵੀਨੀਕਰਨ ਦੇ ਕਾਰਜ ਦੀ ਕਰਵਾਈ ਸ਼ੁਰੂਆਤ

ਹੁਸ਼ਿਆਰਪੁਰ, (ਓ ਪੀ ਰਾਣਾ)

ਕੈਬਨਿਟ ਮੰਤਰੀ ਪੰਜਾਬ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੰਵਿਧਾਨ ਨਿਰਮਾਤਾ ਡਾ. ਬੀ ਆਰ ਅੰਬੇਦਕਰ ਦੇ ਦਰਸਾਏ ਮਾਰਗ 'ਤੇ ਚੱਲਦੇ ਹੋਏ ਸਮਾਜ ਦੇ ਸਾਰੇ ਵਰਗਾਂ ਦੀ ਭਲਾਈ ਅਤੇ ਉਨਤੀ ਲਈ ਕੰਮ ਕਰ ਰਹੀ ਹੈ। ਉਹ ਭਾਰਤ ਰਤਨ ਡਾ. ਬੀ ਆਰ ਅੰਬੇਦਕਰ ਭਵਨ ਰਾਮ ਕਲੋਨੀ ਕੈਂਪ ਦੇ ਨਵੀਨੀਕਰਨ ਦੇ ਕੰਮ ਦੀ ਸ਼ੁਰੂਆਤ ਕਰਵਾਉਣ ਦੌਰਾਨ ਪੱਤਰਕਾਰਾਂ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਨਾਲ ਮੇਅਰ ਸੁਰਿੰਦਰ ਕੁਮਾਰ, ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਅਤੇ ਡਿਪਟੀ ਮੇਅਰ ਰਣਜੀਤ ਚੌਧਰੀ ਵੀ ਮੌਜੂਦ ਸਨ। ਕੈਬਨਿਟ ਮੰਤਰੀ ਨ

21-DEC-PAGE-10.qxd 12/20/2023 9:33 PM Page 1

ਡੀ ਬੀ ਯੂ ਵੱਲੋਂ ਮੈਗਾ ਜੌਬ ਫੇਅਰ 2023 ਦਾ ਆਯੋਜਨ

ਮੰਡੀ ਗੋਬਿੰਦਗੜ੍ਹ, (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਜ਼ਿਲ੍ਹਾ ਰੋਜ਼ਗਾਰ ਬਿਊਰੋ, ਪੰਜਾਬ ਸਰਕਾਰ ਦੇ ਸਹਿਯੋਗ ਨਾਲ ਸਰਕਾਰੀ ਆਈ.ਟੀ.ਆਈ ਮਾਲੇਰਕੋਟਲਾ ਵਿਖੇ ਮੈਗਾ ਜੌਬ ਫੇਅਰ 2023 ਦਾ ਆਯੋਜਨ ਕੀਤਾ ਗਿਆ। ਇਸ ਰੁਜ਼ਗਾਰ ਮੇਲੇ ਦਾ ਮੁੱਖ ਮੰਤਵ ਗ੍ਰੈਜੂਏਸ਼ਨ ਪੂਰੀ ਕਰ ਚੁੱਕੇ ਵਿਦਿਆਰਥੀਆਂ ਨੂੰ ਰੁਜ਼ਗਾਰ ਦੇਣਾ ਸੀ। ਸ੍ਰੀਮਤੀ ਪੂਜਾ ਕਬੂਰੀਆ, ਟੀ.ਪੀ.ਓ., ਸ੍ਰੀ ਮੋਹਿਤ ਕੁਮਾਰ, ਸਹਾਇਕ ਟੀ.ਪੀ.ਓ ਨੇ ਡਾ. ਜੋਰਾ ਸਿੰਘ, ਮਾਨਯੋਗ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ, ਡਾ. ਤਜਿੰਦਰ ਕੌਰ, ਪ੍ਰੋ-ਚਾਂਸਲਰ, ਡਾ. ਹਰਸ਼ ਸਦਾਵਰਤੀ, ਉਪ ਪ੍ਰਧਾਨ ਵਿਸ਼ੇਸ਼ ਮਹਿਮਾਨ ਵਜੋਂ ਅਤੇ ਸਮਾਗਮ ਦੇ ਮੁੱਖ ਮਹਿਮਾਨ ਵਜੋਂ ਸਾਕਿਬ ਅਲੀ ਰਾਜਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮਾਲੇਰਕੋਟਲਾ ਨੇ ਸ਼ਿਰਕਤ ਕੀਤੀ। ਇਸ ਮੌਕੇ ਡਾ. ਜੋਰਾ ਸਿੰਘ, ਮਾਨਯੋਗ ਚਾਂਸਲਰ, ਦੇਸ਼ ਭਗਤ ਯੂਨੀਵਰਸਿਟੀ ਨੇ ਅਜਿਹੇ ਵਿਸ਼ਾਲ ਸਮਾਗਮ ਦੇ ਆਯੋਜਨ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਮੇਲੇ ਦਾ ਮਨੋਰਥ ਪਾਸ ਹੋਣ ਵਾਲੇ ਵਿਦਿਆਰਥੀਆਂ ਦੇ ਨਾਲ-ਨਾਲ ਨੇੜਲੇ ਖੇਤਰਾਂ ਦੇ ਨੌਜਵਾਨਾਂ ਨੂੰ ਉਨ੍ਹਾਂ ਦੇ ਖੇਤਰਾਂ ਵਿੱਚ ਵਧੀਆ ਨੌਕਰੀਆਂ ਵਿੱਚ ਚੁਣੇ ਜਾਣ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨਾ ਹੈ। ਮੀਡੀਆ ਨੂੰ ਸੰਬੋਧਿਤ ਕਰਦੇ ਹੋਏ, ਉਨ੍ਹਾਂ ਨੇ ਸਾਂਝਾ ਕੀਤਾ ਕਿ ਡੀ.ਬੀ.ਯੂ. ਨਾ ਸਿਰਫ ਸਿੱਖਿਆ ਦੇ ਪ੍ਰਸਾਰ ਲਈ ਸਗੋਂ ਨੌਜਵਾਨਾਂ ਦੇ ਸਰਵੋਤਮ ਪਲੇਸਮੈਂਟ ਅਤੇ ਉੱਜਵਲ ਭਵਿੱਖ ਲਈ ਵੀ ਵਚਨਬੱਧ ਹੈ। ਵਿਦਿਆਰਥੀਆਂ ਦੀ ਮਿਆਰੀ ਸਿੱਖਿਆ, ਹੁਨਰ ਵਿਕਾਸ ਅਤੇ ਤੰਦਰੁਸਤੀ ਲਈ ਜਾਣਦਾ ਹੈ। ਡਾ: ਤਜਿੰਦਰ ਕੌਰ, ਪ੍ਰੋ-ਚਾਂਸਲਰ ਨੇ ਵੀ ਇਸ ਪ੍ਰੋਗਰਾਮ ਦੇ ਆਯੋਜਨ ਲਈ ਵਿਭਾਗ ਨੂੰ ਵਧਾਈ ਦਿੱਤੀ ਅਤੇ ਸਾਰਟਲਿਸਟ ਹੋਏ ਵਿਦਿਆਰਥੀਆਂ ਨੂੰ ਸੁਭਕਾਮਨਾਵਾਂ ਦਿੱਤੀਆਂ।

ਡੋਰ ਸਟੈਪ ਸਰਵਿਸ ਤਹਿਤ ਨਿਯੁਕਤ ਕੀਤੇ ਸੇਵਾ ਸਹਾਇਕ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ /ਪੂਜਾ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਗਵਾਈ ਵਾਲੀ ਸਰਕਾਰ ਵੱਲੋਂ ਹੁਣ ਲੋਕਾਂ ਨੂੰ ਘਰ ਬੈਠੇ ਹੀ ਸਰਕਾਰੀ ਸੇਵਾਵਾਂ ਦੇਣ ਲੱਗੀ ਹੈ, ਇਸ ਤਹਿਤ ਜ਼ਿਲ੍ਹੇ ਵਿੱਚ 5 ਸੇਵਾ ਸਹਾਇਕਾਂ ਦੀ ਨਿਯੁਕਤੀ ਹੋ ਚੁੱਕੀ ਹੈ ਅਤੇ ਕੋਈ ਵੀ ਨਾਗਰਿਕ ਟੈਲੀਫੋਨ ਨੰਬਰ 1076 ਰਾਹੀਂ ਕਾਲ ਕਰਕੇ 43 ਪ੍ਰਕਾਰ ਦੀਆਂ ਸੇਵਾਵਾਂ ਵਿੱਚੋਂ ਕੋਈ ਵੀ ਸੇਵਾ ਲੈ ਸਕਦਾ ਹੈ। ਇਹ ਜਾਣਕਾਰੀ ਡਾ. ਰੂਹੀ ਦੁੱਗ ਡਿਪਟੀ ਕਮਿਸ਼ਨਰ ਨੇ ਦਿੱਤੀ। ਸ੍ਰੀ ਜਤਿੰਦਰ ਸਿੰਘ ਜ਼ਿਲ੍ਹਾ ਇੰਚਾਰਜ ਸੇਵਾ ਕੇਂਦਰ ਅਨੁਸਾਰ ਜ਼ਿਲ੍ਹੇ ਦੇ ਸੇਵਾ ਕੇਂਦਰਾਂ ਰਾਹੀਂ 433 ਦੇ ਕਰੀਬ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ। ਲੋੜਵੰਦਾਂ ਨੂੰ ਉਨ੍ਹਾਂ ਦੇ ਘਰਾਂ ਤੱਕ ਸੇਵਾਵਾਂ ਪੁਚਾਉਣ ਲਈ ਸਹੂਲਤ ਪ੍ਰਦਾਨ ਕੀਤੀ ਜਾ ਰਹੀ ਹੈ ਅਤੇ ਜ਼ਰੂਰਤ ਪੈਣ ਤੇ ਸੇਵਾ ਸਹਾਇਕਾਂ ਦੀ ਗਿਣਤੀ ਵਿੱਚ ਵਾਧਾ ਕੀਤਾ ਜਾਵੇਗਾ।ਜ਼ਿਲ੍ਹੇ ਦੇ ਨਾਗਰਿਕ ਟੈਲੀਫੋਨ ਨੰਬਰ 1076 ਰਾਹੀਂ ਕਾਲ ਕਰਕੇ ਭਗਵੰਤ ਮਾਨ ਸਰਕਾਰ ਤੁਹਾਡੇ ਦੁਆਰ ਅਭਿਆਨ ਤਹਿਤ ਨਾਗਰਿਕ ਸੇਵਾਵਾਂ ਦਾ ਲਾਭ ਉਠਾ ਸਕਦਾ ਹੈ।

ਅਯੁੱਧਿਆ ਤੋਂ ਕਲਸ਼ ਯਾਤਰਾ ਦਾ ਮਮਦੋਟ ਪਹੁੰਚਣ 'ਤੇ ਨਿੱਘਾ ਸਵਾਗਤ

ਮਮਦੋਟ (ਹਰਪਾਲ ਸਿੰਘ ਸੋਢੀ) ਸ੍ਰੀ ਰਾਮ ਜਨਮ ਭੂਮੀ ਤੀਰਥ ਅਯੁੱਧਿਆ ਤੋਂ ਪੂਜਿਤ ਅਕਸ਼ਿਤ (ਪੀਲੇ ਚਾਵਲ) ਮਮਦੋਟ ਪਹੁੰਚਣ 'ਤੇ ਪੁਲਸ ਥਾਣਾ ਦੇ ਸਾਹਮਣੇ ਸਮੂਹ ਧਾਰਮਿਕ, ਸਮਾਜਿਕ ਸੰਸਥਾਵਾਂ ਦੇ ਆਗੂਆਂ ਅਤੇ ਵਸਨੀਕਾਂ ਨੇ ਕਲਸ਼ ਯਾਤਰਾ ਦਾ ਭਰਵਾਂ ਸਵਾਗਤ ਕੀਤਾ ।

ਅਯੁੱਧਿਆ ਵਿਖੇ ਬਣੇ ਭਗਵਾਨ ਸ਼੍ਰੀ ਰਾਮ ਜੀ ਦੇ ਮੰਦਿਰ ਵਿਖੇ 22 ਜਨਵਰੀ ਨੂੰ ਹੋ ਰਹੇ ਉਦਘਾਟਨ ਨੂੰ ਲੈ ਕੇ ਅਯੁੱਧਿਆ ਤੋਂ ਪੀਲੇ ਚਾਵਲ (ਕਲਸ਼ ਯਾਤਰਾ) ਸ਼੍ਰੀ ਅਜੈ ਜੀ ਜ਼ਿਲ੍ਹਾ ਸੰਗਠਨ ਮੰਤਰੀ ਵਿਸ਼ਵ ਹਿੰਦੂ ਪ੍ਰੀਸ਼ਦ ਫ਼ਿਰੋਜ਼ਪੁਰ, ਵਿੱਕੀ ਮਦਾਨ ਪ੍ਰਧਾਨ ਵਪਾਰ ਮੰਡਲ, ਡਾ. ਰਾਜ ਸਿੰਘ, ਜੰਗੀਰ ਸਿੰਘ ਸੱਦਰ ਕੇ, ਜਗਦੀਸ਼ ਲਾਲ ਮਮਦੋਟ ਤੇ ਵਿਕਰਮਜੀਤ ਸਿੰਘ ਪੋਜੋ ਕੇ ਵੱਲੋਂ ਲਿਆਂਦੀ ਗਈ। ਇਸ ਮੌਕੇ ਸਮੂਹ ਸਮਾਜ ਸੇਵੀ ਸੰਸਥਾਵਾਂ ਨੇ ਥਾਣਾ ਮਮਦੋਟ ਦੇ ਸਾਹਮਣੇ ਇਸ ਕਲਸ਼ ਯਾਤਰਾ ਦਾ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ। ਇਸ ਮੌਕੇ ਸ਼੍ਰੀ ਰਵੀ ਦੱਤ ਚਾਵਲਾ ਸਾਬਕਾ ਚੈਅਰਮੇਨ ਮਾਰਕੀਟ ਕਮੇਟੀ ਮਮਦੋਟ, ਪੰਡਿਤ ਬਲਦੇਵ ਜੀ ਧਾਰਮਿਕ ਆਗੂ, ਅਨਿਲ ਸ਼ਾਸਤਰੀ ਜੀ, ਰਾਜ ਕੁਮਾਰ ਨਾਰੰਗ ਆਦਿ ਨੇ ਫੁੱਲਾਂ ਦੇ ਹਾਰ ਪਾ ਕੇ ਆਈ ਹੋਈ ਕਲਸ਼ ਯਾਤਰਾ ਦਾ ਸਵਾਗਤ ਕੀਤਾ।

ਇਸ ਮੌਕੇ ਸ਼੍ਰੀ ਖਾਟੂ ਸ਼ਿਆਮ ਮੰਦਿਰ ਕਮੇਟੀ ਦੇ ਪ੍ਰਧਾਨ ਭੋਲਾ ਮਦਾਨ ਤੇ ਸਮੂਹ ਮੈਂਬਰ, ਸ਼੍ਰੀ ਕ੍ਰਿਸ਼ਨਾ ਗਊਸ਼ਾਲਾ ਦੇ ਪ੍ਰਧਾਨ ਸ਼ਾਮ ਲਾਲ ਭੋਲੇਵਾਸੀਆ ਤੇ ਸਮੂਹ ਮੈਂਬਰ, ਨਵ-ਦੁਰਗਾ ਭਜਨ ਮੰਡਲੀ ਦੇ ਪ੍ਰਧਾਨ ਵਿਨੋਦ ਕਪੂਰ ਤੇ ਸਮੂਹ ਮੈਂਬਰ, ਮਾਂ ਕੇ ਦੀਵਾਨੇ ਭਜਨ ਮੰਡਲੀ ਦੇ ਸੰਦੀਪ ਚਾਵਲਾ, ਵਿੱਕੀ ਮਦਾਨ, ਅਨਮੋਲ ਤੇ ਸਰੂ ਮਾਤਾ ਨਹਿਰਾਂ ਵਾਲੀ ਮੰਦਰ ਕਮੇਟੀ ਦੇ ਪ੍ਰਧਾਨ ਸ਼ਿੰਦਾ ਸੇਠੀ ਅਤੇ ਸਮੂਹ ਮੈਂਬਰ, ਸ਼ਿਵ ਸ਼ਕਤੀ ਯੋਗ ਮਿਸ਼ਨ ਦੇ ਪ੍ਰਧਾਨ ਬਲਦੇਵ ਰਾਜ ਸ਼ਰਾ, ਸੁਨੀਲ ਦੱਤ ਚਾਵਲਾ, ਸ਼ਿਵ ਮੰਦਿਰ ਨਾਰੰਗ ਮੁਹੱਲਾ ਦੇ ਪ੍ਰਧਾਨ ਹੀਰਾ ਨਾਰੰਗ ਅਤੇ ਸਮੂਹ ਮੈਂਬਰ, ਭਾਜਪਾ ਮੰਡਲ ਮਮਦੋਟ ਦੇ ਪ੍ਰਧਾਨ ਭਗਵਾਨ ਦਾਸ ਸ਼ਰਮਾ ਤੇ ਸਮੂਹ ਮੈਂਬਰ, ਵਿਕਰਮਜੀਤ ਸਿੰਘ ਪੋਜੋ ਕੇ ਜ਼ਿਲ੍ਹਾ ਵਾਇਸ ਪ੍ਰਧਾਨ ਐਸ.ਸੀ. ਸੈੱਲ ਤੋਂ ਇਲਾਵਾ ਸੁਭਾਸ਼ ਚੰਦਰ ਧਵਨ, ਅਨਿਲ ਧਵਨ, ਸੁਨੀਲ ਵਿੱਜ, ਪ੍ਰਸ਼ੋਤਮ ਲਾਲ ਦੁੱਗਲ, ਗੁਰਦਿੱਤਾ ਮਦਾਨ, ਰਾਹੁਲ ਨਾਰੰਗ, ਰੋਹਿਤ ਨਾਰੰਗ, ਮੋਤੀ ਸਿੰਘ (ਬੀਕਾਨੇਰ ਮਿਸ਼ਠਾਨ ਭੰਡਾਰ) ਤੇ ਹੋਰ ਸਮੂਹ ਸਮਾਜਸੇਵੀ ਸੰਸਥਾਵਾਂ ਦੇ ਆਗੂਆਂ ਤੇ ਪ੍ਰਭੂ ਰਾਮ ਪ੍ਰੇਮੀਆਂ ਨੇ ਇਸ ਸ਼ੋਭਾ ਯਾਤਰਾ ਦਾ ਜਗ੍ਹਾ-ਜਗ੍ਹਾ 'ਤੇ ਸਵਾਗਤ ਕੀਤਾ।

ਸਰਕਾਰੀ ਸਕੂਲਾਂ ਦੇ ਨਵੀਨੀਕਰਨ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇ ਮੁਕੰਮਲ : ਡੀ.ਸੀ

ਸੰਗਤ ਮੰਡੀ, (ਰਾਜਦੀਪ ਜੋਸ਼ੀ) ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਨੇ ਸਰਕਾਰੀ ਸਕੂਲਾਂ ਦੇ ਨਵੀਨੀਕਰਨ ਦੇ ਮੱਦੇਨਜ਼ਰ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਵਿਸ਼ੇਸ਼ ਬੈਠਕ ਕੀਤੀ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਬਠਿੰਡਾ (ਸ਼ਹਿਰੀ) ਜਗਰੂਪ ਸਿੰਘ ਗਿੱਲ ਤੇ ਵਿਧਾਇਕ ਬਠਿੰਡਾ (ਦਿਹਾਤੀ) ਸ਼੍ਰੀ ਅਮਿਤ ਰਤਨ ਕੋਟਫੱਤਾ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਡਿਪਟੀ ਕਮਿਸ਼ਨਰ ਨੇ ਸਮੂਹ ਅਧਿਕਾਰੀਆਂ ਨੂੰ ਕਿਹਾ ਕਿ ਪ੍ਰਪੋਜ਼ਲ ਬਣਾ ਕੇ ਭੇਜੀ ਜਾਵੇ ਤਾਂ ਜੁ ਸਕੂਲਾਂ 'ਚ ਹੋਣ ਵਾਲੇ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਮੁਕੰਮਲ ਕੀਤਾ ਜਾ ਸਕੇ। ਉਨ੍ਹਾਂ ਇਹ ਵੀ ਕਿਹਾ ਕਿ ਆਦਰਸ਼ ਸਕੂਲ ਵਿਖੇ ਢੁੱਕਵੀਂ ਜਗ੍ਹਾ ਦਾ ਪ੍ਰਬੰਧ ਕੀਤਾ ਜਾਵੇ ਤਾਂ ਜੁ ਵਿਦਿਆਰਥੀਆਂ ਲਈ ਲਾਇਬ੍ਰੇਰੀ ਬਣਾਈ ਜਾ ਸਕੇ। ਸ਼ੌਕਤ ਅਹਿਮਦ ਪਰੇ ਨੇ ਸਮਾਗਰਾ ਸਿੱਖਿਆ ਅਭਿਆਨ ਪਲਾਨ ਸਬੰਧੀ ਮਿਡ ਡੇਅ ਮੀਲ, ਵਜ਼ੀਫ਼ਾ, ਵਿਦਿਆਰਥੀਆਂ ਦੀਆਂ ਸਕੂਲ ਵਰਦੀਆਂ, ਕਿਤਾਬਾਂ ਆਦਿ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸੈਲਫ਼ ਹੈਲਪ ਗਰੁੱਪਾਂ ਨਾਲ ਤਾਲਮੇਲ ਕਰਕੇ ਲੋੜਵੰਦ ਵਿਦਿਆਰਥੀਆਂ ਨੂੰ ਸਕੂਲੀ ਵਰਦੀਆਂ ਦੇਣੀਆਂ ਯਕੀਨੀ ਬਣਾਈਆਂ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਲੋੜਵੰਦ ਵਿਦਿਆਰਥੀਆਂ ਨੂੰ ਵਜ਼ੀਫ਼ਾ ਮੁਹੱਈਆ ਕਰਾਉਣਾ ਯਕੀਨੀ ਬਣਾਇਆ ਜਾਵੇ ਤਾਂ ਜੁ ਕੋਈ ਵੀ ਲੋੜਵੰਦ ਬੱਚਾ ਵਜੀਫ਼ੇ ਤੋਂ ਵਾਝਾਂ ਨਾ ਰਹਿ ਸਕੇ।

ਕਾਤਰਾਂ

ਬੈਂਕ ਦੀ ਬਿਲਡਿੰਗ ਤੋਂ ਏ ਸੀ ਦੀਆਂ ਪਾਇਪਾਂ ਚੋਰੀ ਕਰਨ ਦੇ ਦੋਸ਼ 'ਚ ਇੱਕ ਨਾਮਜ਼ਦ

ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ) ਫਿਰੋਜ਼ਪੁਰ ਸ਼ਹਿਰ ਸਥਿਤ ਆਈਡੀਐੱਫ਼ਸੀ ਬੈਂਕ ਦੀ ਨਵੀਂ ਬਿਲਡਿੰਗ 'ਤੋਂ ਏਸੀ ਦੀਆਂ ਪਾਈਪਾਂ ਚੋਰੀ ਕਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫ਼ਿਰੋਜ਼ਪੁਰ ਪੁਲਸ ਨੇ ਇਕ ਵਿਅਕਤੀ ਖਿਲਾਫ਼ 379 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਇਸ਼ਾਨ ਬਜਾਜ ਪੁੱਤਰ ਸਤਪਾਲ ਬਜਾਜ ਵਾਸੀ ਮਕਾਨ ਨੰਬਰ 76 ਫੇਜ-2 ਗੋਲਡਨ ਇਨਕਲੇਵ ਸਿਟੀ ਨੇ ਦੱਸਿਆ ਕਿ ਉਹ ਆਈਡੀਐੱਸੀ ਬੈਂਕ ਵਿਚ ਬਤੌਰ ਡਿਪਟੀ ਮੈਨੇਜਰ ਲੱਗਾ ਹੋਇਆ ਹੈ। ਉਸ ਨੇ ਦੱਸਿਆ ਕਿ ਉਨ੍ਹਾਂ ਦੇ ਬੈਂਕ ਨਵੀਂ ਬਣੀ ਹੈ ਤੇ ਪਬਲਿਕ ਲਈ ਚਾਲੂ ਨਹੀਂ ਹੋਈ, ਇਸ ਬੈਂਕ ਉਪਰ ਏਸੀ ਲੱਗ ਹੋਏ ਹਨ, ਜਿਨ੍ਹਾਂ ਨੂੰ ਕਾਪਰ (ਤਾਂਬੇ) ਦੀਆਂ ਪਾਈਪਾਂ ਲੱਗੀਆਂ ਹੋਈਅ ਹਨ, ਜੋ ਕੁਝ ਦਿਨ ਪਹਿਲਾ ਵੀ ਕਿਸੇ ਅਣਪਛਾਤੇ ਵਿਅਕਤੀ ਨੇ ਚੋਰੀ ਕਰ ਲਈਆਂ ਸਨ, ਜਿਸ ਸਬੰਧੀ ਕਾਫੀ ਪੜਤਾਲ ਕੀਤੀ ਗਈ ਤੇ ਪਤਾ ਲੱਗਾ ਹੈ ਕਿ ਇਹ ਏਸੀ ਦੀਆਂ ਪਾਈਪਾਂ ਦੋਸ਼ੀ ਸੰਜੀਵ ਕੁਮਾਰ ਉਰਫ਼ ਸੰਜੂ ਪੁੱਤਰ ਵੇਦ ਪ੍ਰਕਾਸ਼ ਵਾਸੀ ਅਨੂਪ ਸਿੰਘ ਆਰੇ ਵਾਲੀ ਗਾਲੀ, ਬਾਹਰਵਰ ਬਗਦਾਦੀ ਗੇਟ ਫ਼ਿਰੋਜ਼ਪੁਰ ਸ਼ਹਿਰ ਨੇ ਚੋਰੀ ਕੀਤੀਆਂ ਹਨ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸ਼ਰਮਾ ਸਿੰਘ ਨੇ ਦੱਸਿਆ ਕਿ ਪੁਲਸ ਨੇ ਉਕਤ ਦੋਸ਼ੀ ਨੂੰ ਗ੍ਰਿਫ਼ਤਾਰ ਕਕੇ ਉਸ ਕੋਲੋਂ 8 ਏਸੀ ਦੀਆਂ ਟੁੱਟੀਆਂ ਹੋਈਆਂ ਪਾਈਪਾਂ ਬਰਾਮਦ ਹੋਈਆਂ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

ਨਵਨਿਯੁਕਤ ਸ਼ਹਿਰੀ ਪ੍ਰਧਾਨ ਪ੍ਰਦੀਪ ਅਰੋੜਾ ਦਾ ਸਨਮਾਨ

ਬਾਘਾ ਪੁਰਾਣਾ, (ਮਨੀ ਸਿੰਗਲਾ) ਕਾਂਗਰਸ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਜ਼ਿਲ੍ਹੇ ਵਿੱਚ ਕਾਂਗਰਸੀ ਵਰਕਰਾਂ ਨੂੰ ਅਹੁਦੇਦਾਰੀਆਂ ਦਿੱਤੀਆਂ ਗਈਆਂ, ਜਿਸ ਵਿੱਚ ਬਾਘਾ ਪੁਰਾਣਾ ਦੇ ਸ਼ਹਿਰੀ ਪ੍ਰਧਾਨ ਪ੍ਰਦੀਪ ਅਰੋੜਾ ਨੂੰ ਬਣਾਇਆ ਗਿਆ ਅਤੇ ਕਾਂਗਰਸੀ ਵਰਕਰਾਂ ਵਿਚ ਖੁਸ਼ੀ ਦਾ ਮਾਹੌਲ ਬਣਿਆ ਹੋਇਆ ਹੈ। ਇਸ ਮੌਕੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਤੇ ਮੋਗਾ ਜ਼ਿਲ੍ਹਾ ਦੇ ਪ੍ਰਧਾਨ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਪ੍ਰਦੀਪ ਅਰੋੜਾ ਨੂੰ ਨਿਯੁਕਤੀ ਪੱਤਰ ਦੇ ਕੇ ਅਤੇ ਸਿਰੋਪਾਓ ਕੇ ਸਨਮਾਨਤ ਕੀਤਾ। ਇਸ ਮੌਕੇ ਗੁਰਬਚਨ ਸਿੰਘ ਬਰਾੜ, ਸੁਰਿੰਦਰ ਛਿੰਦਾ, ਗੁਰਚਰਨ ਸਿੰਘ ਚੀਦਾ, ਇੰਦਰਜੀਤ ਸਿੰਘ ਬੀੜ ਚੜਿੱਕ, ਮੀਤ ਪ੍ਰਧਾਨ ਸ਼ਸ਼ੀ ਗਰਗ ਨੇ ਵੀ ਵਧਾਈ ਦਿੱਤੀ। ਪ੍ਰਦੀਪ ਅਰੋੜਾ ਨੇ ਕਿਹਾ ਕਿ ਕਾਂਗਰਸ ਪਾਰਟੀ ਨੇ ਸ਼ਹਿਰੀ ਪ੍ਰਧਾਨ ਦੀ ਜੋ ਜ਼ਿੰਮੇਵਾਰੀ ਮੈਂਨੂੰ ਸੌਂਪੀ ਹੈ, ਮੈਂ ਉਸ ਨੂੰ ਪੂਰੀ ਤਰ੍ਹਾਂ ਨਾਲ ਨਿਭਾਂਵਾਗਾ।

ਸੀਨੀਅਰ ਸਿਟੀਜ਼ਨ ਹੋਮ 'ਚ ਵੂਮੈਨ ਕਲੱਬ ਦੀ ਮੀਟਿੰਗ ਹੋਈ

ਫ਼ਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ) - ਵਿਮਨ ਕਲੱਬ ਦੀ ਮੀਟਿੰਗ ਸੀਨੀਅਰ ਸਿਟੀਜ਼ਨ ਹੋਮ ਵਿੱਚ ਸੁਰਿੰਦਰ ਜੋਸ਼ੀ ਅੱਤਰੀ ਦੀ ਰਹਿਨੁਮਾਈ ਵਿੱਚ ਹੋਈ।ਮੀਟਿੰਗ ਵਿੱਚ ਬਜ਼ੁਰਗਾਂ ਦੀ ਸਰੀਰਕ ਤੇ ਮਾਨਸਿਕ ਸਿਹਤ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ।ਸੁਰਿੰਦਰ ਜੋਸ਼ੀ ਅੱਤਰੀ ਨੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਯਾਦ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ।ਉਨ੍ਹਾਂ ਕਿਹਾ ਕਿ ਪਰਿਵਰਤਨ ਕੁਦਰਤ ਦਾ ਨਿਯਮ ਹੈ।ਸਾਨੂੰ ਜ਼ਿੰਦਗੀ ਵਿੱਚ ਆ ਰਹੀ ਤਬਦੀਲੀ ਨੂੰ ਖੁਸ਼ੀ-ਖੁਸ਼ੀ ਸਵੀਕਾਰ ਕਰਨਾ।ਇਸ ਮੌਕੇ ਡਾਇਟ ਯੂਨੀਵਰਸਿਟੀ ਤੋਂ ਡਾਇਟੀਸ਼ੀਅਨ ਦਪਿੰਦਰ ਕੌਰ ਨੇ ਵੀ ਤੰਦਰੁਸਤ ਜੀਵਨ ਦੇ ਲਈ ਬਹੁਤ ਸਾਰੇ ਮਹੱਤਵਪੂਰਨ ਸੁਝਾਅ ਦਿੱਤੇ।ਉਨ੍ਹਾਂ ਨੂੰ ਕਲੱਬ ਵੱਲੋਂ ਸਨਮਾਨਤ ਕੀਤਾ ਗਿਆ।ਮੀਟਿੰਗ ਵਿੱਚ ਸਨੇਹ ਸ਼ਰਮਾ, ਪਰਵੀਨ ਪੁਰੀ, ਸਨੇਹ ਗਿਰਧਰ, ਚੰਦਰ ਪੂਰੀ, ਪ੍ਰਵੇਸ਼ ਸ਼ਰਮਾ, ਕਿਰਨ ਬੈਕਟਰ, ਲਤਾ ਵਰਮਾ, ਸਵਿਤਾ ਖੁੱਲਰ, ਲਤਾ ਜਿੰਦਲ, ਨਿਰਮਲ ਸ਼ਰਮਾ, ਕੈਲਾਸ਼ ਠੁਕਰਾਲ, ਕਿਰਨ ਸੂਦ, ਵੀਨੂ ਨਰੂਲਾ, ਰੇਖਾ ਪੁਰੀ, ਮਿਨਾਕਸ਼ੀ ਸ਼ਰਮਾ, ਰਵਿੰਦਰ ਸ਼ਾਹੀ, ਸਰੋਜ ਭਾਰਦਵਾਜ, ਆਸ਼ਾ ਰਾਣੀ, ਵੀਨੂ ਵਰਮਾ, ਕਰਮਜੀਤ ਕੌਰ, ਵੀਨਾ ਚਾਵੜਾ, ਦੀਪਤੀ ਸੋਫ਼ਤ ਤੇ ਸਿਖਾ ਭਾਰਤੀ ਆਦਿ ਸ਼ਾਮਲ ਸਨ।

ਹਨੂਕ ਭੱਟੀ ਸ਼ਿਵ ਸੈਨਾ ਬਾਲ ਠਾਕਰੇ ਦੇ ਜ਼ਿਲ੍ਹਾ ਪ੍ਰਧਾਨ ਨਿਯੁਕਤ

ਮਖੂ (ਰਛਪਾਲ ਸਿੰਘ ਸੰਧੂ) ਸ਼ਿਵ ਸੈਨਾ ਬਾਲ ਠਾਕਰੇ ਦੇ ਪੰਜਾਬ ਰਾਜ ਦੇ ਪ੍ਰਮੁੱਖ ਯੋਗਰਾਜ ਸ਼ਰਮਾ ਦੀ ਅਗਵਾਈ ਹੇਠ ਹਨੂਕ ਭੱਟੀ ਦੇ ਗ੍ਰਹਿ ਨਿਵਾਸ ਈਸਾ ਨਗਰੀ ਵਿਖੇ ਪ

21-Dec-PAGE-11.qxd 12/20/2023 10:25 PM Page 1

ਦਰਜਨ ਦੇ ਕਰੀਬ ਮਸੀਹ ਭਾਈਚਾਰੇ ਦੇ ਨੌਜਵਾਨ 'ਆਪ' 'ਚ ਸ਼ਾਮਲ

ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)

ਆਮ ਆਦਮੀ ਪਾਰਟੀ ਦੀ ਇੱਕ ਮੀਟਿੰਗ ਸਥਾਨਿਕ ਕਸਬੇ ਚ ਆਪ ਯੂਥ ਆਗੂ ਬਲਜੀਤ ਸਿੰਘ

ਖਾਲਸਾ ਦੇ ਯਤਨਾਂ ਸਦਕਾ। ਲਵ ਅਤੇ ਸਾਜਨ ਮਸੀਹ ਦੇ ਸਾਂਝੇ ਪ੍ਰਬੰਧਾਂ ਹੇਠ ਹੋਈ ਜਿਸ ਵਿੱਚ ਖਾਸ ਤੌਰ 'ਤੇ ਸਰਕਲ ਪੁਰਾਣਾ ਸ਼ਾਲਾ ਨਾਲ ਸਬੰਧਤ ਮਸੀਹ ਭਾਈਚਾਰੇ ਦੇ ਯੂਥ ਨੇ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਨ ਲਈ ਹਲਕਾ ਇੰਚਾਰਜ ਦੀਨਾਨਗਰ ਅਤੇ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ ਸ਼ਹਿਰੀ ਸ਼ਮਸ਼ੇਰ ਸਿੰਘ ਉਚੇਚੇ ਤੌਰ 'ਤੇ ਪੁੱਜੇ। ਮਸੀਹ ਭਾਈਚਾਰੇ ਦੇ ਯੂਥ ਨੂੰ ਸੰਬੋਧਨ ਕਰਦਿਆਂ ਜਿੱਥੇ ਸ਼ਮਸ਼ੇਰ ਸਿੰਘ ਵੱਲੋਂ ਮਾਨ ਸਰਕਾਰ ਦੀਆਂ ਪ੍ਰਾਪਤੀਆਂ ਗਿਣਾਉਂਦਿਆਂ ਆਪ ਸਰਕਾਰ ਦੇ ਸਿਫਤਾਂ ਦੇ ਪੁਲ ਬੰਨ੍ਹੇ ਓਥੇ ਹੀ ਮਸੀਹ ਭਾਈਚਾਰੇ ਨਾਲ ਸੰਬੰਧਿਤ ਇੱਕ ਦਰਜਨ ਦੇ ਕਰੀਬ ਨੌਜਵਾਨਾਂ ਨੇ ਵੱਖ-ਵੱਖ ਰਵਾਇਤੀ ਪਾਰਟੀਆਂ ਨੂੰ ਛੱਡ ਕੇ ਆਪ ਦੀ ਅਗਵਾਈ ਕਾਬੂਲੀ ਜਦੋਂਕਿ ਸ਼ਾਮਿਲ ਹੋਣ ਵਾਲਿਆਂ ਦਾ ਸ਼ਮਸ਼ੇਰ ਸਿੰਘ ਵੱਲੋਂ ਸਨਮਾਨ ਕੀਤਾ ਗਿਆ। ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਣ ਵਾਲਿਆਂ 'ਚ ਨਾਥੀਨੀਅਲ (ਲਵ) ਲਖਵਿੰਦਰ ਮਸੀਹ, ਸੁਲੇਮਾਨ, ਅਭੀ ਮਸੀਹ, ਰਸ਼ਪਾਲ ਮਸੀਹ, ਸੋਨੀ ਮਸੀਹ, ਜਸਪਾਲ ਮਸੀਹ, ਗੋਰਾ ਮਸੀਹ, ਬਲਦੇਵ ਮਸੀਹ, ਪ੍ਰੇਮ ਮਸੀਹ, ਸੈਮੂਅਲ ਮਸੀਹ ਆਦਿ ਹਾਜ਼ਰ ਸਨ। ਪਾਰਟੀ 'ਚ ਸ਼ਾਮਿਲ ਹੋਣ ਵਾਲੇ ਉਕਤ ਨੌਜਵਾਨਾਂ ਨੇ ਕਿਹਾ ਕਿ ਉਹ ਭਗਵੰਤ ਮਾਨ ਦੀਆਂ ਲੋਕ ਹਿੱਤੂ ਪਾਲਸੀਆਂ ਤੋਂ ਪ੍ਰਭਾਵਿਤ ਹੋ ਕੇ ਆਪ ਦੀ ਅਗਵਾਈ ਕਾਬੂਲ ਰਹੇ ਹਨ। ਸ਼ਮਸ਼ੇਰ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ 'ਚ ਸ਼ਾਮਿਲ ਹੋਣ ਵਾਲੇ ਹਰੇਕ ਵਿਅਕਤੀ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।

ਅਮਰੀਕਾ ਭੇਜਣ ਦੇ ਨਾਂਅ 'ਤੇ ਲੱਖਾਂ ਰੁਪਏ ਦੀ ਠੱਗੀ ਮਾਰ ਏਜੰਟ ਫਰਾਰ

ਫਿਲੌਰ (ਨਿਰਮਲ)- ਟਰੈਵਲ ਏਜੰਟ ਵੱਲੋਂ ਪੈਸੇ ਲੈ ਕੇ ਵੀ ਅਮਰੀਕਾ ਨਾ ਭੇਜਣ ਅਤੇ ਮੁੜ ਪੈਸੇ ਵਾਪਸ ਨਾ ਕਰਨ ਦੇ ਰੋਸ ਵਜੋਂ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਜਲੰਧਰ ਜ਼ਿਲ੍ਹੇ ਦੇ ਪ੍ਰਧਾਨ ਕੇਵਲ ਸਿੰਘ ਖਹਿਰਾ ਅਤੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਸੁੱਖ ਗਿੱਲ ਦੀ ਅਗਵਾਈ ਹੇਠ ਫਿਲੌਰ ਦੇ ਮੁਹੱਲਾ ਉੱਚੀ ਘਾਟੀ ਦੇ ਲਾਗੇ ਰਹਿੰਦੇ ਏਜੰਟ ਸੁਰਿੰਦਰ ਕੁਮਾਰ ਪੁੱਤਰ ਗਿਆਨ ਚੰਦ ਦੇ ਘਰ ਅੱਗੇ ਅਣਮਿੱਥੇ ਸਮੇਂ ਲਈ ਧਰਨਾ ਲਗਾ ਦਿੱਤਾ ਗਿਆ। ਜ਼ਿਲ੍ਹਾ ਕਪੂਰਥਲਾ ਦੇ ਪਿੰਡ ਕੋਲੀਆਂ ਵਾਲਾ ਦੇ ਰਹਿਣ ਵਾਲੇ ਪਰਮਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਆਪਣੇ ਲੜਕੇ ਮਨਿੰਦਰਜੀਤ ਸਿੰਘ ਨੂੰ ਰੋਜ਼ੀ ਰੋਟੀ ਕਮਾਉਣ ਲਈ ਵਿਦੇਸ਼ ਅਮਰੀਕਾ ਭੇਜਣ ਲਈ ਉਕਤ ਏਜੰਟ ਨਾਲ 19 ਲੱਖ ਵਿੱਚ 2 ਸਾਲ ਪਹਿਲਾ ਗੱਲ ਹੋਈ ਸੀ। ਏਜੰਟ ਸੁਰਿੰਦਰ ਕੁਮਾਰ ਨੇ ਉਨ੍ਹਾਂ ਪਾਸੋਂ 19 ਲੱਖ ਰੁਪਏ ਲੈ ਕੇ ਨੌਜਵਾਨ ਨੂੰ ਅਮਰੀਕਾ ਦੀ ਬਜਾਏ ਤੁਰਕੀ ਭੇਜ ਦਿੱਤਾ ਜਿੱਥੇ ਤੁਰਕੀ ਪੁਲਸ ਨੇ ਨੌਜਵਾਨ ਨੂੰ ਜੇਲ੍ਹ ਭੇਜ ਦਿੱਤਾ। ਇੱਕ ਮਹੀਨੇ ਦੇ ਤਸ਼ੱਦਦ ਤੋਂ ਬਾਅਦ ਕਿਸੇ ਹੋਰ ਏਜੰਟ ਦੀ ਮਦਦ ਨਾਲ 4 ਲੱਖ ਰੁਪਏ ਦੀ ਰਾਸ਼ੀ ਖਰਚ ਕੇ ਨੌਜਵਾਨ ਨੂੰ ਯੂਰਪ ਭੇਜਿਆ ਗਿਆ। ਉਨ੍ਹਾਂ ਦੱਸਿਆ ਕਿ ਹੁਣ ਉਕਤ ਏਜੰਟ ਪੈਸੇ ਵਾਪਸ ਨਹੀਂ ਕਰ ਰਿਹਾ ਉਲਟਾ ਖੱਜਲ ਖੁਆਰ ਕਰ ਰਿਹਾ ਹੈ। ਪ੍ਰਧਾਨ ਕੇਵਲ ਸਿੰਘ ਖਹਿਰਾ ਅਤੇ ਸੁੱਖ ਗਿੱਲ ਨੇ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਪੰਜਾਬ ਉਨ੍ਹਾਂ ਚਿਰ ਧਰਨਾ ਜਾਰੀ ਰੱਖੇਗੀ ਜਿਨ੍ਹਾਂ ਸਮਾਂ ਉਕਤ ਏਜੰਟ ਪੈਸੇ ਵਾਪਸ ਨਹੀਂ ਕਰਦਾ। ਧਰਨਾ ਲੱਗਣ ਦੀ ਖ਼ਬਰ ਮਿਲਦਿਆਂ ਹੀ ਥਾਣਾ ਫਿਲੌਰ ਤੋਂ ਏ.ਐਸ.ਆਈ.ਸੁਭਾਸ਼ ਚੰਦਰ ਪੁਲਸ ਟੀਮ ਸਮੇਤ ਪਹੁੰਚ ਗਏ ਅਤੇ ਮਾਮਲੇ ਸਬੰਧੀ ਜਾਣ ਪੜਤਾਲ ਸ਼ੁਰੂ ਕਰ ਦਿੱਤੀ।

ਬੱਚਿਆਂ ਨੂੰ ਇਤਿਹਾਸਕ ਥਾਵਾਂ ਦੀ ਯਾਤਰਾ ਕਰਵਾਈ

ਨੂਰਪੁਰਬੇਦੀ (ਸੁਰਜੀਤ ਸਿੰਘ ਕਾਹਲੋਂ)-ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਕਾਹਨਪੁਰ ਖੂਹੀ ਦੇ ਛੇਵੀਂ ਦੇ ਵਿਦਿਆਰਥੀਆਂ ਦਾ ਟੂਰ ਲਗਾਇਆ ਗਿਆ । ਜਿਸ ਨੂੰ ਅਧਿਆਪਕ ਸ਼ਿਵ ਕੁਮਾਰ ਅਤੇ ਹਰਪ੍ਰੀਤ ਕੌਰ ਨੇ ਆਪਣੀ ਦੇਖ ਰੇਖ ਦੌਰਾਨ ਵਿਦਿਆਰਥੀਆਂ ਨੂੰ ਬਾਬਾ ਬੰਦਾ ਸਿੰਘ ਬਹਾਦਰ ਜੀ ਦੀ ਜੰਗੀ ਯਾਦਗਾਰ ਚਪੜਚਿੜੀ ਅਤੇ ਵਿਰਾਸਤ ਏ ਖਾਲਸਾ ਅਤੇ ਸਿੱਖੀ ਦੇ ਇਤਿਹਾਸ ਸਬੰਧੀ ਵਿਸਥਾਰ ਪੂਰਵਕ ਜਾਣਕਾਰੀ ਤੋਂ ਜਾਣੂ ਕਰਵਾ ਕੇ ਸਿੱਖ ਧਰਮ ਨਾਲ ਜੁੜਨ ਲਈ ਪ੍ਰੇਰਿਤ ਕੀਤਾ । ਸਕੂਲ ਦੇ ਪ੍ਰਿੰਸੀਪਲ ਅਨਿਲ ਕੁਮਾਰ ਜੋਸ਼ੀ ਨੇ ਬੱਚਿਆਂ ਨੂੰ ਇਤਿਹਾਸਕ ਥਾਵਾਂ ਦੀ ਯਾਤਰਾ ਕਰਵਾਉਣ ਦੀ ਵਿਭਾਗ ਦੀ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ।

ਗੁਰੂ ਨਾਨਕ ਮੋਦੀਖ਼ਾਨਾ ਸੁਸਾਇਟੀ ਨੇ ਚਾਰ ਲੋੜਵੰਦਾਂ ਦੇ ਮੁਫ਼ਤ ਲੈਂਜ਼ ਪਵਾਏ

ਗੁਰਦਾਸਪੁਰ, (ਜਨਕ ਮਹਾਜਨ)

ਗੁਰੂ ਨਾਨਕ ਮੋਦੀ ਖ਼ਾਨਾ ਸੁਸਾਇਟੀ ਪੁਰਾਣਾ ਸ਼ਾਲਾ ਦੇ ਸੇਵਾਦਾਰ ਤੇ ਸੰਚਾਲਕ ਸੁਰਿੰਦਰ ਕੁਮਾਰ ਨੇ ਦੱਸਿਆ ਕਿ ਸੁਸਾਇਟੀ ਵਲੋਂ ਇਕ ਮਰਦ ਤਿੰਨ ਔਰਤਾਂ ਦੀਆਂ ਅੱਖਾਂ ਕੇ. ਡੀ. ਹਸਪਤਾਲ ਤੋਂ ਮੁਫ਼ਤ ਬਣਾ ਕੇ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਸੁਸਾਇਟੀ ਵਲੋਂ ਇਲਾਕੇ ਦੇ ਲੋਕਾਂ ਨੂੰ ਕੋਰੋਨਾ ਦੌਰਾਨ ਸਮੇਂ ਤੋਂ ਲੋੜਵੰਦ ਲੋਕਾਂ ਨੂੰ ਘਰਾਂ ਦਾ ਰਾਸ਼ਨ ਮੁਹੱਈਆ ਕਰਵਾਉਣ ਦੇ ਨਾਲ-ਨਾਲ ਹੋਰ ਵੀ ਲੋੜਵੰਦਾਂ ਦੀ ਸਹਾਇਤਾ ਕੀਤੀ ਜਾਂਦੀ ਹੈ ਅਤੇ ਇਹ ਲੋਕ ਸੇਵਾ ਅੱਗੇ ਵੀ ਜਾਰੀ ਰਹੇਗੀ। ਉਨ੍ਹਾਂ ਦੱਸਿਆ ਕਿ ਲੋੜਵੰਦ ਔਰਤਾਂ ਤੇ ਮਰਦਾਂ ਵਿਚ ਗੁਰਮੀਤ ਸਿੰਘ ਜਗਤਪੁਰ, ਰੂਪ ਰਾਣੀ, ਮੀਨਾ ਦੇਵੀ ਅਤੇ ਸੀਮਾ ਸੈਦੋਵਾਲ ਕਲਾਂ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਗੁਰੂ ਨਾਨਕ ਮੋਦੀਖ਼ਾਨਾ ਸੇਵਾ ਕਮੇਟੀ ਦੇ ਮੈਂਬਰ ਮਨਦੀਪ ਸਿੰਘ, ਕੈਪਟਨ ਪਿਆਰਾ ਸਿੰਘ, ਭਿੰਦਾ, ਸਾਬੀ, ਬਲਜੀਤ

ਸਿੰਘ ਤੋਂ ਇਲਾਵਾ ਹੋਰ ਮੈਂਬਰਾਂ ਨੇ ਕਾਫ਼ੀ ਸਾਥ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਇਸ ਸੁਸਾਇਟੀ ਦੁਆਰਾ ਪਿਛਲੇ ਸਮੇਂ ਤੋਂ ਲੜਕੀਆਂ ਦੇ ਵਿਆਹ, ਗ਼ਰੀਬ ਲੋਕਾਂ ਦੇ ਕਮਰੇ ਬਣਾਉਣਾ ਅਤੇ ਮਰੀਜ਼ਾਂ ਦੀ ਮਦਦ ਕਰਨਾ ਸਾਡੀ ਪਹਿਲਕਦਮੀ ਹੈ। ਉਨ੍ਹਾਂ ਸੁਸਾਇਟੀ ਨੂੰ ਸਹਿਯੋਗ ਦੇਣ ਵਾਲੇ ਭਰਾਵਾਂ ਦਾ ਕੋਟਿ-ਕੋਟਿ ਧੰਨਵਾਦ ਕੀਤਾ ਹੈ।

ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਪ੍ਰਧਾਨ ਵੱਲੋਂ ਬੇਅਦਬੀਆਂ ਦੀ ਮੁਆਫੀ ਮੰਗਣਾ ਸ਼ਲਾਘਾਯੋਗ : ਕਿਰਪਾਲ ਸਿੰਘ ਗੁੰਝੀਆਂ

ਗੁਰਦਾਸਪੁਰ, (ਜਨਕ ਮਹਾਜਨ)-ਸੀਨੀਅਰ ਅਕਾਲੀ ਆਗੂ ਜਥੇਦਾਰ ਕਿਰਪਾਲ ਸਿੰਘ ਗੁੰਝੀਆਂ ਨੇ ਪ੍ਰੈੱਸ ਨੂੰ ਬਿਆਨ ਜਾਰੀ ਕਰਦੇ ਹੋਏ

ਕਿਹਾ ਕਿ ਪਾਰਟੀ ਦੇ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਸੁਖਬੀਰ ਸਿੰਘ ਬਾਦਲ ਵਲੋਂ ਪੰਜਾਬ ਅੰਦਰ ਉਨ੍ਹਾਂ ਦੇ ਕਾਰਜਕਾਲ ਦੌਰਾਨ ਹੋਈਆਂ ਧਾਰਮਿਕ ਅਸਥਾਨਾਂ ਤੇ ਬੇਅਦਬੀਆਂ ਦੀ ਮੁਆਫ਼ੀ ਮੰਗਣਾ ਇਕ ਸ਼ਲਾਘਾਯੋਗ ਕਦਮ ਹੈ ਅਤੇ ਇਸ ਦੀ ਹਰ ਪਾਸੇ ਖ਼ੂਬ ਪ੍ਰਸੰਸਾ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਮੁਆਫ਼ੀ ਮੰਗਣਾ ਨਾਲ ਜਿੱਥੇ ਲੋਕਾਂ ਦੇ ਦਿਲਾਂ ਵਿਚ ਸੁਖਬੀਰ ਸਿੰਘ ਬਾਦਲ ਪ੍ਰਤੀ ਅਥਾਹ ਪਿਆਰ ਵਧਿਆ ਹੈ। ਉਨ੍ਹਾਂ ਪਾਰਟੀ ਪ੍ਰਧਾਨ ਵਲੋਂ ਦਿੱਤੇ ਗਏ ਇਸ ਬਿਆਨ ਨਾਲ ਲੋਕ ਪਾਰਟੀ ਨਾਲ ਵੱਡੇ ਪੱਧਰ 'ਤੇ ਜੁੜਨਗੇ ਅਤੇ ਪਾਰਟੀ ਪਹਿਲੋਂ ਨਾਲੋਂ ਹੋਰ ਵੀ ਮਜ਼ਬੂਤ ਹੋਵੇਗੀ। ਉਨ੍ਹਾਂ ਪੁਰਾਣੇ ਥੰਮ ਅਕਾਲੀ ਪਾਰਟੀ ਨੂੰ ਜੋ ਛੱਡ ਕੇ ਗਏ ਸਨ ਤੇ ਉਹ ਦੁਬਾਰਾ ਉਨ੍ਹਾਂ ਦੇ ਪਾਰਟੀ ਵਿਚ ਆਉਣ ਨਾਲ ਪਾਰਟੀ ਦੀ ਲੋਕਪ੍ਰਿਯਤਾ ਹੋਰ ਵਧੇਗੀ। ਉਨ੍ਹਾਂ ਕਿਹਾ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਪਾਰਟੀ ਇਕਮੁਠ ਹੋ ਕੇ ਚੋਣਾਂ ਲੜੇਗੀ। ਉਨ੍ਹਾਂ ਕਿਹਾ ਪਾਰਟੀ ਵਲੋਂ ਪੰਜਾਬ ਮਸਲਿਆਂ ਨੂੰ ਆਉਣ ਵਲੇ ਸਮੇਂ ਵਿਚ ਹੋਰ ਵੀ ਜ਼ੋਰ ਸ਼ੋਰ ਨਾਲ ਉਠਾਇਆ ਜਾਵੇਗਾ ਤਾਂ ਪੰਜਾਬ ਦਿਨ ਦੁਗਣੀ ਅਤੇ ਰਾਤ ਚੌਗੁਣੀ ਤਰੱਕੀ ਕਰ ਸਕੇ।

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੀਕੇ ਵਿਖੇ ਸਕਾਊਟ ਐਂਡ ਗਾਈਡ ਕੈਂਪ ਸ਼ੁਰੂ

ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)

ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਹਰੀਕੇ ਪੱਤਣ ਵਿਖੇ ਅੱਜ ਸਕਾਊਟ ਐਂਡ ਗਾਈਡ ਕੈਂਪ ਦੀ ਸ਼ੁਰੂਆਤ ਕੀਤੀ ਗਈ।ਜ਼ਿਲ੍ਹਾ ਸਿੱਖਿਆ ਅਫਸਰ (ਸੀ ਸੈ), ਕੰਵਲਜੀਤ ਸਿੰਘ ਧੰਜੂ ਜ਼ਿਲ੍ਹਾ ਚੀਫ਼ ਕਮਿਸ਼ਨਰ ਦੇ ਹੁਕਮਾਂ ਅਨੁਸਾਰ ਆਰੰਭ ਹੋਏ 4 ਰੋਜ਼ਾ ਪ੍ਰੋਗਰਾਮ ਦੀ ਅਗਵਾਈ ਸਕੂਲ ਇੰਚਾਰਜ ਰਣਜੀਤ ਕੌਰ ਨੇ ਕੀਤੀ ।ਕੈਂਪ ਦੀ ਟ੍ਰੇਨਿੰਗ ਲਈ ਜਸਵਿੰਦਰ ਕੌਰ, ਮੋਨਿਕਾ ਮਹਿਰਾ ਡੀਟੀਸੀ ਗਾਈਡ ਅਤੇ ਹਰਪਾਲ ਸਿੰਘ ਡੀਓਸੀ ਸਕਾਊਟ ਦੇ ਨਾਲ-ਨਾਲ ਹਰਅੰਮ੍ਰਿਤਪਾਲ ਸਿੰਘ, ਰੁਪਿੰਦਰ ਸਿੰਘ ਕੋਆਰਡੀਨੇਟਰ ਹਾਜ਼ਰ ਹੋਏ ਜਿਨ੍ਹਾਂ ਦੀ ਪ੍ਰੇਰਨਾ ਅਤੇ ਉਦਮ ਸਦਕਾ ਸੌ ਤੋਂ ਵੱਧ ਵਿਦਿਆਰਥੀਆਂ ਦੇ ਸ਼ਮੂਲੀਅਤ ਕੀਤੀ। ਜਸਵਿੰਦਰ ਕੌਰ ਨੇ ਦੱਸਿਆ ਕਿ ਪਹਿਲੇ ਦਿਨ ਵਿਦਿਆਰਥੀਆਂ ਨੂੰ ਪੈਟਰੋਲ ਸਿਸਟਮ, ਪ੍ਰਾਰਥਨਾ, ਨਿਯਮ, ਪ੍ਰਤਿੱਗਿਆ ਅਤੇ ਝੰਡਾ ਗੀਤ ਦੀ ਟ੍ਰੇਨਿੰਗ ਦਿੱਤੀ ਗਈ ।ਉਨ੍ਹਾਂ ਦੱਸਿਆ ਕਿ ਆਉਣ ਵਾਲੇ ਦਿਨਾਂ ਵਿਚ ਬੱਚਿਆਂ ਨੂੰ ਸਰੀਰਕ ਕਿਰਿਆਵਾਂ, ਮੁੱਢਲੀ ਸਹਾਇਤਾ, ਕੁਦਰਤੀ ਆਫਤਾਂ ਤੋਂ ਬਚਾਅ, ਫਾਲਤੂ ਵਸਤੂਆਂ ਦਾ ਸਦਉਪਯੋਗ ਅਤੇ ਟੈਂਟ ਸਿਸਟਮ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਸਕੂਲ ਇੰਚਾਰਜ ਰਣਜੀਤ ਕੌਰ ਨੇ ਬੱਚਿਆਂ ਨੂੰ ਸੰਬੋਧਨ ਕਰਦਿਆਂ ਸਕਾਊਟ ਅਤੇ ਗਾਈਡ ਦੀ ਭਵਿੱਖ ਵਿਚ ਮਹੱਤਤਾ ਬਾਰੇ ਦੱਸਿਆ।ਉਨ੍ਹਾਂ ਕਿਹਾ ਕਿ ਟ੍ਰੇਨਿੰਗ ਦੇ ਤਿੰਨ ਪੜਾਵਾਂ ਤੋਂ ਬਾਅਦ ਸੂਬਾ ਅਤੇ ਰਾਸ਼ਟਰੀ ਪੱਧਰ ਤੱਕ ਜਾਣ ਵਾਲੇ ਬੱਚਿਆ ਨੂੰ ਕੇਂਦਰੀ ਨੌਕਰੀ ਲੈਣ

ਵਿਚ ਵੱਡੀ ਇਮਦਾਦ ਮਿਲਣਾ ਯਕੀਨੀ ਹੈ ।ਉਨ੍ਹਾਂ ਇਸ ਪ੍ਰੋਗਰਾਮ ਵਿਚ ਹਿੱਸਾ ਲੈਣ ਵਾਲੇ ਬੱਚਿਆਂ ਨੂੰ ਸ਼ੁਭਕਾਮਨਾਵਾਂ ਦੇਣ ਦੇ ਨਾਲ ਨਾਲ ਭਾਰਤ ਸਕਾਊਟ ਜ਼ਿਲ੍ਹਾ ਟੀਮ ਦੇ ਸਮੂਹ ਅਹੁਦੇਦਾਰਾਂ ਦਾ ਧੰਨਵਾਦ ਕੀਤਾ।ਉਨ੍ਹਾਂ ਵੱਡੀ ਉਮੀਦ ਜਤਾਉਂਦਿਆਂ ਕਿਹਾ ਕਿ ਇਹ ਕੈਂਪ ਵਿਦਿਆਰਥੀਆਂ ਦੀ ਸ਼ਖਸੀਅਤ ਦੇ ਵਿਕਾਸ ਵਿਚ ਮਹੱਤਵਪੂਰਨ ਭੂਮਿਕਾ ਨਿਭਾਏਗਾ ।ਇਸ ਮੌਕੇ ਸਕੂਲ ਦਾ ਸਮੂਹ ਸਟਾਫ ਹਾਜ਼ਰ ਸੀ।

ਸ਼ਹੀਦੀ ਹਫਤੇ ਦੌਰਾਨ ਵੱਧ ਤੋਂ ਵੱਧ ਨਾਮ ਸਿਮਰਨ ਕਰਨ ਸੰਗਤਾਂ : ਖੁਣਖੁਣ

ਫਗਵਾੜਾ (ਡਾ. ਰਮਨ)-ਭਾਰਤੀ ਕਿਸਾਨ ਯੂਨੀਅਨ (ਦੋਆਬਾ) ਬਲਾਕ ਫਗਵਾੜਾ ਦੇ ਪ੍ਰਧਾਨ ਹਰਵਿੰਦਰ ਸਿੰਘ ਖੁਣਖੁਣ (ਮਾਨਾਂਵਾਲੀ) ਨੇ ਸਮੂਹ ਸਿੱਖ ਸੰਗਤਾਂ ਨੂੰ ਪੁਰਜੋਰ ਅਪੀਲ ਕੀਤੀ ਹੈ ਕਿ 21 ਤੋਂ 28 ਦਸੰਬਰ ਤੱਕ ਸ਼ਹੀਦੀ ਹਫਤੇ ਦੌਰਾਨ ਬਿਲਕੁਲ ਸਾਦਗੀ ਨਾਲ ਰਹਿੰਦੇ ਹੋਏ ਵੱਧ ਤੋਂ ਵੱਧ ਗੁਰਬਾਣੀ ਜਾਪ ਕੀਤਾ ਜਾਵੇ। ਉਹਨਾਂ ਸਾਦਾ ਭੋਜਨ ਕਰਨ ਅਤੇ ਸਾਦਾ ਪਹਿਰਾਵਾ ਧਾਰਣ ਕਰਨ ਦੀ ਗੱਲ ਵੀ ਕਹੀ ਅਤੇ ਦੱਸਿਆ ਕਿ ਦਸ਼ਮਪਿਤਾ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਨੇ 21 ਦਸੰਬਰ ਨੂੰ ਕਿਲਾ ਛੱਡਿਆ, 22 ਦਸੰਬਰ ਨੂੰ ਸਿਰਸਾ 'ਤੇ ਵਿਛੋੜਾ ਹੋਇਆ। 23 ਦਸੰਬਰ ਨੂੰ ਵੱਡੇ ਸਾਹਿਬਜਾਦਿਆਂ ਦੀ ਸ਼ਹਾਦਤ ਹੋਈ। ਜਿਸ ਤੋਂ ਬਾਅਦ 24 ਦਸੰਬਰ ਨੂੰ ਚਮਕੌਰ ਗੜ੍ਹੀ ਦੇ ਸਾਕੇ ਵਿਚ ਬਾਕੀ ਸਿੰਘਾਂ ਨੇ ਸ਼ਹਾਦਤ ਦਿੱਤੀ ਸੀ। 25 ਦਸੰਬਰ ਨੂੰ ਵੱਡੇ ਸਾਹਿਬਜਾਦਿਆਂ ਦਾ ਸੰਸਕਾਰ ਅਤੇ ਬੀਬੀ ਹਰਸ਼ਰਨ ਕੌਰ ਦੀ ਸ਼ਹਾਦਤ ਹੋਈ। 27 ਦਸੰਬਰ ਨੂੰ ਛੋਟੇ ਸਾਹਿਬਜਾਦਿਆਂ ਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਹੋਈ। 28 ਦਸੰਬਰ ਨੂੰ ਉਹਨਾਂ ਦਾ ਸੰਸਕਾਰ ਕੀਤਾ ਗਿਆ ਸੀ। ਇਹ ਹਫਤਾ ਸਿੱਖ ਕੌਮ ਲਈ ਬਹੁਤ ਹੀ ਸੋਗ ਭਰਿਆ ਹੈ। ਉਹਨਾਂ ਸਮੂਹ ਸੰਗਤਾਂ ਨੂੰ ਬੱਚਿਆਂ ਨੂੰ ਸਿੱਖੀ ਸਰੂਪ ਦੇ ਧਾਰਨੀ ਅਤੇ ਗੁਰਬਾਣੀ ਦੇ ਲੜ ਲਗਾਉਣ ਲਈ ਪ੍ਰੇਰਿਤ ਕੀਤਾ ਅਤੇ ਕਿਹਾ ਕਿ ਕੌਮ ਦੇ ਮਹਾਨ ਸ਼ਹੀਦਾਂ ਨੂੰ ਇਹੋ ਸੱਚੀ ਸ਼ਰਧਾਂਜਲੀ ਹੋਵੇਗੀ।

ਸਿਲਵਰ ਓਕ ਸਕੂਲ ਵਿਖੇ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਿਜਦਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ ਉਂਕਾਰ ਸਿੰਘ)

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀ.ਸੈਕੰ. ਸਕੂਲ ਸ਼ਾਹਬਾਜਪੁਰ ਵਿੱਚ ਸਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਯਾਦ ਕਰਦਿਆਂ ਸਜਦਾ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਬੱਚਿਆਂ ਨੇ ਸ਼ਬਦ ਕੀਰਤਨ ਸਰਵਣ ਕੀਤਾ ਅਤੇ ਸਾਹਿਬਜ਼ਾਦਿਆਂ ਦੀ ਅਦੁਤੀ ਸ਼ਹਾਦਤ ਨੂੰ ਯਾਦ ਕੀਤਾ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਦੇਸ਼ ਕੌਮ ਦੀ ਰਾਖੀ ਵਾਸਤੇ ਆਪਣਾ ਸਰਬੰਸ ਵਾਰ ਦਿੱਤਾ, ਕੁਰਬਾਨੀਆਂ ਦੀ ਅਜਿਹੀ ਮਿਸਾਲ ਦੁਨੀਆਂ ਵਿੱਚ ਹੋਰ ਕ

21-Dec-PAGE-12.qxd 12/20/2023 10:24 PM Page 1

ਜਨਮ ਦਿਨ ਮੁਬਾਰਕ

ਏਕਮਪ੍ਰੀਤ ਸਿੰਘ, ਪਠਾਨਕੋਟ

ਨਿਮਰਥ ਕੌਰ

ਗੁਰਬਾਜ ਸਿੰਘ ਚੌਹਾਨ

ਵਰ੍ਹੇਗੰਢ ਮੁਬਾਰਕ

ਪ੍ਰਦੀਪ ਸਿੰਘ ਸੇਵਕ ਤੇ ਨਰਿੰਦਰ ਕੌਰ ਵਾਸੀ ਧਾਰੀਵਾਲ ਨੇ ਆਪਣੇ ਵਿਆਹ ਦੀ ਅੱਠਵੀਂ ਵਰ੍ਹੇਗੰਢ ਮਨਾਈ।

ਗਗਨਦੀਪ ਅਤੇ ਸੁਮਨ ਵਾਸੀ ਰਵਿਦਾਸੀਆ ਮੁਹੱਲਾ ਮਹਿਤਪੁਰ ਰੋਡ ਨਕੋਦਰ ਨੇ ਆਪਣੇ ਵਿਆਹ ਦੀ ਦੂਜੀ ਵਰ੍ਹੇਗੰਢ ਮਨਾਈ।

ਪਾਰਦਰਸ਼ਤਾ ਪੰਜਾਬ ਸਰਕਾਰ ਦੀ ਸਭ ਤੋਂ ਵੱਡੀ ਪਛਾਣ : ਕਟਾਰੂ ਚੱਕ

ਚੰਡੀਗੜ੍ਹ, (ਗੁਰਜੀਤ ਬਿੱਲਾ)

ਝੋਨੇ ਦਾ ਖਰੀਦ ਸੀਜਨ ਸਫਲ ਅਤੇ ਨਿਰਵਿਘਨ ਢੰਗ ਨਾਲ ਮੁਕੰਮਲ ਹੋਣ 'ਤੇ ਵਿਭਾਗ ਨੂੰ ਵਧਾਈ ਦਿੰਦਿਆਂ ਖੁਰਾਕ, ਸਿਵਲ ਸਪਲਾਈ ਅਤੇ ਖ਼ਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਗਾਮੀ ਸੀਜਨਾਂ 'ਚ ਵੀ ਇਸੇ ਰੁਝਾਨ ਨੂੰ ਬਰਕਰਾਰ ਰੱਖਣ ਲਈ ਕਿਹਾ ਕਿਉਂਕਿ ਇਹ ਵਿਭਾਗ ਖੇਤੀਬਾੜੀ ਸੈਕਟਰ ਨਾਲ ਨੇੜਿਓਂ ਜੁੜਿਆ ਹੋਇਆ ਹੈ ਜੋ ਕਿ ਸੂਬੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ। ਇੱਥੇ ਸੈਕਟਰ 39 ਦੇ ਅਨਾਜ ਭਵਨ ਵਿਖੇ ਵਿਭਾਗ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਮੰਤਰੀ ਨੇ ਇਸ ਗੱਲ 'ਤੇ ਵੀ ਜੋਰ ਦਿੱਤਾ ਕਿ ਟੈਂਡਰ ਪ੍ਰਕਿਰਿਆ ਨੂੰ ਹੋਰ ਸੁਚਾਰੂ ਬਣਾਇਆ ਜਾਣਾ ਚਾਹੀਦਾ ਹੈ ਅਤੇ ਸਾਰੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕੀਤੀ ਜਾਣੀ ਚਾਹੀਦੀ ਹੈ ਤਾਂ ਜੋ ਬਾਅਦ ਵਿੱਚ ਕਿਸੇ ਵੀ ਉਲਝਣ ਤੋਂ ਬਚਿਆ ਜਾ ਸਕੇ। ਮੰਤਰੀ ਨੇ ਕਿਹਾ ਕਿ ਮਿੱਲ ਮਾਲਕਾਂ ਵੱਲੋਂ ਐਫ.ਸੀ.ਆਈ. ਨੂੰ ਚੌਲਾਂ ਦੀ ਡਿਲਿਵਰੀ ਹੋਣ ਦੇ ਨਾਲ ਹੀ ਬਿੱਲ ਜਮ੍ਹਾਂ ਕਰਾਏ ਜਾਣੇ ਚਾਹੀਦੇ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਤੁਰੰਤ ਭੁਗਤਾਨ ਨੂੰ ਯਕੀਨੀ ਬਣਾਉਣ ਲਈ ਲਾਜ਼ਮੀ ਹੈ। ਕਟਾਰੂਚੱਕ ਨੇ ਕਿਹਾ ਕਿ ਈ-ਪੌਸ ਮਸ਼ੀਨਾਂ ਦੀ ਖਰੀਦ ਸਬੰਧੀ ਪ੍ਰਕਿਰਿਆ ਪੂਰੀ ਤਰ੍ਹਾਂ ਪਾਰਦਰਸ਼ੀ ਹੋਣੀ ਚਾਹੀਦੀ ਹੈ ਕਿਉਂਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਪ੍ਰਤੀ ਜੀਰੋ ਸ਼ਹਿਣਸ਼ੀਲਤਾ ਨੀਤੀ ਅਪਣਾਈ ਗਈ ਹੈ ਅਤੇ ਪਾਰਦਰਸ਼ਤਾ ਇਸਦੀ ਸਭ ਤੋਂ ਵੱਡੀ ਪਛਾਣ ਹੈ। ਅਧਿਕਾਰੀਆਂ ਨੂੰ ਤਰੱਕੀ ਦੇਣ ਦੀ ਪ੍ਰਕਿਰਿਆ ਵਿੱਚ ਤੇਜੀ ਲਿਆਉਣ ਦੇ ਨਿਰਦੇਸ਼ ਦਿੰਦਿਆਂ ਮੰਤਰੀ ਨੇ ਕਿਹਾ ਕਿ ਕਰਮਚਾਰੀ ਦੇ ਕੈਰੀਅਰ ਵਿੱਚ ਤਰੱਕੀ ਇੱਕ ਵੱਡੀ ਪ੍ਰੇਰਣਾ ਵਜੋਂ ਕੰਮ ਕਰਦੀ ਹੈ ਜੋ ਉਸਨੂੰ ਬਿਹਤਰ ਕਾਰਗੁਜ਼ਾਰੀ ਲਈ ਉਤਸ਼ਾਹਿਤ ਕਰਦੀ ਹੈ। ਮੰਤਰੀ ਨੇ ਅੱਗੇ ਕਿਹਾ ਕਿ ਅਦਾਲਤਾਂ ਵਿੱਚ ਚੱਲ ਰਹੇ ਵਿਭਾਗ ਦੇ ਕੇਸਾਂ ਵਿੱਚ ਬਿਹਤਰ ਤੇ ਪ੍ਰਭਾਵਸ਼ਾਲੀ ਢੰਗ ਨਾਲ ਦਲੀਲਬਾਜ਼ੀ ਕੀਤੀ ਜਾਣੀ ਚਾਹੀਦੀ ਹੈ ਅਤੇ ਮੁਕੱਦਮੇ ਸਬੰਧੀ ਕੇਸਾਂ ਨੂੰ ਘੱਟ ਤੋਂ ਘੱਟ ਕਰਨ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ। ਕੈਬਨਿਟ ਮੰਤਰੀ ਨੇ ਇਸ ਗੱਲ 'ਤੇ ਵੀ ਜੋਰ ਦਿੱਤਾ ਕਿ ਲੇਬਰ ਅਤੇ ਕਾਰਟੇਜ ਟੈਂਡਰਾਂ ਦੇ ਸਬੰਧ ਵਿੱਚ ਇੱਕ ਮਜਬੂਤ ਪ੍ਰਣਾਲੀ ਵਿਕਸਿਤ ਕੀਤੀ ਜਾਣੀ ਚਾਹੀਦੀ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਿਭਾਗ ਦੇ ਸਕੱਤਰ ਗੁਰਕਿਰਤ ਕਿਰਪਾਲ ਸਿੰਘ, ਡਾਇਰੈਕਟਰ ਪੁਨੀਤ ਗੋਇਲ ਸਮੇਤ ਉੱਚ ਅਧਿਕਾਰੀ ਹਾਜਰ ਸਨ।

ਵਿਧਾਇਕ ਡਾ. ਰਵਜੋਤ ਸਿੰਘ ਨੇ ਸ਼ਾਮਚੁਰਾਸੀ ਦੇ ਸ਼ਰਧਾਲੂਆਂ ਦੀ ਬੱਸ ਨੂੰ ਦਿਖਾਈ ਰਹੀ ਝੰਡੀ

ਹੁਸ਼ਿਆਰਪੁਰ, (ਓ ਪੀ ਰਾਣਾ)

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਵਿਧਾਇਕ ਸ਼ਾਮਚੁਰਾਸੀ ਡਾ. ਰਵਜੋਤ ਸਿੰਘ ਨੇ ਮਾਤਾ ਨੈਨਾ ਦੇਵੀ, ਸ਼੍ਰੀ ਅਨੰਦਪੁਰ ਸਾਹਿਬ, ਮਾਤਾ ਚਿੰਤਪੁਰਨੀ ਅਤੇ ਮਾਤਾ ਜਵਾਲਾ ਦੇਵੀ ਜੀ ਦੇ ਦਰਸ਼ਨਾਂ ਲਈ ਜਾਣ ਵਾਲੀ ਬੱਸ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਦੌਰਾਨ ਉਨ੍ਹਾਂ ਨਾਲ ਐਸ.ਡੀ.ਐਮ ਹੁਸ਼ਿਆਰਪੁਰ ਪ੍ਰੀਤਇੰਦਰ ਸਿੰਘ ਬੈਂਸ ਵੀ ਮੌਜੂਦ ਸਨ।ਵਿਧਾਇਕ ਨੇ ਕਿਹਾ ਕਿ ਬਹੁਤ ਹੀ ਖੁਸ਼ੀ ਦਾ ਦਿਨ ਹੈ ਕਿ ਸ਼ਾਮਚੁਰਾਸੀ ਵਿਧਾਨ ਸਭਾ ਹਲਕੇ ਦੇ ਲੋਕ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੂਬੇ ਦੀ ਜਨਤਾ ਨਾਲ ਜੋ ਵੀ ਵਾਅਦੇ ਕੀਤੇ ਉਨ੍ਹਾਂ ਨੂੰ ਨਿਭਾਇਆ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਤੀਰਥ ਯਾਤਰਾ ਕਰਵਾਉਣ ਦਾ ਵਾਅਦਾ ਵੀ ਕੀਤਾ ਸੀ, ਜਿਸ ਨੂੰ ਪੂਰਾ ਕੀਤਾ ਹੈ ਅਤੇ ਪੂਰੇ ਸੂਬੇ ਤੋਂ ਲੋਕ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਜਾ ਰਹੇ ਹਨ। ਸ਼ਾਮਚੁਰਾਸੀ ਤੋਂ ਮਾਤਾ ਨੈਨਾ ਦੇਵੀ, ਸ਼੍ਰੀ ਅਨੰਦਪੁਰ ਸਾਹਿਬ, ਮਾਤਾ ਚਿੰਤਪੁਰਨੀ ਅਤੇ ਮਾਤਾ ਜਵਾਲਾ ਦੇਵੀ ਜੀ ਦੀ ਯਾਤਰਾ ਲਈ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕਰਨ ਮੌਕੇ 'ਤੇ ਵਿਧਾਇਕ ਡਾ. ਰਵਜੋਤ ਨੇ ਕਿਹਾ ਕਿ ਇਸ ਸਕੀਮ ਦੇ ਸ਼ੁਰੂ ਹੋਣ ਨਾਲ ਪੰਜਾਬ ਵਾਸੀਆਂ ਨੂੰ ਦੇਸ਼ ਭਰ ਵਿਚ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨ ਲਈ ਜਾਣ ਲਈ ਸਫ਼ਰ ਦੀ ਸੁਵਿਧਾ ਮੁਫਤ ਮਿਲੀ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਤਹਿਤ ਯਾਤਰਾ 'ਤੇ ਜਾਣ ਵਾਲੇ ਯਾਤਰੀਆਂ ਦਾ ਖਰਚਾ ਪੰਜਾਬ ਸਰਕਾਰ ਕਰੇਗੀ, ਜਿਸ ਵਿਚ ਉਨ੍ਹਾਂ ਦੇ ਆਣ-ਜਾਣ, ਠਹਿਰਨ ਤੇ ਖਾਣ-ਪੀਣ ਦਾ ਸਾਰਾ ਖਰਚਾ ਸ਼ਾਮਲ ਹੈ।ਡਾ. ਰਵਜੋਤ ਸਿੰਘ ਨੇ ਦੱਸਿਆ ਕਿ ਇਸ ਸਕੀਮ ਤਹਿਤ ਪਵਿੱਤਰ ਸਥਾਨ ਸ਼੍ਰੀ ਹਜ਼ੂਰ ਸਾਹਿਬ (ਨਾਂਦੇੜ), ਤਖਤ ਸ਼੍ਰੀ ਪਟਨਾ ਸਾਹਿਬ (ਬਿਹਾਰ), ਵਾਰਾਣਸੀ, ਅਯੋਧਿਆ ਅਤੇ ਵਰਿੰਦਾਵਨ (ਉਤਰ ਪ੍ਰਦੇਸ਼), ਸ਼੍ਰੀ ਅਜਮੇਰ ਸ਼ਰੀਫ (ਰਾਜਸਥਾਨ) ਦੀ ਯਾਤਰਾ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਸ਼੍ਰੀ ਅਨੰਦਪੁਰ ਸਾਹਿਬ, ਸ਼੍ਰੀ ਅੰਮ੍ਰਿਤਸਰ ਸਾਹਿਬ, ਸ਼੍ਰੀ ਸਾਲਾਸਰ ਧਾਮ, ਸ਼੍ਰੀ ਖਾਟੂ ਸ਼ਿਆਮ ਜੀ, ਮਾਤਾ ਚਿੰਤਪੁਰਨੀ ਜੀ, ਮਾਤਾ ਵੈਸ਼ਨੋ ਦੇਵੀ ਜੀ, ਮਾਤਾ ਜਵਾਲਾ ਜੀ ਆਦਿ ਸਥਾਨਾਂ ਦੀ ਯਾਤਰਾ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਵਧੇਰੇ ਉਮਰ ਅਤੇ ਆਰਥਿਕ ਤੰਗੀ ਕਾਰਨ ਪੰਜਾਬ ਅਤੇ ਭਾਰਤ ਦੇ ਪ੍ਰਮੁੱਖ ਧਾਰਮਿਕ ਸਥਾਨਾਂ ਦੇ ਦਰਸ਼ਨ ਕਰਨ ਤੋਂ ਵੰਚਿਤ ਲੋਕਾਂ ਲਈ ਮੁੱਖ ਮੰਤਰੀ ਤੀਰਥ ਯਾਤਰਾ ਸਕੀਮ ਵਰਦਾਨ ਸਿੱਧ ਹੋ ਰਹੀ ਹੈ।

ਮਾਮਲਾ ਫੀਡ ਨਾਲ ਬਿਮਾਰ ਹੋਏ ਪਸ਼ੂਆਂ ਦਾ

ਜਨਰਲ ਮੈਨੇਜਰ ਨੇ ਜਾਂਚ ਲਈ ਕਿਸਾਨਾਂ ਨਾਲ ਕੀਤੀ ਮੀਟਿੰਗ

ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ)

ਬਲਾਕ ਨੂਰਪੁਰ ਬੇਦੀ ਦੇ ਨਜ਼ਦੀਕੀ ਪਿੰਡ ਮੋਠਾ ਪੁਰ ਵਿਖੇ ਪਿਛਲੇ ਦਿਨੀ ਫੀਡ ਖਾਣ ਨਾਲ ਹੋਏ ਬਿਮਾਰ ਪਸ਼ੂਆਂ ਸਬੰਧੀ ਸੁਪਰ ਕੇਅਰ ਫੀਡ ਰਾਜਾ ਫੈਟ ਡੇਅਰੀ ਪ੍ਰੋਡਕਟ ਲਿਮ: ਕੰਪਨੀ ਦੇ ਜਨਰਲ ਮੈਨੇਜਰ ਰਾਹੁਲ ਗੁਪਤਾ ਅਤੇ ਉਨਾਂ ਦੀ ਟੀਮ ਵਲੋਂ ਪਿੰਡ ਮੋਠਾਪੁਰ ਵਿਖੇ ਬਿਮਾਰ ਹੋਏ ਪਸ਼ੂਆਂ ਸਬੰਧੀ ਜਾਣਕਾਰੀ ਇੱਕਤਰ ਕੀਤੀ ਗਈ। ਰਾਹੁਲ ਗੁਪਤਾ ਨੇ ਕਿਸਾਨਾਂ ਨੂੰ ਦੱਸਿਆ ਕਿ ਸੁਪਰ ਕੇਅਰ (ਰਾਜਾ ਫੈਟ ਐਂਡ ਫੀਡ ਪ੍ਰਾਇਵੇਟ ਲਿਮ: ਰਾਜਪੁਰ) ਇੰਟਰਨੈਸ਼ਨਲ ਕੰਪਨੀ ਹੈ ਅਤੇ ਨਿਊਟ੍ਰਿਕਾਨਾਂ ਕੰਪਨੀ ਸਾਡੇ ਕੋਲ ਕਿਰਾਏਦਾਰ ਹੈ । ਇਹ ਸਾਡੀ ਭਾਈਵਾਲ ਨਹੀ ਹੈ । ਭਾਰਤ ਦੇ ਕਿਸਾਨਾਂ ਦਾ ਸੁਪਰ ਕੇਅਰ (ਰਾਜ ਫੈਡ ਐਂਡ ਫੀਡ ਪ੍ਰਾਇਵੇਟ ਲਿਮ: ਰਾਜਪੁਰਾ) ਫੀਡ 'ਤੇ ਕਈ ਸਾਲਾ ਤੋ ਭਰੋਸ਼ਾ ਬਣਿਆ ਹੋਇਆ ਹੈ । ਜਿਸ ਨੂੰ ਕੋਈ ਸ਼ਰਾਰਤੀ ਅਨਸਰ ਖ਼ਤਮ ਨਹੀਂ ਕਰ ਸਕਦਾ ਅਤੇ ਨਾ ਹੀ ਅਸੀਂ ਕਿਸੇ ਨੂੰ ਕੰਪਨੀ ਦੇ ਭਰੋਸੇ ਨੂੰ ਤੋੜਨ ਦੀ ਇਜਾਜਤ ਨਹੀਂ ਦੇਵਾਂਗੇ । ਜੇਕਰ ਕਿਸੇ ਵਜਾਹ ਨਾਲ ਕਿਸਾਨ ਭਰਾਵਾਂ ਨੂੰ ਕੋਈ ਮੁਸ਼ਕਿਲ ਆਈ ਹੈ ਤਾਂ ਉਸ ਦੀ ਅਸੀਂ ਤਹਿ ਤੱਕ ਜਾਵਾਗੇ । ਕੰਪਨੀ ਦੇ ਅਧਿਕਾਰੀਆਂ ਨੇ ਫੀਡ ਦੇ ਸੈਂਪਲ ਲੈ ਲਏ ਹਨ ਅਤੇ ਜਿਸ ਦਾ ਲੈਬੋਰੇਟਰੀ ਟੈਸਟ ਕੰਪਨੀ ਵਲੋਂ ਕਰਵਾਇਆ ਜਾਵੇਗਾ । ਇਸ ਮੌਕੇ ਉਨਾਂ ਦੇ ਨਾਲ ਮਨਦੀਪ ਸਿੰਘ ਨੈਸ਼ਨਲ ਸੇਲਸ ਹੈਡ ਮੈਨੇਜਰ ਅਤੇ ਕੰਪਨੀ ਦੇ ਅਧਿਕਾਰੀ ਹਾਜਰ ਸਨ।

ਸੰਘਰਸ਼ਾਂ ਦੇ ਮੋਹਰੀ ਆਗੂ ਰਹੇ ਪ੍ਰੀਤਮ ਸਿੰਘ ਆਜ਼ਾਦ ਨੂੰ ਕੀਤਾ ਸਨਮਾਨਿਤ

ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)

ਪਿਛਲੇ ਦਿਨੀਂ ਪੰਜਾਬ ਪੈਂਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਫਗਵਾੜਾ ਵਲੋਂ ਪੈਂਨਸ਼ਨਰ ਦਿਵਸ ਪ੍ਰਧਾਨ ਮੋਹਣ ਸਿੰਘ ਭੱਟੀ ਦੀ ਪ੍ਰਧਾਨਗੀ ਹੇਠ ਮਨਾਇਆ ਗਿਆ। ਪੈਂਨਸਨਰ ਦਿਵਸ ਮਨਾਉਣ ਸਮੇਂ ਜ਼ਿੰਦਗੀ ਦੀਆਂ ਅੱਸੀ ਤੋਂ ਉੱਪਰ ਬਹਾਰਾਂ ਮਾਣ ਚੁੱਕੇ ਪੈਂਨਸਨਰ ਸਾਥੀਆਂ ਦਾ ਸਨਮਾਨ ਕੀਤਾ ਗਿਆ ਸੀ। ਉਸ ਦਿਨ ਸਾਥੀ ਪ੍ਰੀਤਮ ਸਿੰਘ ਆਜਾਦ (97) ਕਿਸੇ ਮਜਬੂਰੀ ਵੱਸ ਪੈਂਨਸ਼ਨਰ ਦਿਵਸ ਸਮਾਗਮ ਵਿੱਚ ਸ਼ਿਰਕਤ ਨਹੀਂ ਕਰ ਸਕੇ ਸਨ। ਪੰਜਾਬ ਪੈਂਨਸ਼ਨਰਜ ਵੈੱਲਫੇਅਰ ਐਸੋਸੀਏਸ਼ਨ ਫਗਵਾੜਾ ਵਲੋਂ ਕੀਤੇ ਗਏ ਸਰਬਸੰਮਤੀ ਦੇ ਫੈਸਲੇ ਅਨੁਸਾਰ ਪ੍ਰਧਾਨ ਮੋਹਣ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਸੂਬਾਈ ਪੈਂਨਸ਼ਨਰ ਆਗੂ ਕਰਨੈਲ ਸਿੰਘ ਸੰਧੂ, ਹਰਭਜਨ ਲਾਲ ਕੌਲ, ਸਤਪਾਲ ਸਿੰਘ,ਪ੍ਰਭਾਤ ਕੁਮਾਰ ਆਦਿ ਸਾਥੀਆਂ ਨੇ ਪੂਰੀ ਜ਼ਿੰਦਗੀ ਸੰਘਰਸ਼ਾਂ ਦੇ ਮੋਹਰੀ ਰਹੇ ਯੋਧੇ ਸਾਥੀ ਪ੍ਰੀਤਮ ਸਿੰਘ ਆਜਾਦ ਨੂੰ ਸਨਮਾਨਿਤ ਕੀਤਾ। ਆਜਾਦ ਨੇ ਆਪਣੀ ਜ਼ਿੰਦਗੀ ਦੇ ਸੰਘਰਸ਼ਾਂ ਦੀ ਸਾਂਝ ਪਾਉਂਦੇ ਦੱਸਿਆ ਕਿ ਕਿਵੇਂ ਉਹਨਾਂ ਨੇ 1950 ਤੋਂ ਗੌਰਮਿੰਟ ਟੀਚਰਜ ਯੂਨੀਅਨ ਦੀਆਂ ਸਰਗਰਮੀਆਂ ਵਿੱਚ ਹਿੱਸਾ ਲੈਣਾ ਸ਼ੁਰੂ ਕੀਤਾ। 1952-53 ਵਿੱਚ ਪੈਪਸੂ ਦੀ ਸਰਕਾਰ ਵਲੋਂ ਟ੍ਰੇਨਿੰਗ 'ਤੇ ਭੇਜੇ ਗਏ ਅਧਿਆਪਕਾਂ ਦੀਆਂ ਰੋਕੀਆਂ ਤਨਖਾਹਾਂ ਨੂੰ ਬਹਾਲ ਕਰਵਾਉਣ ਲਈ ਸੰਘਰਸ਼ੀ ਜਿੱਤ ਪ੍ਰਾਪਤ ਕੀਤੀ। 50ਵਿਆਂ ਵਿੱਚ ਹੀ ਉਹ ਕਮਿਊਨਿਸਟ ਪਾਰਟੀ ਦੇ ਸੰਪਰਕ ਵਿੱਚ ਆ ਗਏ। ਸਿਆਸੀ ਸਰਗਰਮੀਆਂ ਵਿੱਚ ਹਿੱਸਾ ਲੈਣ ਕਰਕੇ ਆਪ ਨੂੰ ਸਰਕਾਰੀ ਨੌਕਰੀ ਤੋਂ ਪੈਪਸੂ ਸਰਕਾਰ ਵਲੋਂ ਸਸਪੈਂਡ ਵੀ ਕੀਤਾ ਗਿਆ। ਉਹਨਾਂ ਦੀ ਜ਼ਿੰਦਗੀ ਦੇ ਸੰਘਰਸਾਂ ਦੀ ਗਾਥਾ ਸੁਣ ਕੇ ਸਨਮਾਨਿਤ ਕਰਨ ਗਏ ਪੈਂਨਸਨਰ ਆਗੂਆਂ ਨੂੰ ਵੀ ਉਤਸ਼ਾਹ ਮਿਲਿਆ ਕਿ ਆਪਣੇ ਬੁਢੇਪੇ ਦੀ ਡੰਗੋਰੀ ਪੁਰਾਣੀ ਪੈਂਨਸ਼ਨ ਨੂੰ ਬਹਾਲ ਰੱਖਣ ਲਈ ਮੌਜੂਦਾ ਸਰਕਾਰਾਂ ਦੇ ਵਿਰੁੱਧ ਲਗਾਤਾਰ ਸੰਘਰਸ਼ ਕਰਨਾ ਹੀ ਪੈਣਾ ਹੈ ਕਿਉਂਕਿ ਮੌਜੂਦਾ ਸਰਕਾਰਾਂ ਨੇ 2004 ਤੋਂ ਨਿਯੁਕਤ ਮੁਲਾਜਮਾਂ ਦੀ ਪੁਰਾਣੀ ਪੈਂਨਸਨ ਬੰਦ ਕਰ ਕੇ ਨਿਊ ਪੈਨਸ਼ਨ ਸਕੀਮ ਚਾਲੂ ਕੀਤੀ ਹੋਈ ਹੈ,ਜੋ ਸਿਰਫ ਤੇ ਸਿਰਫ ਨਾਂਅ ਦੀ ਹੀ ਪੈਂਨਸ਼ਨ ਹੈ ਅਤੇ ਵਿੱਚ ਕੁੱਝ ਵੀ ਨਹੀਂ ਹੈ।

ਚਾਰ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਸੰਬੰਧੀ ਕੁਇੱਜ਼ ਕੰਪੀਟੀਸ਼ਨ 23 ਨੂੰ

ਟਾਂਡਾ ਉੜਮੁੜ, (ਉਂਕਾਰ ਸਿੰਘ, ਜਸਵਿੰਦਰ ਸੰਧੂ)-ਸਰਬੰਸ ਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਲਖਤੇ ਜਿਗਰ ਚਾਰ ਸਾਹਿਬਜ਼ਾਦਿਆਂ ਕੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਿਤ ਸ਼੍ਰੀ ਗੁਰੂ ਰਾਮਦਾਸ ਜੀ ਸੇਵਾ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਜੀ.ਆਰ.ਡੀ ਇੰਟਰਨੈਸ਼ਨਲ ਸਕੂਲ ਟਾਂਡਾ ਵਿਖੇ ਕੁਇਜ਼ ਕੰਪੀਟੀਸ਼ਨ 23 ਦਸੰਬਰ ਨੂੰ ਕਰਵਾਇਆ ਜਾਵੇਗਾ।ਸੰਸਥਾ ਦੀ ਚੇਅਰ ਪਰਸਨ ਪ੍ਰਦੀਪ ਕੌਰ. ਐਮ. ਡੀ ਬਿਕਰਮ ਸਿੰਘ ਤੇ ਪ੍ਰਬੰਧਕ ਅਮਨਦੀਪ ਸਿੰਘ ਸ਼ਾਹੀ ਦੀ ਅਗਵਾਈ ਵਿੱਚ ਹੋਣ ਵਾਲੇ ਇਸ ਕੰਪੀਟੀਸ਼ਨ ਸਬੰਧੀ ਜਾਣਕਾਰੀ ਦਿੰਦਿਆਂ ਸੰਸਥਾ ਦੇ ਮੈਨੇਜਰ ਸਰਬਜੀਤ ਸਿੰਘ ਮੋਮੀ ਤੇ ਪ੍ਰਿੰਸੀਪਲ ਅਮਨਦੀਪ ਕੌਰ ਢਿੱਲੋਂ ਨੇ ਦੱਸਿਆ ਕਿ ਇਸ ਕੰਪੀਟੀਸ਼ਨ ਵਿੱਚ ਸਕੂਲ ਦੇ ਪਹਿਲੀ ਤੋਂ ਦਸਵੀਂ ਕਲਾਸ ਤੱਕ ਤੇ ਵਿਦਿਆਰਥੀ ਭਾਗ ਲੈਣਗੇ। ਇਹਨਾਂ ਮੁਕਾਬਲਿਆਂ ਦੌਰਾਨ ਵਿਦਿਆਰਥੀਆਂ ਕੋਲੋਂ ਚਾਰ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਜੀਵਨ ਇਤਿਹਾਸ ਨਾਲ ਸੰਬੰਧਿਤ ਪ੍ਰਸ਼ਨ ਪੁੱਛੇ ਜਾਣਗੇ।ਮੁਕਾਬਲੇ ਵਿੱਚ ਪਹਿਲੇ, ਦੂਸਰੇ, ਤੀਸਰੇ ਤੇ ਚੌਥੇ ਸਥਾਨ 'ਤੇ ਰਹਿਣ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਜਾਵੇਗਾ।ਇਸ ਮੌਕੇ ਗੁਰਪ੍ਰੀਤ ਕੌਰ, ਬਲਜੀਤ ਕੌਰ, ਤਜਿੰਦਰ ਕੌਰ, ਹਰਿੰਦਰ ਕੌਰ, ਮੈਡਮ ਰਜਨੀ ਸੈਣੀ, ਸੀਮਾ ਜਾਜਾ ,ਕਸ਼ਮੀਰ ਕੌਰ, ਹਰਦੀਪ ਕੌਰ, ਮਨਪ੍ਰੀਤ ਕੌਰ, ਸਿਮਰਨ ਕੌਰ ਵੀ ਹਾਜਰ ਸਨ।

ਪੁਲਸ ਪ੍ਰਸ਼ਾਸਨ ਨੇ ਸਿੱਖ ਨੈਸ਼ਨਲ ਕਾਲਜ ਵਿਖੇ ਕਰਵਾਇਆ ਫੁੱਟਬਾਲ ਟੂਰਨਾਮੈਂਟ

ਬਹਿਰਾਮ, ਨਵਾਂਸ਼ਹਿਰ (ਅਵਤਾਰ ਕਲੇਰ, ਕੁਲਵਿੰਦਰ ਸਿੰਘ ਦੁਰਗਾਪੁਰੀਆ)

ਸਿੱਖ ਨੈਸ਼ਨਲ ਕਾਲਜ ਵਿਖੇ ਨਸ਼ਿਆਂ ਦੀ ਰੋਕਥਾਮ ਸਬੰਧੀ ਸੰਦੇਸ਼ ਦਿੰਦਿਆਂ ਪੰਜਾਬ ਪੁਲਸ ਵੱਲੋਂ ਫੁੱਟਬਾਲ ਦਾ ਟੂਰਨਾਮੈਂਟ ਕਰਵਾਇਆ ਗਿਆ। ਟੂਰਨਾਮੈਂਟ ਵਿੱਚ ਵਿਧਾ